ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

International Daily Newspaper & WEB TV

(ਯੂ. ਕੇ. ਤੋਂ ਪ੍ਰਕਾਸ਼ਿਤ)

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 28 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੧੭ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵੱਡਾ ਹਾਦਸਾ: ਸਿਲੰਡਰਾਂ ਨਾਲ ਭਰੇ ਟਰੱਕ ਦੀ ਕਾਰ ਨਾਲ ਭਿਆਨਕ ਟੱਕਰ



**ਗੜ੍ਹਸ਼ੰਕਰ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੜ੍ਹਸ਼ੰਕਰ-ਹੁਸ਼ਿਆਰਪੁਰ ਰੋਡ ਪਿੰਡ ਗੋਲ਼ੀਆਂ ਨੇੜੇ ਸਿਲੰਡਰਾਂ ਨਾਲ ਭਰੇ ਟਰੱਕ ਅਤੇ ਕਾਰ ਦੀ ਭਿਆਨਕ ਟੱਕਰ ਹੋਣ ਕਾਰਨ ਸੜਕ ਹਾਦਸਾ ਵਾਪਰ ਗਿਆ। ਜਾਣਕਾਰੀ ਅਨੁੰਸਾਰ ਸੁਰਜੀਤ ਸਿੰਘ ਪੁੱਤਰ ਜਗੀਰ ਸਿੰਘ ਭਾਰਤ ਗੈਸ ਨਾਲ ਭਰੇ ਸਿਲੰਡਰਾਂ ਵਾਲੇ ਟਰੱਕ ਨੂੰ ਲੈ ਕੇ ਜੰਮੂ ਤੋਂ ਲਾਲੜੂ ਚੰਡੀਗੜ੍ਹ ਨੂੰ ਜਾ ਰਿਹਾ ਸੀ। ਇਸੇ ਦੌਰਾਨ ਜਦੋਂ ਉਹ ਉਕਤ ਅਸਥਾਨ 'ਤੇ ਪੁੱਜਾ ਤਾਂ ਗੜ੍ਹਸ਼ੰਕਰ ਵਾਲੀ ਸਾਈਡ ਤੋਂ ਆ ਰਹੀ ਕਾਰ ਨਾਲ ਭਿਆਨਕ ਟੱਕਰ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਦੋਵੇਂ ਗੱਡੀਆਂ ਨੁਕਸਾਨੀਆਂ ਗਈਆਂ। ਹਾਦਸੇ ਉਪਰੰਤ ਥਾਣਾ ਗੜ੍ਹਸ਼ੰਕਰ ਤੋਂ ਏ. ਐੱਸ. ਆਈ. ਰਵੀਸ਼ ਕੁਮਾਰ ਨੇ ਮੌਕੇ 'ਤੇ ਪਹੁੰਚ ਕੇ ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਗੜ੍ਹਸ਼ੰਕਰ ਦਾਖ਼ਲ ਕਰਵਾ ਕੇ ਬਣਦੀ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ ਹੈ।

## ਕੈਬਨਿਟ ਮੀਟਿੰਗ ਦੌਰਾਨ

# ਪੰਜਾਬ ਕੈਬਨਿਟ ਵੱਲੋਂ ਅਹਿਮ ਫ਼ੈਸਲੇ

**ਚੰਡੀਗੜ੍ਹ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਹੋਈ। ਇਸ ਦੌਰਾਨ ਕੈਬਨਿਟ ਵੱਲੋਂ ਕਈ ਅਹਿਮ ਫ਼ੈਸਲੇ ਲਏ ਗਏ। ਇਸੇ ਤਹਿਤ ਪੰਜਾਬ ਜਨਮ ਤੇ ਮੌਤ ਰਜਿਸਟ੍ਰੇਸ਼ਨ ਨਿਯਮ 2004 ਵਿਚ ਵੀ ਸੋਧ ਕੀਤੀ ਗਈ ਹੈ। ਇਸ ਤਹਿਤ ਹੁਣ ਮੌਤ ਸਰਟੀਫ਼ਿਕੇਟ ਦੇ ਵਿਚ ਡਾਕਟਰ ਵੱਲੋਂ ਵਿਅਕਤੀ ਦੀ ਮੌਤ ਦਾ ਕਾਰਨ ਲਿਖਣਾ ਵੀ ਲਾਜ਼ਮੀ ਹੋਵੇਗਾ। ਕੈਬਨਿਟ ਮੀਟਿੰਗ ਮਗਰੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਦੌਰਾਨ ਲਏ ਗਏ ਫ਼ੈਸਲਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਮੀਟਿੰਗ ਵਿਚ ਇਹ ਫ਼ੈਸਲਾ ਲਿਆ ਗਿਆ ਹੈ ਕਿ ਜੇਕਰ ਕਿਸੇ ਵਿਅਕਤੀ ਦੀ ਮੌਤ ਕਿਸੇ ਬਿਮਾਰੀ ਕਾਰਨ ਹੁੰਦੀ ਹੈ ਤਾਂ ਡਾਕਟਰ ਨੂੰ ਉਸ ਦੀ ਮੌਤ ਦਾ ਕਾਰਨ ਸਰਟੀਫ਼ਿਕੇਟ ਵਿਚ ਲਿਖਣਾ ਪਵੇਗਾ। ਉਨ੍ਹਾਂ ਕਿਹਾ ਕਿ ਕਈ ਵਾਰ ਮਰੇ ਹੋਏ ਜਾਂ ਕੋਮਾ 'ਚ ਗਏ ਵਿਅਕਤੀ ਦਾ ਅੰਗੂਠਾ ਲਵਾ ਕੇ ਵਸੀਅਤ ਕਰ ਲਈ ਜਾਂਦੀ ਸੀ, ਪਰ ਹੁਣ ਇਸ ਫ਼ੈਸਲੇ ਨਾਲ ਡਾਕਟਰ ਦੀ ਰਿਪੋਰਟ ਵਿਚ ਸਾਰੀ ਅਸਲੀਅਤ ਦਾ ਪਤਾ ਲੱਗ ਜਾਇਆ ਕਰੇਗਾ। ਉਨ੍ਹਾਂ ਮਿਸਾਲ ਦਿੰਦਿਆਂ ਦੱਸਿਆ ਕਿ ਜਿਵੇਂ ਕਿਸੇ ਦੀ ਮੌਤ ਤੋਂ 4 ਦਿਨ ਪਹਿਲਾਂ ਵਸੀਅਤ ਹੋਈ ਹੋਵੇ, ਪਰ ਹੁਣ ਡਾਕਟਰ ਦੱਸ ਦੇਵੇਗਾ ਕਿ ਉਹ ਵਿਅਕਤੀ 3 ਮਹੀਨਿਆਂ ਤੋਂ ਕੋਮਾ ਵਿਚ ਸੀ, ਜਿਸ ਨਾਲ ਧੋਖਾਧੜੀ ਨੂੰ ਰੋਕਿਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਨਾਲ ਲੋਕਾਂ ਨੂੰ ਅਜਿਹੇ ਕਈ ਮਾਮਲਿਆਂ ਵਿਚ ਰਾਹਤ ਮਿਲੇਗੀ। ਪੰਜਾਬ ਕੈਬਨਿਟ ਵੱਲੋਂ ਸੂਬੇ ਦੀ ਨਵੀਂ ਆਬਕਾਰੀ ਨੀਤੀ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਵਾਰ ਫ਼ਿਰ ਦੁਬਾਰਾ ਈ-ਟੈਂਡਰਿੰਗ ਕੀਤੀ ਜਾਵੇਗੀ। ਇਸ ਵਾਰ ਆਬਕਾਰੀ ਨੀਤੀ ਤੋਂ ਮਾਲੀਏ ਦਾ ਟੀਚਾ ਵਧਾ ਕੇ 11 ਹਜ਼ਾਰ 20 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਇਸ ਸਬੰਧੀ ਵਿਸਥਾਰਤ ਜਾਣਕਾਰੀ ਸਾਂਝੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅਕਾਲੀ-ਦਲ ਭਾਜਪਾ ਦੀ ਸਰਕਾਰ ਵੇਲੇ ਆਬਕਾਰੀ ਨੀਤੀ ਤੋਂ ਪੰਜਾਬ ਦਾ ਮਾਲੀਆ 6100 ਕਰੋੜ ਰੁਪਏ ਤਕ ਸੀਮਤ ਸੀ। ਸਾਡੀ ਸਰਕਾਰ ਨੇ 2024-25 ਵਿਚ 10,145 ਕਰੋੜ ਰੁਪਏ ਦਾ ਟੀਚਾ ਰੱਖਿਆ ਸੀ ਤੇ ਅਸੀਂ ਇਸ ਨੂੰ ਪੂਰਾ ਕਰਦਿਆਂ 10,200 ਕਰੋੜ ਰੁਪਏ ਦਾ ਮਾਲੀਆ ਇਕੱਠਾ ਕਰਨ ਜਾ ਰਹੇ ਹਾਂ। ਇਸ ਵਾਰ ਮਾਲੀਏ ਦਾ ਟੀਚਾ ਵਧਾ ਕੇ 11 ਹਜ਼ਾਰ 20 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਇਸ ਵਾਰ 207 ਗਰੁੱਪ ਹੋਣਗੇ।



## ਕੇਂਦਰ ਦਾ ਪੰਜਾਬ ਨੂੰ ਝਟਕਾ ! ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਦਾ ਇੱਕ ਪ੍ਰੋਜੈਕਟ ਰੱਦ

**ਨਵੀਂ ਦਿੱਲੀ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ ਪੰਜਾਬ ਨੂੰ ਇੱਕ ਹੋਰ ਝਟਕਾ ਦਿੱਤਾ ਹੈ। ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਨੇ ਪੰਜਾਬ ਅੰਦਰ ਇੱਕ ਹੋਰ ਪ੍ਰੋਜੈਕਟ ਰੱਦ ਕਰ ਦਿੱਤਾ ਹੈ। ਇਹ ਪ੍ਰੋਜੈਕਟ ਜ਼ਮੀਨ ਹਾਸਲ ਨਾ ਹੋਣ ਕਰਕੇ ਕੀਤਾ ਗਿਆ ਹੈ। ਕਿਸਾਨ ਵੱਧ ਮੁਆਵਜ਼ੇ ਲਈ ਵਿਰੋਧ ਕਰ ਰਹੇ ਹਨ ਜਿਸ ਤੋਂ ਖਫਾ ਹੋ ਕੇ ਐਨਐਚਏਆਈ ਨੇ ਇਹ ਕਦਮ ਚੁੱਕਿਆ ਹੈ। ਹਾਸਲ ਜਾਣਕਾਰੀ ਮੁਤਾਬਕ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ 'ਤੇ ਤਰਨ ਤਾਰਨ ਦੇ ਧੂੰਦਾ ਪਿੰਡ ਤੋਂ ਅੰਮ੍ਰਿਤਸਰ ਦੇ ਮਾਨਵਾਲਾ ਤੱਕ ਦੇ ਪ੍ਰੋਜੈਕਟ ਨੂੰ ਰੋਕ ਦਿੱਤਾ ਗਿਆ ਹੈ। ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਨੇ ਜਿਸ ਕੰਪਨੀ ਨੂੰ ਇਹ ਪ੍ਰੋਜੈਕਟ ਦਿੱਤਾ ਸੀ, ਉਸ ਕੰਪਨੀ ਨੂੰ ਵੀ ਰੱਦ ਕਰ ਦਿੱਤਾ ਗਿਆ ਹੈ। ਦਰਅਸਲ 1071 ਕਰੋੜ ਰੁਪਏ ਦੇ ਇਸ ਪ੍ਰੋਜੈਕਟ ਨੂੰ ਰੋਕ ਦਿੱਤਾ ਗਿਆ ਹੈ ਕਿਉਂਕਿ ਇੱਥੇ ਬਣਨ ਵਾਲੇ ਐਕਸਪ੍ਰੈਸਵੇਅ ਦੇ ਹਿੱਸੇ ਲਈ ਜ਼ਮੀਨ ਅਜੇ ਤੱਕ ਪ੍ਰਾਪਤ ਨਹੀਂ ਕੀਤੀ ਗਈ। ਇਸ ਕਾਰਨ ਟੈਂਡਰ ਰੱਦ ਕਰ ਦਿੱਤਾ ਗਿਆ ਹੈ। ਠੇਕਾ ਲੈਣ ਵਾਲੀ ਕੰਪਨੀ ਨੇ ਇਹ ਜਾਣਕਾਰੀ ਸਟਾਕ ਐਕਸਚੇਂਜ ਨੂੰ ਦਿੱਤੀ ਹੈ। ਇਹ ਜਾਣਕਾਰੀ ਉਸੇ ਪੱਤਰ ਤੋਂ ਪ੍ਰਾਪਤ ਹੋਈ ਸੀ। ਦੱਸ ਦਈਏ ਕਿ 699 ਕਿਲੋਮੀਟਰ ਲੰਬਾ ਦਿੱਲੀ-ਅੰਮ੍ਰਿਤਸਰ-ਕਟੜਾ ਗ੍ਰੀਨਫੀਲਡ ਐਕਸਪ੍ਰੈਸਵੇਅ 40 ਹਜ਼ਾਰ ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਹੈ। ਇਸ ਦੇ ਬਣ ਜਾਣ 'ਤੇ ਦਿੱਲੀ ਤੋਂ ਅੰਮ੍ਰਿਤਸਰ 4 ਘੰਟੇ 'ਚ ਅਤੇ ਕਟੜਾ ਤੋਂ ਦਿੱਲੀ 6 ਘੰਟੇ 'ਚ ਪਹੁੰਚਣਾ ਸੰਭਵ ਹੋਵੇਗਾ। ਇਸ ਸਮੇਂ ਦਿੱਲੀ ਤੋਂ ਕਟੜਾ ਦੀ ਦੂਰੀ 727 ਕਿਲੋਮੀਟਰ ਹੈ ਤੇ ਇਸ ਮਾਰਗ ਦੇ ਬਣਨ ਨਾਲ ਇਹ ਦੂਰੀ 58 ਕਿਲੋਮੀਟਰ ਘੱਟ ਜਾਵੇਗੀ। ਦਿੱਲੀ ਦੇ ਕੇਐਮਪੀ ਤੋਂ ਸ਼ੁਰੂ ਹੋਣ ਵਾਲੇ ਹਰਿਆਣਾ ਵਿੱਚ ਬਣਾਏ ਜਾ ਰਹੇ ਇਸ ਐਕਸਪ੍ਰੈਸ ਵੇਅ ਦੀ ਲੰਬਾਈ 137 ਕਿਲੋਮੀਟਰ ਹੈ। ਇਸ ਪੰਜਾਬ ਐਕਸਪ੍ਰੈਸ ਵੇਅ ਦੀ ਲੰਬਾਈ 399 ਕਿਲੋਮੀਟਰ ਹੈ, ਜਿਸ ਵਿੱਚੋਂ 296 ਕਿਲੋਮੀਟਰ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਜੰਮੂ-ਕਸ਼ਮੀਰ 'ਚ ਇਸ ਐਕਸਪ੍ਰੈੱਸ ਵੇਅ ਦੀ ਲੰਬਾਈ 135 ਕਿਲੋਮੀਟਰ ਹੈ ਜਿਸ 'ਚੋਂ 120 ਕਿਲੋਮੀਟਰ ਦਾ ਨਿਰਮਾਣ ਚੱਲ ਰਿਹਾ ਹੈ। ਪੰਜਾਬ ਵਿੱਚ ਇਹ ਐਕਸਪ੍ਰੈਸਵੇਅ ਪਟਿਆਲਾ, ਸੰਗਰੂਰ, ਮਲੇਰਕੋਟਲਾ, ਲੁਧਿਆਣਾ, ਜਲੰਧਰ, ਕਪੂਰਥਲਾ, ਗੁਰਦਾਸਪੁਰ ਵਰਗੇ ਉਦਯੋਗਿਕ ਖੇਤਰਾਂ ਵਿੱਚੋਂ ਲੰਘੇਗਾ।

## ਹੁਣ ਪੰਜਾਬੀਆਂ ਨਾਲ ਵੀਜ਼ੇ ਦੇ ਨਾਂ 'ਤੇ ਨਹੀਂ ਹੋ ਪਾਵੇਗੀ ਠੱਗੀ, ਯੂਕੇ ਵੱਲੋਂ ਸ਼ੁਰੂ ਹੋਈ ਇਹ ਮੁਹਿੰਮ

**ਜਲੰਧਰ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਯੂਕੇ ਸਰਕਾਰ ਨੇ 27 ਫਰਵਰੀ ਨੂੰ 'ਵੀਜ਼ਾ ਫ਼ਰੌਡ ਤੋਂ ਬਚੋ' ਮੁਹਿੰਮ ਦੀ ਸ਼ੁਰੂਆਤ ਕੀਤੀ, ਜੋ ਕਿ ਭਾਰਤੀ ਨਾਗਰਿਕਾਂ ਨੂੰ ਵੀਜ਼ਾ ਧੋਖਾਧੜੀ ਅਤੇ ਅਣਕਾਨੂੰਨੀ ਇਮੀਗ੍ਰੇਸ਼ਨ ਦੇ ਜੋਖਮਾਂ ਤੋਂ ਬਚਾਉਣ ਲਈ ਚਲਾਈ ਗਈ ਹੈ। ਇਸ ਮੁਹਿੰਮ ਤਹਿਤ ਇੱਕ ਨਵਾਂ ਸਮਰਪਿਤ ਵਾਟਸਐਪ ਸਹਾਇਤਾ ਨੰਬਰ ( 91 70652 51380) ਸ਼ੁਰੂ ਕੀਤਾ ਗਿਆ ਹੈ, ਜੋ ਕਿ ਅੰਗ੍ਰੇਜ਼ੀ ਅਤੇ ਪੰਜਾਬੀ ਭਾਸ਼ਾਵਾਂ ਵਿੱਚ ਉਪਲਬਧ ਹੈ। ਇਹ ਸਹਾਇਤਾ ਨੰਬਰ ਆਮ ਵੀਜ਼ਾ ਫ਼ਰੌਡ ਤਕਨੀਕਾਂ ਦੀ ਪਹਿਚਾਣ ਕਰਨ ਵਿੱਚ ਮਦਦ ਕਰੇਗਾ ਅਤੇ ਉਨ੍ਹਾਂ ਲੋਕਾਂ ਨੂੰ ਸਹੀ ਜਾਣਕਾਰੀ ਪ੍ਰਦਾਨ ਕਰੇਗਾ, ਜੋ ਕਿ ਕਾਨੂੰਨੀ ਤਰੀਕਿਆਂ ਰਾਹੀਂ ਯੂਕੇ ਜਾਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਮੁਹਿੰਮ ਜਲੰਧਰ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਸ਼ੁਰੂ ਕੀਤੀ ਗਈ, ਜਿਸ ਦੌਰਾਨ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਚਾਂਸਲਰ ਅਤੇ ਰਾਜ ਸਭਾ ਸਾਂਸਦ ਡਾ. ਅਸ਼ੋਕ ਕੁਮਾਰ ਮਿੱਤਲ ਵੀ ਮੌਜੂਦ ਰਹੇ। ਵਾਟਸਐਪ ਸਹਾਇਤਾ ਨੰਬਰ ਤੋਂ ਇਲਾਵਾ, ਮੁਹਿੰਮ ਲੋਕਾਂ ਨੂੰ ਵੀਜ਼ਾ ਧੋਖਾਧੜੀ ਦੇ ਆਮ ਚਿੰਨ੍ਹਾਂ ਬਾਰੇ ਵੀ ਸਚੇਤ ਕਰੇਗੀ। ਲੋਕਾਂ ਨੂੰ ਉਹਨਾਂ ਝੂਠੇ ਵਾਅਦਿਆਂ ਤੋਂ ਸਾਵਧਾਨ ਰਹਿਣ ਦੀ ਸਲਾਹ ਦਿੱਤੀ ਜਾਵੇਗੀ, ਜਿਵੇਂ ਕਿ ਯੂਕੇ ਵਿੱਚ ਨੌਕਰੀ ਦੀ ਗਾਰੰਟੀ, ਆਈਲੈਟਸ (ਅੰਗਰੇਜ਼ੀ-ਭਾਸ਼ਾ ਟੈਸਟ) ਦੀ ਕੋਈ ਲੋੜ ਨਾ ਹੋਣਾ, ਅਤੇ ਅਣਗੌਲੀਆਂ ਉੱਚੀਆਂ ਫੀਸਾਂ ਦੀ ਮੰਗ। ਵੀਜ਼ਾ ਧੋਖਾਧੜੀ ਲੋਕਾਂ ਨੂੰ ਵਿੱਤੀ ਤੌਰ 'ਤੇ ਕਰਜ਼ੇ ਵਿੱਚ ਡੋਬਣ 'ਤੇ ਮਜਬੂਰ ਕਰ ਸਕਦੀ ਹੈ ਅਤੇ ਉਨ੍ਹਾਂ ਨੂੰ ਸ਼ੋਸ਼ਣ ਅਤੇ ਹਿੰਸਾ ਦਾ ਸ਼ਿਕਾਰ ਬਣਾਉਂਦੀ ਹੈ। ਵੀਜ਼ਾ ਧੋਖਾਧੜੀ ਕਰਨ ਵਾਲੇ ਵਿਅਕਤੀ ਨੂੰ ਯੂਕੇ ਵਿੱਚ ਦਾਖਲ ਹੋਣ 'ਤੇ 10 ਸਾਲ ਦੀ ਪਾਬੰਦੀ ਲੱਗ ਸਕਦੀ ਹੈ। ਯੂਕੇ ਅਤੇ ਭਾਰਤ ਵਿਚਾਲੇ Mobility and Migration Partnership Agreement ਤਹਿਤ, ਦੋਵਾਂ ਦੇਸ਼ ਅਣਕਾਨੂੰਨੀ ਇਮੀਗ੍ਰੇਸ਼ਨ ਅਤੇ ਵੀਜ਼ਾ ਫ਼ਰੌਡ ਨੂੰ ਰੋਕਣ ਲਈ ਪ੍ਰਤਿਬੱਧ ਹਨ। ਭਾਰਤ ਲਈ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਕਰਿਸਟੀਨਾ ਸਕਾਟ ਨੇ ਕਿਹਾ, "ਯੂਕੇ 'ਚ ਘੁੰਮਣ, ਪੜ੍ਹਾਈ ਕਰਨ ਅਤੇ ਕੰਮ ਕਰਨ ਦੇ ਮੌਕੇ ਪਹਿਲਾਂ ਤੋਂ ਵਧੇਰੇ ਹਨ, ਅਤੇ ਭਾਰਤੀ ਨਾਗਰਿਕ ਯੂਕੇ ਦੇ ਸਰਵਾਧਿਕ ਵੀਜ਼ਿਆਂ ਦੀ ਪ੍ਰਾਪਤੀ ਕਰ ਰਹੇ ਹਨ। ਪਰ, ਬਹੁਤ ਸਾਰੇ ਨੌਜਵਾਨ ਆਪਣੇ ਸੁਪਨੇ ਸਾਕਾਰ ਕਰਨ ਦੀ ਕੋਸ਼ਿਸ਼ ਦੌਰਾਨ ਵੀਜ਼ਾ ਧੋਖਾਧੜੀ ਦੇ ਸ਼ਿਕਾਰ ਬਣ ਰਹੇ ਹਨ। ਇਸੇ ਲਈ ਅਸੀਂ 'ਵੀਜ਼ਾ ਫ਼ਰੌਡ ਤੋਂ ਬਚੋ' ਮੁਹਿੰਮ ਦੀ ਸ਼ੁਰੂਆਤ ਕਰ ਰਹੇ ਹਾਂ, ਜੋ ਕਿ ਲੋਕਾਂ ਨੂੰ ਸੁਰੱਖਿਅਤ ਅਤੇ ਕਾਨੂੰਨੀ ਤਰੀਕਿਆਂ ਦੀ ਜਾਣਕਾਰੀ ਦੇਣ ਵਿੱਚ ਮਦਦ ਕਰੇਗੀ।" ਚੰਡੀਗੜ੍ਹ ਲਈ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਕੈਰੋਲੀਨ ਰੋਵੈੱਟ ਨੇ ਕਿਹਾ, "ਪੰਜਾਬ ਆਪਣੇ ਮਿਹਨਤੀ ਅਤੇ ਮਹੱਤਵਕਾਂਸ਼ੀ ਲੋਕਾਂ ਲਈ ਪ੍ਰਸਿੱਧ ਹੈ, ਜਿਨ੍ਹਾਂ ਨੇ ਯੂਕੇ ਅਤੇ ਵਿਸ਼ਵ ਪੱਧਰ 'ਤੇ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਅਸੀਂ ਚਾਹੁੰਦੇ ਹਾਂ ਕਿ ਉਹਨਾਂ ਦੇ ਸੁਪਨੇ ਕਾਨੂੰਨੀ ਅਤੇ ਸੁਰੱਖਿਅਤ ਢੰਗ ਨਾਲ ਪੂਰੇ ਹੋਣ। ਅਸੀਂ ਲੋਕਾਂ ਨੂੰ 'ਵੀਜ਼ਾ ਫ਼ਰੌਡ ਤੋਂ ਬਚੋ' ਸੰਦੇਸ਼ ਫੈਲਾਉਣ ਅਤੇ ਨਕਲੀ ਏਜੰਟਾਂ ਤੋਂ ਬਚਣ ਦੀ ਅਪੀਲ ਕਰਦੇ ਹਾਂ।"




## ਗੈਰ-ਅਮਰੀਕੀ ਨਾਗਰਿਕਾਂ 'ਤੇ ਵੀ ਲਟਕੀ ਅਮਰੀਕਾ 'ਚੋਂ ਕੱਢੇ ਜਾਣ ਦੀ ਤਲਵਾਰ !

### ਟਰੰਪ ਲਿਆ ਰਿਹਾ 227 ਸਾਲ ਪੁਰਾਣਾ ਖਤਰਨਾਕ ਕਾਨੂੰਨ

**ਵਾਸ਼ਿੰਗਟਨ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਰਾਸ਼ਟਰਪਤੀ ਬਣਨ ਤੋਂ ਬਾਅਦ ਡੋਨਾਲਡ ਟਰੰਪ ਨੇ ਗੈਰਕਾਨੂੰਨੀ ਪਰਵਾਸੀਆਂ ਨੂੰ ਦੇਸ਼ ਤੋਂ ਕੱਢਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਰਿਪੋਰਟ ਮੁਤਾਬਕ ਹੁਣ ਟਰੰਪ 1798 ਦੇ 'ਐਲਿਅਨ ਐਨੀਮਿਜ਼ ਐਕਟ' ਨੂੰ ਦੁਬਾਰਾ ਲਾਗੂ ਕਰਨ ਦੀ ਤਿਆਰੀ ਕਰ ਰਹੇ ਹਨ। ਇਸ ਕਾਨੂੰਨ ਅਧੀਨ, ਅਮਰੀਕਾ ਦਾ ਰਾਸ਼ਟਰਪਤੀ ਯੁੱਧਕਾਲ ਦੌਰਾਨ ਕਿਸੇ ਵੀ ਗੈਰ-ਅਮਰੀਕੀ ਨਾਗਰਿਕ ਨੂੰ ਦੇਸ਼ 'ਚੋਂ ਕੱਢ ਸਕਦਾ ਹੈ। ਟ੍ਰੰਪ ਹੁਣ ਇਸ ਕਾਨੂੰਨ ਨੂੰ ਆਮ ਹਾਲਾਤਾਂ ਵਿੱਚ ਵੀ ਲਾਗੂ ਕਰਨਾ ਚਾਹੁੰਦੇ ਹਨ, ਜਿਸ ਕਾਰਨ ਹਜ਼ਾਰਾਂ ਵਿਅਕਤੀਆਂ ਨੂੰ ਅਮਰੀਕਾ ਤੋਂ ਬਾਹਰ ਕੱਢਿਆ ਜਾ ਸਕਦਾ ਹੈ। ਇਹ ਕਾਨੂੰਨ ਲਾਗੂ ਹੋਣ 'ਤੇ ਅਮਰੀਕਾ ਤੇ ਦੁਨੀਆ ਭਰ 'ਚ ਹਲਚਲ ਮਚ ਸਕਦੀ ਹੈ।



**227 ਸਾਲ ਪੁਰਾਣਾ ਕਾਨੂੰਨ ਕੀ ਕਹਿੰਦਾ ਹੈ ?**

ਗੈਰ-ਅਮਰੀਕੀ ਨਾਗਰਿਕ ਹੋਣ 'ਤੇ ਹੋਵੇਗਾ ਦੇਸ਼ 'ਚੋਂ ਨਿਕਾਸ਼ੀ ਦਾ ਖ਼ਤਰਾ 1798 ਦਾ 'ਐਲਿਅਨ ਐਨੀਮਿਜ਼ ਐਕਟ' ਕਹਿੰਦਾ ਹੈ ਕਿ ਜਦ ਵੀ ਅਮਰੀਕਾ ਅਤੇ ਕਿਸੇ ਹੋਰ ਦੇਸ਼ ਵਿਚਾਲੇ ਯੁੱਧ ਹੋਵੇਗਾ, ਤਾਂ ਅਮਰੀਕਾ ਦੇ ਰਾਸ਼ਟਰਪਤੀ ਕੋਲ ਇਹ ਅਧਿਕਾਰ ਹੋਵੇਗਾ ਕਿ ਉਹ ਗੈਰ-ਅਮਰੀਕੀ ਨਾਗਰਿਕਾਂ (14 ਸਾਲ ਜਾਂ ਇਸ ਤੋਂ ਵੱਧ ਉਮਰ ਵਾਲਿਆਂ) ਨੂੰ ਦੇਸ਼ ਤੋਂ ਬਾਹਰ ਕੱਢਣ ਦਾ ਫ਼ੈਸਲਾ ਲੈ ਸਕਦੇ ਹਨ। ਨਿਕਾਸ਼ੀ ਦੀ ਕਾਰਵਾਈ ਦੌਰਾਨ ਇਨ੍ਹਾਂ ਲੋਕਾਂ ਨੂੰ 'ਐਲਿਅਨ ਐਨੀਮੀ' ਐਲਾਨਿਆ ਜਾ ਸਕਦਾ ਹੈ। ਟਰੰਪ ਆਪਣੇ ਚੋਣ ਪ੍ਰਚਾਰ ਦੌਰਾਨ ਵੀ ਗੈਰਕਾਨੂੰਨੀ ਪਰਵਾਸੀਆਂ ਵਿਰੁੱਧ ਸਖਤ ਰਹੇ ਹਨ। ਮੰਨਿਆ ਜਾ ਰਿਹਾ ਹੈ ਕਿ ਟਰੰਪ ਆਪਣੀ ਨਵੀਂ ਮਿਆਦ ਦੌਰਾਨ ਆਮ ਹਾਲਾਤਾਂ ਵਿੱਚ ਵੀ ਇਸ ਕਾਨੂੰਨ ਨੂੰ ਲਾਗੂ ਕਰ ਸਕਦੇ ਹਨ। ਹਾਲਾਂਕਿ ਕਾਨੂੰਨੀ ਮਾਹਿਰਾਂ ਦਾ ਕਹਿਣਾ ਹੈ ਕਿ ਕਿਸੇ ਹੋਰ ਦੇਸ਼ ਵਲੋਂ ਅਮਰੀਕਾ 'ਤੇ ਹਮਲਾ ਨਾ ਹੋਣ ਦੀ ਸਥਿਤੀ ਵਿੱਚ ਟਰੰਪ ਲਈ ਇਹ ਕਾਨੂੰਨ ਲਾਗੂ ਕਰਨਾ ਮੁਸ਼ਕਲ ਹੋਵੇਗਾ।

**ਗੋਲਡ ਕਾਰਡ ਸਕੀਮ ਕੀ ਹੈ ?**

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੰਗਲਵਾਰ ਐਲਾਨ ਕੀਤਾ ਕਿ ਅਮਰੀਕਾ ਅਮੀਰ ਵਿਦੇਸ਼ੀਆਂ ਲਈ ਇੱਕ "ਗੋਲਡ ਕਾਰਡ" ਸਕੀਮ ਲਾਂਚ ਕਰਨ ਜਾ ਰਹੇ ਹਨ। ਜਿਸ ਨਾਲ ਉਨ੍ਹਾਂ ਨੂੰ 5 ਮਿਲੀਅਨ ਅਮਰੀਕੀ ਡਾਲਰ ਦੀ ਫੀਸ ਦੇ ਬਦਲੇ ਵਿੱਚ ਨਾਗਰਿਕਤਾ ਦੇ ਨਾਲ ਦੇਸ਼ ਵਿੱਚ ਰਹਿਣ ਅਤੇ ਕੰਮ ਕਰਨ ਦਾ ਅਧਿਕਾਰ ਮਿਲੇਗਾ। ਸੀ.ਐਨ.ਐਨ. ਦੀ ਰਿਪੋਰਟ ਵਿੱਚ, ਵਣਜ ਸਕੱਤਰ ਹਾਵਰਡ ਲੂਟਨਿਕ ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਹੈ ਕਿ ਗੋਲਡ ਕਾਰਡ ਮੌਜੂਦਾ EB-5 ਪ੍ਰਵਾਸੀ ਨਿਵੇਸ਼ਕ ਵੀਜ਼ਾ ਪ੍ਰੋਗਰਾਮ ਦੀ ਥਾਂ ਲਵੇਗਾ। ਲੂਟਨਿਕ ਮੁਤਾਬਕ "ਉਨ੍ਹਾਂ ਨੂੰ ਬੇਸ਼ੱਕ ਜਾਂਚ ਵਿੱਚੋਂ ਲੰਘਣਾ ਪਵੇਗਾ। ਇਹ ਯਕੀਨੀ ਬਣਾਉਣ ਲਈ ਕਿ ਉਹ ਸ਼ਾਨਦਾਰ ਵਿਸ਼ਵ ਪੱਧਰੀ ਗਲੋਬਲ ਨਾਗਰਿਕ ਹਨ।"

## ਕਿਸਾਨ ਲੀਡਰ ਡੱਲੇਵਾਲ ਦੀ ਵਿਗੜੀ ਸਿਹਤ, ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ 'ਚ ਪਹੁੰਚਣ ਦੀ ਅਪੀਲ

**ਚੰਡੀਗੜ੍ਹ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ-ਹਰਿਆਣਾ ਦੀਆਂ ਸ਼ੰਭੂ ਤੇ ਖਨੌਰੀ ਸਰਹੱਦਾਂ 'ਤੇ ਇੱਕ ਸਾਲ ਤੋਂ ਚੱਲ ਰਿਹਾ ਕਿਸਾਨ ਅੰਦੋਲਨ-2.0 ਅੱਜ (27 ਫਰਵਰੀ) ਨੂੰ ਹੋਰ ਤੇਜ਼ ਹੋਣ ਦੀ ਸੰਭਾਵਨਾ ਹੈ। ਅੱਜ ਸ਼ੰਭੂ ਤੇ ਖਨੌਰੀ ਬਾਰਡਰ ਦੇ ਆਗੂ ਚੰਡੀਗੜ੍ਹ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨਾਲ ਏਕਤਾ ਮੀਟਿੰਗ ਕਰਨ ਜਾ ਰਹੇ ਹਨ। ਇਸ ਦੇ ਨਾਲ ਹੀ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਵਰਤ 94ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ ਪਰ ਇਸ ਵੇਲੇ ਉਨ੍ਹਾਂ ਦੀ ਸਿਹਤ ਠੀਕ ਨਹੀਂ। ਉਨ੍ਹਾਂ ਨੂੰ 103.6 ਡਿਗਰੀ ਤੇਜ਼ ਬੁਖਾਰ ਹੈ। ਡਾਕਟਰਾਂ ਦੀ ਟੀਮ ਮੁਤਾਬਕ ਕਿਸਾਨ ਲੀਡਰ ਡੱਲੇਵਾਲ ਦੇ ਸਿਰ 'ਤੇ ਪਾਣੀ ਦੀਆਂ ਪੱਟੀਆਂ ਲਗਾਤਾਰ ਲਾਈਆਂ ਜਾ ਰਹੀਆਂ ਹਨ। ਦੂਜੇ ਪਾਸੇ ਯੂਰਿਨ ਰਿਪੋਰਟ ਕੀਟੋਨ ਪੌਜ਼ੇਟਿਵ ਆਉਣ ਤੋਂ ਬਾਅਦ ਹੁਣ ਉਨ੍ਹਾਂ ਦੀ ਯੂਰਿਕ ਐਸਿਡ ਰਿਪੋਰਟ ਵੀ ਪੌਜ਼ੇਟਿਵ ਨਹੀਂ ਆਈ। ਕਿਸਾਨ ਆਗੂ ਅਭਿਮਨਿਊ ਕੋਹਾੜ ਨੇ ਦੱਸਿਆ ਕਿ ਰਾਤ ਨੂੰ ਲਗਪਗ 12 ਵਜੇ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਵਿਗੜ ਗਈ। ਤੇਜ਼ ਬੁਖਾਰ ਤੇ ਬਹੁਤ ਜ਼ਿਆਦਾ ਠੰਢ ਕਾਰਨ ਉਹ ਕੰਬਣ ਲੱਗ ਪਏ। ਮੌਕੇ 'ਤੇ ਮੌਜੂਦ ਡਾਕਟਰਾਂ ਦੀ ਟੀਮ ਦੇ ਅਣਥੱਕ ਯਤਨਾਂ ਸਦਕਾ 2 ਘੰਟਿਆਂ ਦੇ ਅੰਦਰ ਸਥਿਤੀ ਆਮ ਹੋ ਗਈ। ਡੱਲੇਵਾਲ ਦੀ ਸਿਹਤ ਵਿਗੜਨ ਤੋਂ ਬਾਅਦ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਖਨੌਰੀ ਵਿੱਚ ਇੱਕ ਮੀਟਿੰਗ ਕੀਤੀ। ਇਸ ਦੇ ਨਾਲ ਹੀ ਇਸ ਸੰਘਰਸ਼ ਨੂੰ ਅੱਗੇ ਕਿਵੇਂ ਲਿਜਾਣਾ ਹੈ, ਇਸ ਬਾਰੇ ਰਣਨੀਤੀ ਬਣਾਈ ਗਈ। ਕਿਸਾਨ ਆਗੂਆਂ ਨੇ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਮੋਰਚੇ 'ਤੇ ਪਹੁੰਚਣ ਦੀ ਅਪੀਲ ਕੀਤੀ ਹੈ ਤਾਂ ਜੋ ਇਸ ਸੰਘਰਸ਼ ਨੂੰ ਸਫਲ ਬਣਾਇਆ ਜਾ ਸਕੇ। ਇਸ ਦੇ ਨਾਲ ਹੀ ਅੱਜ ਚੰਡੀਗੜ੍ਹ ਸੰਯੁਕਤ ਕਿਸਾਨ ਮੋਰਚਾ ਨਾਲ ਹੋਣ ਵਾਲੀ ਮੀਟਿੰਗ ਤੋਂ ਪਹਿਲਾਂ ਦੋਵਾਂ ਧਿਰਾਂ ਦੀ ਮੀਟਿੰਗ ਹੋਣ ਜਾ ਰਹੀ ਹੈ। ਹਾਲਾਂਕਿ, ਕੇਂਦਰ ਸਰਕਾਰ ਨਾਲ 7ਵੇਂ ਦੌਰ ਦੀ ਮੀਟਿੰਗ 19 ਮਾਰਚ ਨੂੰ ਚੰਡੀਗੜ੍ਹ ਵਿੱਚ ਹੋਣੀ ਤੈਅ ਹੈ। ਡੱਲੇਵਾਲ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਤੇ ਸੰਘਰਸ਼ ਨੂੰ ਮਜ਼ਬੂਤ ਕਰਨ ਲਈ ਕਿਸਾਨਾਂ ਨੇ ਫੈਸਲਾ ਕੀਤਾ ਹੈ ਕਿ 8 ਮਾਰਚ ਨੂੰ ਸ਼ੰਭੂ ਤੇ ਖਨੌਰੀ ਸਰਹੱਦਾਂ 'ਤੇ ਇੱਕ ਮਹਿਲਾ ਕਿਸਾਨ ਮਹਾਂਪੰਚਾਇਤ ਕੀਤੀ ਜਾਵੇਗੀ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਿਹ॥

# ਗੁਰੂ ਨਾਨਕ ਗੁਰਦੁਆਰਾ ਸਮੈਦਿਕ


GURU HARGOBIND SAHIB JI



## ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਪ੍ਰਭੂਸੱਤਾ ਅਤੇ ਅਤੇ ਜਥੇਦਾਰਾਂ ਦੇ ਸਨਮਾਨ ਬਹਾਲੀ ਦੇ ਸਬੰਧ ਵਿੱਚ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ

# ਵਿਸ਼ਾਲ ਪੰਥਕ ਇਕੱਠ

## 2 ਮਾਰਚ 2025 ਦਿਨ ਐਤਵਾਰ ਦੁਪਹਿਰ 1 ਵਜੇ

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਗੁਰੂ ਪਿਆਰੇ ਖਾਲਸਾ ਜੀਓ, ਪਿਛਲੇ ਸਾਲ 2 ਦਸੰਬਰ 2024 ਨੂੰ ਜਦੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਫਸੀਲ ਤੋਂ ਸਿੰਘ ਸਾਹਿਬਾਨਾਂ ਵੱਲੋਂ ਆਦੇਸ਼ ਸੁਣਾਏ ਗਏ ਸਨ ਤੋਂ ਉਹਨਾਂ ਆਦੇਸ਼ਾਂ ਤੋਂ ਭਗੋੜੇ ਹੋਣ ਵਾਲਿਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੂਸੱਤਾ ਅਤੇ ਜਥੇਦਾਰਾਂ ਦੇ ਅਧਿਕਾਰਾਂ ਉਤੇ ਸਵਾਲ ਖੜੇ ਕਰ ਦਿੱਤੇ ਹਨ ਜਿਸ ਕਰਕੇ ਪੂਰੀ ਦੁਨੀਆ ਦਾ ਸਿੱਖ ਅੱਜ ਬੇਚੈਨ ਅਤੇ ਪਰੇਸ਼ਾਨ ਹੈ। ਇਹਨਾਂ ਮਸਲਿਆਂ ਦਾ ਕੀ ਹੱਲ ਹੋਵੇ ਇਸ ਸਬੰਧ ਵਿੱਚ ਇੰਗਲੈਂਡ ਭਰ ਦੀਆਂ ਸਿੱਖ ਜਥੇਬੰਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਪੰਥਕ ਦਰਦੀਆਂ ਦਾ ਵਿਸ਼ਾਲ ਇਕੱਠ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ ਸੱਦਿਆ ਗਿਆ ਹੈ। ਜਿੱਥੇ ਪੰਥ ਦਰਦੀਆਂ ਨੂੰ ਖੁੱਲਾ ਸੱਦਾ ਅਤੇ ਬੇਨਤੀ ਕੀਤੀ ਜਾਂਦੀ ਹੈ ਕਿ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ ਦੁਪਹਿਰ 1 ਵਜੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ, ਉੱਥੇ ਪੰਥਕ ਵਿਦਵਾਨ ਜਥੇਬੰਦੀਆਂ ਦੇ ਆਗੂ ਅਤੇ ਗੁਰਦੁਆਰਿਆਂ ਦੇ ਪ੍ਰਬੰਧਕ ਵਿਚਾਰ ਕਰਕੇ ਸਾਂਝਾ ਫੈਸਲਾ ਕਰਨਗੇ । **ਸੋ ਆਪ ਸਭ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।**

## ਵਧੇਰੇ ਜਾਣਕਾਰੀ ਲਈ

| ਭਾਈ ਕੁਲਦੀਪ ਸਿੰਘ ਦਿਓਲ | ਭਾਈ ਕੁਲਦੀਪ ਸਿੰਘ ਚਹੇੜੂ | ਭਾਈ ਰਾਜਮਨਵਿੰਦਰ ਸਿੰਘ ਕੰਗ | ਭਾਈ ਰਘਵੀਰ ਸਿੰਘ ਬੀਰ੍ਹਾ |
|---|---|---|---|
| ਮੋ.: 07971931075 | 07938633554 | 07869 113379 | 07930 908368 |

# GURU NANAK GURDWARA

130 High St, Smethwick, B66 3AP-0121 558 2527





# ਕ੍ਰਾਂਤੀਕਾਰੀ ਸਿੱਖ ਆਗੂ ਮਾਸਟਰ ਮੋਤਾ ਸਿੰਘ ਨੂੰ ਯਾਦ ਕਰਦਿਆਂ

ਕੌਮੀ ਸੇਵਾ ਤੇ ਦੇਸ਼ਭਗਤੀ ਨੂੰ ਜੀਵਨ ਮਨੋਰਥ ਜਾਨਣ ਵਾਲੇ ਇਨਸਾਨ ਬਹੁਤ ਘੱਟ ਮਿਲਦੇ ਹਨ੍ਹ ਮਾਸਟਰ ਮੋਤਾ ਸਿੰਘ ਦਾ ਸਮੁੱਚਾ ਜੀਵਨ ਦੇਸ਼ ਸੇਵਾ ਨੂੰ ਸਮਰਪਿਤ ਸੀ, ਇਸੇ ਕਰਕੇ ਉਹ ਅੰਗਰੇਜ਼ ਹਕੂਮਤ ਦੀਆਂ ਅੱਖਾਂ ਵਿੱਚ ਹਮੇਸ਼ਾ ਰੜਕਦੇ ਰਹ੍ਹੇ ਉਨ੍ਹਾਂ ਦੀ ਖਾਹਿਸ਼ ਸੀ, ਕਿ ਦੇਸ਼ ਦੀ ਅਜ਼ਾਦੀ ਅਤੇ ਸਿੱਖਾ ਦੇ ਭਵਿੱਖ ਨੂੰ ਸੰਵਾਰਨ ਲਈ ਹਰ ਨੌਜ਼ਵਾਨ ਦੇਸ਼ ਭਗਤੀ ਦੇ ਰੰਗ ਵਿਚ ਰੰਗਿਆ ਹੋਣਾ ਚਾਹੀਦਾ ਹੈ। ਸ਼ਾਇਦ ਇਸੇ ਕਰਕੇ ਉਹ ਅਜਿਹੇ ਸਿੱਖ ਆਗੂ ਸਨ, ਜਿਨ੍ਹਾਂ ਤਾਅ-ਉਮਰ ਪਰਿਵਾਰਕ ਜ਼ਿੰਮੇਵਾਰੀਆਂ ਤੋਂ ਮੁਕਤੀ ਪ੍ਰਾਪਤ ਕਰਨ ਲਈ ਗ੍ਰਹਿਸਥ ਜੀਵਨ ਵਿਚ ਪ੍ਰਵੇਸ਼ ਨਹੀਂ ਸੀ ਕੀਤ੍ਹਾ ਉਸ

## ਅੱਜ 28 ਫਰਵਰੀ ਜਨਮ ਦਿਵਸ 'ਤੇ ਵਿਸ਼ੇਸ਼

ਸਮੇਂ ਪੰਜਾਬ ਦੇ ਬਹੁਤੇ ਪਰਿਵਾਰ ਅਨਪੜ੍ਹਤਾ ਅਤੇ ਗ਼ਰੀਬੀ ਕਾਰਨ ਬੜੀ ਤੰਗੀ ਦਾ ਜੀਵਨ ਬਤੀਤ ਕਰ ਰਹੇ ਸਨ੍ਹ ਮਾਸਟਰ ਮੋਤਾ ਸਿੰਘ ਨੂੰ ਉਚੇਰੀ ਸਿਖਿਆ ਪ੍ਰਦਾਨ ਕਰਵਾਉਣ ਲਈ ਉਨ੍ਹਾਂ ਦੇ ਮਾਤਾ ਪਿਤਾ ਜੀ ਨੇ ਹਰ ਸੰਭਵ ਯਤਨ ਕੀਤਾ। ਇਸ ਦੇਸ਼ ਭਗਤ ਤੇ ਕ੍ਰਾਂਤੀਕਾਰੀ ਸਿੱਖ ਆਗੂ ਦਾ ਜਨਮ ਜਿਲ੍ਹਾ ਤੇ ਤਹਿਸੀਲ ਜਲੰਧਰ ਦੇ ਪਿੰਡ ਪਤਾਰਾ ਵਿਖੇ 28 ਫਰਵਰੀ 1888 ਨੂੰ ਸ. ਗੋਪਾਲ ਸਿੰਘ ਦੇ ਗ੍ਰਹਿ ਵਿਖੇ ਹੋਇਆ੍ਹ ਮੈਟ੍ਰਿਕ ਦਾ ਇਮਤਿਹਾਨ ਪਾਸ ਕਰਨ ਪਿੱਛੋਂ ਆਪ ਟੀਚਰ ਟਰੇਨਿੰਗ ਪ੍ਰਾਪਤ ਕਰਕੇ ਵੱਖ ਵੱਖ ਸਕੂਲਾਂ ਵਿਚ ਤਾਇਨਾਤ ਰਹ੍ਹੇ ਇਸ ਪਿੱਛੋਂ ਗਿਆਨੀ ਮੁਨਸ਼ੀ, ਫਾਜ਼ਿਲ ਅਤੇ ਬੀ. ਏ ਪਾਸ ਕਰਕੇ ਅੰਮ੍ਰਿਤਸਰ ਸ਼ਹਿਰ ਨਾਮਵਰ ਵਿੱਦਿਅਕ ਸੰਸਥਾ ਅਤੇ ਸੁੱਖਾ ਸਿੰਘ ਖਾਲਸਾ ਸਕੂਲ ਵਿਖੇ ਅਤੇ ਉਸ ਤੋਂ ਬਾਅਦ ਤਲਵੰਡੀ ਸਾਬੋ (ਦਮਦਮਾ ਸਾਹਿਬ) ਖਾਲਸਾ ਸਕੂਲ ਅਕਾਲ ਕਾਲਜ ਮਸਤੂਆਣਾ ਵਿਖੇ ਵੀ ਅਧਿਆਪਕ ਦਾ ਕਾਰਜ਼ ਕੀਤਾ। ਕੌਮੀ ਦਰਦ ਦੇ ਜਜ਼ਬੇ ਅਧੀਨ ਉਹ ਚਾਹੁੰਦੇ ਸਨ ਹਰ ਪੰਜਾਬੀ ਸਿੱਖਿਆ ਦੇ ਖੇਤਰ ਵਿੱਚ ਨਿਪੁੰਨ ਹੋਵ੍ਹੇ ਇਸੇ ਕਰ ਕੇ ਮਾਸਟਰ ਮੋਤਾ ਸਿੰਘ ਨੇ ਮਾਝਾ ਖਾਲਸਾ ਦੀਵਾਨ ਨਾਲ ਮਿਲ ਕੇ ਕਈ ਥਾਵਾਂ ਤੇ ਲੜਕਿਆਂ ਲਈ ਖਾਲਸਾ ਸਕੂਲ ਵੀ ਸਥਾਪਤ ਕੀਤ੍ਹੇ ਉਪਰੰਤ ਆਪਣੇ ਪਿੰਡ ਪਤਾਰਾ ਵਿਖੇ ਵੀ ਪਬਲਿਕ ਸਕੂਲ ਦੀ ਸਥਾਪਨਾ ਕੀਤੀ ਜੋ ਹੁਣ ਸਰਕਾਰੀ ਸਕੂਲ ਵਜੋਂ ਸੇਵਾਵਾਂ ਨਿਭਾਅ ਰਿਹਾ ਹ੍ਹੈ ਮਾਸਟਰ ਮੋਤਾ ਸਿੰਘ ਜੀ ਨੇ ਛੇਤੀ ਹੀ ਸਿੱਖਿਆ ਦੇ ਖੇਤਰ ਤੋਂ ਵਿਹਲੇ ਹੋ ਕੇ ਅੰਗਰੇਜ਼ ਹਕੂਮਤ ਨੂੰ ਦੇਸ਼ ਵਿੱਚੋਂ ਕੱਢਣ ਲਈ ਸੰਘਰਸ਼ ਵਿਚ ਕੁੱਦ ਪਏ੍ਹ ਆਪਜੀ ਨੇ ਰਾਜਨੀਤਕ ਖੇਤਰ ਵਿੱਚ ਆ ਕੇ ਦਿਨ-ਰਾਤ ਇੱਕ ਕਰ ਦਿੱਤਾ। ਆਪਜੀ ਦੀ ਬੋਲਣ ਦੀ ਸਮਰੱਥਾ ਤੇ ਇਤਿਹਾਸ ਜਾਣਕਾਰੀ ਦੀ ਹਰ ਇੱਕ ਸਰੋਤਾ ਪ੍ਰਸੰਸਾ ਕਰਦਾ ਸੀ। 11 ਅਪ੍ਰੈਲ 1919 ਨੂੰ ਸ਼ਾਹੀ ਮਸਜਿਦ ਲਾਹੌਰ ਵਿਖੇ ਅੰਗਰੇਜ਼ ਸਰਕਾਰ ਵਿਰੋਧੀ ਤਕਰੀਰ ਕਰਨ ਤੋਂ ਬਾਅਦ ਉਨ੍ਹਾਂ ਨੂੰ ਮਾਰਸ਼ਲ ਲਾਅ ਅਧੀਨ ਗ੍ਰਿਫਤਾਰ ਕਰ ਲਿਆ੍ਹ ਜੇਲ ਵਿੱਚ ਹਰਕੇਦੀ ਨੂੰ ਦਸਤਾਰ ਸਜਾਉਣ ਦੀ ਇਜ਼ਾਜ਼ਤ ਨਹੀਂ ਸੀ ਮਿਲਦੀ੍ਹ ਮਾਸਟਰ ਮੋਤਾ ਸਿੰਘ ਜੀ ਨੇ ਇਸ ਪਾਬੰਦੀ ਦੇ ਵਿਰੋਧ ਵਿੱਚ ਭੁੱਖ ਹੜਤਾਲ ਸ਼ੁਰੂ ਕਰ ਦਿਤੀ੍ਹ ਸਰਕਾਰ ਨੂੰ ਮਜ਼ਬੂਰ ਹੋ ਕੇ ਲਾਈ ਪਾਬੰਦੀ ਵਾਪਸ ਲੈਣੀ ਪਈ। ਇਨ੍ਹਾਂ ਦਿਨਾਂ ਵਿੱਚ ਹੀ ਗੁਰਦੁਆਰਾ ਸੁਧਾਰ ਲਹਿਰ ਦਾ ਅਰੰਭ ਹੋਇਆ। ਆਪ ਇਸ ਲਹਿਰ ਵਿੱਚ ਬਹੁਤ ਸਰਗਰਮ ਹੋ ਗਏ ਪਰ ਸਿੱਖਾ ਦੀ ਨਵੀਂ ਬਣੀ ਪਾਰਟੀ ਸ਼ੋਮਣੀ ਅਕਾਲੀ ਦਲ ਦੇ ਸ਼ਾਂਤਮਈ ਅੰਦੋਲਨ ਨਾਲ ਆਪ ਸਹਿਮਤ ਨਹੀਂ ਸੀ੍ਹ ਉਨ੍ਹਾਂ ਦੀ ਰਾਏ ਸੀ ਸਿੱਧੀ ਉਂਗਲ ਨਾਲ



ਘਿਉ ਨਹੀਂ ਨਿਕਲਣਾ, ਅੰਗਰੇਜ਼ ਹਕੂਮਤ ਤੋਂ ਛੁਟਕਾਰਾ ਪ੍ਰਾਪਤ ਕਰਨ ਲਈ ਦੋ ਹੱਥ ਕਰਨੇ ਹੀ ਪੈਣਗੇ। ਇਸੇ ਸਮੇਂ ਸ਼੍ਰੀ ਤਾਰਨ ਤਾਰਨ ਸਾਹਿਬ ਤੇ ਨਨਕਾਣਾ ਸਾਹਿਬ ਦੇ ਖ਼ੂਨੀ ਸਾਕਿਆਂ ਨੇ ਧੁੱਰ ਅੰਦਰੋਂ ਝੰਜੋੜ ਕੇ ਰੱਖ ਦਿਤਾ। ਨਨਕਾਣਾ ਸਾਹਿਬ ਜੀ ਦੇ ਖ਼ੂਨੀ ਸਾਕੇ ਤੋਂ ਥੋੜੇ ਦਿਨਾਂ ਬਾਅਦ 19 ਤੋਂ 21 ਮਾਰਚ, 1921 ਨੂੰ ਹੁਸ਼ਿਆਰਪੁਰ ਵਿਖੇ ਹੋਈ ਸਿੱਖ ਐਯੂਨੇਸ਼ਨਲ ਕਾਨਫੰਸ ਸਮੇਂ ਇਨ੍ਹਾਂ ਬੱਬਰ ਅਕਾਲੀ ਲਹਿਰ ਦੇ ਪ੍ਰਮੱਖ ਆਗੂ ਜਥੇਦਾਰ ਕ੍ਰਿਸ਼ਨ ਸਿੰਘ ਗੜਗੱਜ ਨਾਲ ਮਿੱਲਕੇ ਇੱਕ ਖ਼ੂਫ਼ੀਆ ਮੀਟਿੰਗ ਕੀਤੀ। ਇਸ ਮੀਚਿੰਗ ਵਿੱਚ ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਨਾਲ ਸਬੰਧਿਤ ਸਾਰੇ ਗੁਰੂ ਦੋਖੀਆਂ ਨੂੰ ਮਾਰ ਮੁਕਾਉਣ ਦਾ ਫੈਸਲਾ ਕੀਤਾ ਗਿਆ੍ਹ ਬੱਬਰ ਅਕਾਲੀ ਲਹਿਰ ਨਾਲ ਜੁੱੜ ਕੇ ਪ੍ਰਚਾਰ ਵਿੱਚ ਜੁੜ ਗਏ੍ਹ ਉਨ੍ਹਾਂ ਦਿਨ ਰਾਤ ਜੁਝਾਰੂ ਨੋਜਵਾਨ ਸਿੱਖ ਆਗੂਆਂ ਨੂੰ ਪ੍ਰਚਾਰ ਤੇ ਪ੍ਰਸਾਰ ਲਈ ਇਕੱਠੇ ਕਰਕੇ ਬੱਬਰ ਅਕਾਲੀ ਲਹਿਰ ਨੂੰ ਹੁਲਾਰਾ ਦਿਤ੍ਹਾ ਇਸ ਲਹਿਰ ਨਾਲ ਸਬੰਧਿਤ ਕਾਰਜ਼ ਲਈ ਅਫ਼ਗਾਨਿਸਤਾਨ ਦੇ ਸ਼ਹਿਰ ਕਾਬੁੱਲ ਦੀ ਵੀ ਆਪ ਜੀ ਨੇ ਦੌਰਾ ਕੀਤ੍ਹਾ ਬੱਬਰ ਅਕਾਲੀ ਲਹਿਰ ਦੇ ਆਗੂ ਹੋਣ ਕਰਕੇ, ਖਾਸ ਕਰ ਹਕੂਮਤ ਦੇ ਬਾਗੀ ਖਾੜਕੂ ਆਗੂ ਵਜੋਂ ਆਪ ਜੀ ਨੂੰ 15 ਜੂਨ 1922 ਨੂੰ ਗ੍ਰਿਫਤਾਰ ਕਰ ਲਿਆ ਗਿਆ। ਲਗਾਤਾਰ 7 ਸਾਲ ਜੇਲਾਂ ਵਿੱਚ ਸਖ਼ਤ ਕੈਦ ਭੁਗਤੀ੍ਹ ਫਿਰ ਜੇਲ ਤੋਂ ਬਾਹਰ ਆਉਣ ਉਪਰਤ ਆਪ ਜੀ ਨੂੰ ਵਾਰ-ਵਾਰ ਗਿਫ਼ਤਾਰ ਕਰਕੇ ਵੱਖ-ਵੱਖ ਜੁਰਮਾਂ ਅਧੀਨ ਸਰਕਾਰ ਦੇ ਖ਼ਤਰਨਾਕ ਬਾਗੀ ਵਜੋਂ ਜੇਲਾਂ ਵਿੱਚ ਰੱਖਿਆ ਗਿਆ੍ਹ ਦੇਸ਼ ਦੀ ਅਜ਼ਾਦੀ ਲਈ ਕਾਲ ਕੋਠਰੀਆਂ ਮਾਸਟਰ ਮੋਤਾ ਸਿੰਘ ਨੂੰ ਆਪਣੇ ਅਕੀਦੇ ਤੇ ਉਦੇਸ਼ ਤੋਂ ਡੁਲਾਅ ਨਾ ਸਕੀਆਂ੍ਹ ਦੇਸ਼ ਦੀ ਅਜ਼ਾਦੀ ਤੋਂ ਬਾਅਦ ਵਿੱਚ ਹੋਈ ਵਿਧਾਨ ਸਭਾ ਦੀ ਚੋਣ ਵਿੱਚ ਆਪ ਜਨਤਾ ਵਲੋਂ ਵਿਧਾਇਕ ਚੁੱਣ ਲਏ ਗਏ੍ਹ ਪਰ ਅੰਦਰਲਾ ਦੇਸ਼ ਭਗਤੀ ਅਤੇ ਲੋਕ ਸੇਵਕ ਵਾਰ-ਵਾਰ ਦੁੱਖੀ ਲੋਕਾਂ ਦੀ ਸੇਵਾ ਵਿੱਚ ਵੰਗਾਰਦਾ ਰਿਹਾ੍ਹ ਛੇਤੀ ਹੀ ਮਾ. ਮੋਤਾ ਸਿੰਘ ਨੇ ਵਿਧਾਇਕ ਵਜੋਂ ਅਸਤੀਫ਼ਾ ਦੇ ਕੇ ਵਿਦਾਇਕੀ ਦੇ ਅਹੁੱਦੇ ਤੋਂ ਵਿਹਲੇ ਹੋ ਕੇ ਕਿਸਾਨ ਲਹਿਰ ਵਿੱਚ ਸ਼ਾਮਲ ਹੋ ਗਏ।

ਮਾ. ਮੋਤਾ ਸਿੰਘ ਬੇਦਾਗ਼ ਤੇ ਨਿਧੜਕ ਸਿੱਖ ਆਗੂ ਸਨ, ਉਨ੍ਹਾਂ ਸਾਰੀ ਜਿੰਦਗੀ ਕੋਈ ਵੀ ਜਾਇਦਾਦ ਨਹੀਂ ਬਣਾਈ ਅਤੇ ਨਾ ਹੀ ਰਿਸ਼ਤੇਦਾਰੀਆਂ ਦੇ ਮੋਹ ਵਿੱਚ ਫਸ੍ਹੇ ਉਨ੍ਹਾਂ ਸਿਰਫ਼ ਦੇਸ਼ ਕੋਮ ਅਤੇ ਸਿੱਖ ਕੋਮ ਨਾਲ ਪਿਆਰ ਕੀਤ੍ਹਾ ਜਲੰਧਰ ਬਸ ਸਟੈਂਡ ਨਜ਼ਦੀਕ ਹੀ ਇਨ੍ਹਾਂ ਦੇ ਨਾਂਅ ਤੇ ਬਣਿਆ ਮਾਸਟਰ ਮੋਤਾ ਸਿੰਘ ਨਗਰ ਇਨ੍ਹਾਂ ਦੀ ਦੇਸ਼ ਭਗਤੀ ਨੂੰ ਸਮਰਪਿੱਤ ਕੀਤਾ ਗਿਆ। 9 ਜਨਵਰੀ 1960 ਈ. ਨੂੰ ਆਪ ਇਸ ਫ਼ਾਨੀ ਸੰਸਾਰ ਤੋਂ ਹਮੇਸ਼ਾ ਲਈ ਵਿੱਦਾ ਹੋ ਗਏ। ਅੱਜ ਕੇਵਲ ਉਨ੍ਹਾਂ ਦਾ ਯਾਦ ਹੀ ਬਾਕੀ ਹੈ।

-ਭਗਵਾਨ ਸਿੰਘ ਜੌਹਲ
bhagwansinghjohal@gmail.com



ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਸ੍ਰੀ ਅਕਾਲ ਤਖ਼ਤ ਸਾਹਿਬ ਜੀ



ਸ੍ਰੀ ਅਕਾਲ ਤਖ਼ਤ ਸਾਹਿਬ ਜੀ ਗੁਰਦੁਆਰਾ ਸਾਹਿਬ ਹੈ ਜਾਂ ਸਿੱਖਾਂ ਕੌਮ ਦਾ ਤਖ਼ਤ ਇਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 1 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 2 ਮਾਰਚ 2025 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਅਮਨਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਦਲ ਖ਼ਾਲਸਾ ਜਥੇਬੰਦੀ ਨਾਲ ਜੁੜਦਾ ਹੀ ਪਸੰਦ ਨਹੀਂ ਆਇਆ ਪਿੰਡ ਵਾਸੀਆਂ ਨੂੰ

# ਮਨੀ ਧੀਰ ਤੋਂ ਮਨਦੀਪ ਸਿੰਘ ਖ਼ਾਲਸਾ ਬਣਨਾ ਹੀ ਅੱਖਾਂ ਵਿੱਚ ਚੁੱਭ ਰਿਹਾ ਹੈ

### ਮਨਦੀਪ ਸਿੰਘ ਖ਼ਾਲਸਾ ਜੀ ਨੂੰ ਅਤੇ ਉਨਾਂ ਦੇ ਪਰਿਵਾਰ ਨੂੰ ਮਜ਼ਬੂਰ ਕੀਤਾ ਜਾ ਰਿਹਾ ਹੈ ਕਿ ਉਹ ਅੰਮ੍ਰਿਤ ਭੰਗ ਕਰਕੇ ਦੁਬਾਰਾ ਡਾ. ਅੰਬੇਦਰਕਰ ਸਾਹਿਬ ਦੀ ਜਥੇਬੰਦੀ ਵਿੱਚ ਸ਼ਾਮਲ ਹੋਣ

### ਮਸਲਾ ਸਿਰਫ ਇਹ ਕਿ ਸਿੰਘ ਨੇ ਸਿੱਖ ਰਹਿਤ ਮਰਿਆਦਾ ਨੂੰ ਮੁੱਖ ਰੱਖਦਿਆਂ ਹੋਇਆਂ ਗੁਰੂ ਮਹਾਰਾਜ ਦੀ ਹਜੂਰੀ ਵਿੱਚ ਡਾ. ਅੰਬੇਦਕਰ ਜੀ ਉੱਪਰ ਲਿਖੇ ਗੀਤ ਗਾਉਣ ਤੋਂ ਰੋਕਿਆ






(ਰਸ਼ਿਪੰਦਰ ਕੌਰ ਗਿੱਲ) ਅੱਜ ਬਹੁਤ ਦੁੱਖ ਹੋਇਆ ਜਦੋਂ ਮੈਨੂੰ ਪਤਾ ਲੱਗਾ ਕਿ ਗੁਰਾਇਆਂ ਦੇ ਪਿੰਡ ਰੁੜਕਾ ਖ਼ੁਰਦ ਵਿਖੇ ਸਾਡੇ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇ ਲੇਖਕ ਮਨਦੀਪ ਸਿੰਘ ਖ਼ਾਲਸਾ ਜੀ, ਉਨਾਂ ਦੇ ਵੱਡੇ ਭਰਾ ਸੰਦੀਪ ਸਿੰਘ ਖ਼ਾਲਸਾ ਜੀ, ਉਨਾਂ ਦੇ ਪਿਤਾ ਅਤੇ ਉਨਾਂ ਦੇ ਤਾਇਆ ਜੀ ਦੇ ਪੁੱਤ ਦੇ ਖਿਲਾਫ ਉਨਾਂ ਦੇ ਹੀ ਪਿੰਡ ਨਿਵਾਸੀਆਂ ਨੇ ਹੀ ਪਰਚਾ ਦਰਜ ਕਰਵਾ ਦਿੱਤਾ ਹੈ। ਇਹ ਪਰਚਾ 23 ਫਰਵਰੀ 2025 ਨੂੰ ਦਰਜ ਕਰਵਾਇਆ ਗਿਆ। ਸਾਰੇ ਮਾਮਲੇ ਬਾਰੇ ਜਦੋਂ ਲੇਖਕ ਮਨਦੀਪ ਸਿੰਘ ਖ਼ਾਲਸਾ ਜੀ ਦੇ ਪਰਿਵਾਰਕ ਮੈਂਬਰਾਂ ਨਾਲ ਗੱਲ ਕੀਤੀ ਅਤੇ ਹੋਰ ਪਿੰਡ ਨਿਵਾਸੀਆਂ ਨਾਲ ਗੱਲ ਕੀਤੀ ਤਾਂ ਪਤਾ ਲੱਗਾ ਕਿ ਸਾਡੇ ਹੋਣਹਾਰ

ਆਵਾਜ਼ਿ ਕੌਮ AWAZE QAUM
International Newspaper & WEB TV

ਲੇਖਕ ਮਨਦੀਪ ਸਿੰਘ ਖ਼ਾਲਸਾ ਨਾਲ ਉਨਾਂ ਦੇ ਪਿੰਡ ਦੇ ਹੀ ਉਨਾਂ ਦਾ ਭਾਈਚਾਰਾ ਹੀ ਰੰਜਿਸ਼ ਰੱਖਦਾ ਹੈ। ਕਿਉਂਕਿ ਮਨਦੀਪ ਸਿੰਘ ਜੀ ਨੇ ਖੰਡੇ ਬਾਟੇ ਦੀ ਪਾਹੁਲ ਛੱਕ ਕੇ ਸਿੰਘ ਸੱਜ ਕੇ ਆਪਣੇ ਸਾਰੇ ਪਰਿਵਾਰਕ ਮੈਂਬਰਾਂ ਨੂੰ ਵੀ ਗੁਰੂ ਘਰ ਨਾਲ ਜੋੜਿਆ ਹੈ। ਇਸ ਸਮੇਂ ਮਨਦੀਪ ਸਿੰਘ ਦੇ ਭਰਾ ਸੰਦੀਪ ਸਿੰਘ ਵੀ ਸਿੰਘ ਸਜੇ ਹੋਏ ਹਨ ਅਤੇ ਉਨਾਂ ਦੀ ਭਾਬੀ ਵੀ ਪੂਰੇ ਸਿੱਖੀ ਸਰੂਪ ਵਿੱਚ ਹਨ ਅਤੇ ਸਿਰ ਤੇ ਕੇਸਗੀ ਸਜਾਉਂਦੇ ਹਨ। ਇਹ ਖ਼ਾਲਸਾ ਰੂਪ ਹੀ ਉਨਾਂ ਦੇ ਪਿੰਡ ਦੇ ਐਸ.ਸੀ ਭਾਈਚਾਰੇ ਨੂੰ ਖੱਟਕਣ ਲੱਗ ਪਿਆ ਅਤੇ ਪਿਛਲੇ ਕੁਝ ਸਾਲਾਂ ਤੋਂ ਮਨਦੀਪ ਸਿੰਘ ਖ਼ਾਲਸਾ ਨਾਲ ਉਨਾਂ ਦੇ ਹੀ ਭਾਈਚਾਰੇ ਦੀ ਰੰਜਿਸ਼ ਸ਼ੁਰੂ ਹੋ ਗਈ। 23 ਫਰਵਰੀ ਨੂੰ ਜਦੋਂ ਪਿੰਡ ਵਿੱਚ ਗੁਰੂ ਰਵਿਦਾਸ ਜੀ ਦੇ ਜਨਮ ਦਿਵਸ ਸੰਬੰਧੀ ਗੁਰੂ ਮਹਾਰਾਜ ਦੀ ਹਜ਼ੂਰੀ ਵਿੱਚ ਸਮਾਗਮ ਚੱਲ ਰਹੇ ਸੀ ਤਾਂ ਮਨਦੀਪ ਸਿੰਘ ਖ਼ਾਲਸਾ ਜੀ ਦੇ ਹੀ ਭਾਈਚਾਰੇ ਦੇ ਲੋਕ ਡਾ. ਅੰਬੇਦਕਰ ਸਾਹਿਬ ਦੇ ਨਾਮ ਦੇ ਗੀਤ ਜਾਣ ਬੁੱਝ ਕੇ ਗਾਉਣ ਲੱਗ ਪਏ ਕਿਉਂਕਿ ਉਨਾਂ ਨੂੰ ਪਤਾ ਸੀ ਕਿ ਮਨਦੀਪ ਸਿੰਘ ਖ਼ਾਲਸਾ ਪੂਰਨ ਤੌਰ ਤੇ ਸਿੱਖ ਸੱਜ ਕੇ ਹੁਣ ਗੁਰੂ ਮਹਾਰਾਜ ਦੀ ਹਜ਼ੂਰੀ ਵਿੱਚ ਕਿਸੇ ਤਰਾਂ ਦੀ ਬੇਅਦਬੀ ਨਹੀਂ ਹੋਣ ਦੇਣਗੇ ਅਤੇ ਜਦੋਂ ਉਹ ਬੋਲਣਗੇ ਤਾਂ ਸ਼ਰਾਰਤੀ ਅਨਸਰਾਂ ਦੀ ਸੋਚੀ ਸਮਝੀ ਸਾਜ਼ਿਸ਼ ਦੇ ਤਹਿਤ ਡਾ. ਅੰਬੇਦਕਰ ਸਾਹਿਬ ਦੀ ਜਥੇਬੰਦੀ ਨੂੰ ਭੜਕਾਇਆ ਗਿਆ ਕਿ ਮਨਦੀਪ ਸਿੰਘ ਖ਼ਾਲਸਾ ਬਾਬਾ ਅੰਬੇਦਕਰ ਸਾਹਿਬ ਦੀ ਸ਼ਾਨ ਦੇ ਖਿਲਾਫ ਭੁਗਤ ਰਿਹਾ ਹੈ। ਜਦਕਿ ਇਸ ਵਿੱਚ ਬਿਲਕੁਲ





ਸੱਚਾਈ ਨਹੀਂ ਕਿਉਂਕਿ ਮਨਦੀਪ ਸਿੰਘ ਜੀ ਖ਼ੁਦ ਐਸ.ਸੀ ਭਾਈਚਾਰੇ ਨਾਲ ਸਬੰਧਤ ਹਨ ਅਤੇ ਉਨਾਂ ਦਾ ਸਾਰਾ ਪਰਿਵਾਰ ਵੀ ਸਭ ਦੇ ਨਾਲ ਸਤਿਕਾਰ ਨਾਲ ਪੇਸ਼ ਆਉਂਦੇ ਹਨ। ਜਦਕਿ ਮਨਦੀਪ ਸਿੰਘ ਖਾਲਸਾ ਜੀ ਦਾ ਉਦੇਸ਼ ਸਿਰਫ ਗੁਰੂ ਘਰ ਦੀ ਰਹਿਤ ਮਰਿਆਦਾ ਨੂੰ ਮੁੱਖ ਰੱਖ ਕੇ ਹਰ ਕਿਸੇ ਨੂੰ ਬੇਅਦਬੀ ਨਾ ਕਰਣ ਲਈ ਵਰਜਨਾ ਹੈ। ਦੂਜੇ ਪਾਸੇ ਪਿੰਡ ਵਾਸੀਆਂ ਨੇ ਮਨਦੀਪ ਸਿੰਘ ਨਾਲ ਆਪਣੀ ਰੰਜਿਸ਼ ਕੱਢਣ ਲਈ ਧਾਰਮਿਕ ਭਾਵਨਾਵਾਂ ਨੂੰ ਜ਼ਰੀਆ ਬਣਾ ਕੇ ਇੱਕ ਅਨਪੜਤਾ ਅਤੇ ਆਪਣੀ ਨੀਵੀਂ ਸੋਚ ਦਾ ਪ੍ਰਗਟਾਵਾ ਕੀਤਾ ਹੈ। ਬਾਬਾ ਅੰਬੇਦਕਰ ਸਾਹਿਬ ਦਾ ਨਾਮ ਵਰਤ ਕੇ ਆਪਣੀ ਆਪਸੀ ਰੰਜਿਸ਼ ਨੂੰ ਧਾਰਮਿਕ ਮੁੱਦਾ ਬਣਾ ਕੇ ਜਥੇਬੰਦੀਆਂ ਦੇ ਸਾਹਮਣੇ ਪੇਸ਼ ਕਰਕੇ ਜਥੇਬੰਦੀਆਂ ਦੇ ਰਸੂਖ ਨੂੰ ਵਰਤ ਕੇ ਮਨਦੀਪ ਸਿੰਘ ਖ਼ਾਲਸਾ ਦੇ ਪਰਿਵਾਰ ਦੇ ਖਿਲਾਫ ਪਰਚਾ ਵੀ ਦਰਜ ਕਰ ਦਿੱਤਾ ਅਤੇ ਸਿੱਖ ਰਹਿਤ ਮਰਿਆਦਾ ਦੀਆਂ ਗੱਲਾਂ ਕਰਣ ਵਾਲੇ ਸਿੰਘ ਨੂੰ ਵੀ ਗਲਤ ਸਾਬਿਤ ਕਰਣ ਤੇ ਤੁਰ ਪਏ ਹਨ। ਇਸ ਪਰਚੇ ਵਿੱਚ ਪੁਲਿਸ ਪ੍ਰਸ਼ਾਸਨ ਨੇ ਸੰਦੀਪ ਸਿੰਘ ਖਾਲਸਾ ਜੀ ਨੂੰ ਅਤੇ ਉਨਾਂ ਦੇ ਤਾਏ ਦੇ ਪੁੱਤ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਮਨਦੀਪ ਸਿੰਘ ਖਾਲਸਾ ਜੀ ਅਤੇ ਉਨਾਂ ਦੇ ਪਿਤਾ ਦੀ ਤਲਾਸ਼ ਜਾਰੀ ਹੈ। ਮਸਲਾ ਸਿਰਫ ਇਹ ਕਿ ਸਿੰਘ ਨੇ ਸਿੱਖ ਰਹਿਤ ਮਰਿਆਦਾ ਨੂੰ ਮੁੱਖ ਰੱਖਦਿਆਂ ਹੋਇਆਂ ਗੁਰੂ ਮਹਾਰਾਜ ਦੀ ਹਜ਼ੂਰੀ ਵਿੱਚ ਡਾ. ਅੰਬੇਦਕਰ ਜੀ ਉੱਪਰ ਲਿਖੇ ਗੀਤ ਗਾਉਣ ਤੋਂ ਰੋਕਿਆ। ਮੈਨੂੰ ਅੱਜ ਵੀ ਯਾਦ ਹੈ ਜਦੋਂ ਮੈਂ ਮਨਦੀਪ ਸਿੰਘ ਜੀ ਦੇ ਘਰ ਗਈ ਤਾਂ ਮਨਦੀਪ ਸਿੰਘ ਜੀ ਦੇ ਪਿਤਾ ਜੀ ਅਤੇ ਮਾਤਾ ਜੀ ਨੇ ਮੇਰਾ ਬਹੁਤ ਸਤਿਕਾਰ ਕੀਤਾ। ਮਨਦੀਪ ਸਿੰਘ ਜੀ ਦੇ ਪਿਤਾ ਜੀ ਖ਼ੁਦ ਬਹੁਤ ਹੀ ਵਧੀਆ ਲੇਖਕ ਹਨ। ਉਨਾਂ ਮੈਨੂੰ ਆਪਣੇ ਲਿਖੇ ਸ਼ਬਦ ਸੁਣਾਏ। ਬਹੁਤ ਹੀ ਸੋਹਣੀ ਅਵਾਜ ਦੇ ਮਾਲਿਕ ਹਨ ਮਨਦੀਪ ਸਿੰਘ ਜੀ ਦੇ ਪਿਤਾ ਜੀ। ਮਨਦੀਪ ਸਿੰਘ ਜੀ ਦੀ ਮਾਤਾ ਜੀ ਦੀ ਅੱਜ ਪਰੇਸ਼ਾਨੀ ਵਾਲੀ ਅਵਾਜ਼ ਸੁਣ ਕੇ ਮੈਨੂੰ ਇੰਜ ਮਹਿਸੂਸ ਹੋਇਆ ਕਿ ਸਾਡੇ ਸਿੰਘ ਯੋਧਿਆਂ ਦੀਆਂ ਮਾਵਾਂ ਦੇ ਹਿੱਸੇ ਥਾਣੇ ਕਚਹਿਰੀਆਂ ਹੀ ਰਹਿ ਗਈਆਂ। ਪੱਤਾ ਪੱਤਾ ਅੱਜ ਵੀ ਸਿੰਘਾਂ ਦਾ ਵੈਰੀ ਬਣ ਖੜ ਜਾਂਦਾ ਹੈ। ਮਨਦੀਪ ਸਿੰਘ ਖਾਲਸਾ ਜੀ ਅਤੇ ਉਨਾਂ ਦਾ ਪਰਿਵਾਰ ਸਿੱਖੀ ਸਰੂਪ ਲਈ ਅਤੇ ਸਿੱਖ ਰਹਿਤ ਮਰਿਆਦਾ ਲਈ ਸੰਘਰਸ਼ ਕਰ ਰਹੇ ਹਨ। ਉਮੀਦ ਕਰਦੀ ਹਾਂ ਕਿ ਸਾਰੀਆਂ ਸਿੱਖ ਜਥੇਬੰਦੀਆਂ ਅਤੇ ਡਾ. ਅੰਬੇਦਕਰ ਸਾਹਿਬ ਜੀ ਦੀਆਂ ਸਾਰੀਆਂ ਜਥੇਬੰਦੀਆਂ ਅਤੇ ਪੁਲਿਸ ਪ੍ਰਸ਼ਾਸਨ ਸੰਜੀਦਗੀ ਨਾਲ ਇਸ ਮਸਲੇ ਨੂੰ ਪਰਖਣ ਅਤੇ ਪਿੰਡ ਵਾਸੀਆਂ ਦੀ ਚੱਲ ਰਹੀ ਪਿਛਲੀ ਆਪਸੀ ਖ਼ੁੰਦਕ ਬਾਜ਼ੀ ਨੂੰ ਧਾਰਮਿਕ ਮੁੱਦਾ ਨਾ ਬਣਨ ਦੇਣ। ਜਿਸ ਨਾਲ ਹਰ ਧਰਮ ਦਾ ਸਤਿਕਾਰ ਸਿਰਮੌਰ ਰੱਖਿਆ ਜਾਵੇ। ਕਾਫੀ ਸੁਹਿਰਦ ਆਗੂ ਇਸ ਮਸਲੇ ਨੂੰ ਸੰਜੀਦਗੀ ਨਾਲ ਲੈ ਰਹੇ ਹਨ। ਕਿਉਂਕਿ ਇਸ ਤਰਾਂ ਦੀਆਂ ਕੋਝੀਆਂ ਹਰਕਤਾਂ ਕਰਕੇ ਸ਼ਰਾਰਤੀ ਅਨਸਰਾਂ ਦਾ ਸਿਰਫ ਇੱਕ ਹੀ ਮਕਸਦ ਹੁੰਦਾ ਹੈ ਦੰਗੇ ਕਰਵਾਉਣੇ ਅਤੇ ਸਿੱਖ ਨੋਜਵਾਨਾਂ ਨੂੰ ਨਿਸ਼ਾਨਾ ਬਣਾ ਕੇ ਸਿੱਖੀ ਨੂੰ ਬਦਨਾਮ ਕਰਣਾ ਤਾਂ ਜੋ ਨੋਜਵਾਨ ਗੁਰੂ ਵਾਲੇ ਨਾ ਬਨਣ। ਗੁਰੂ ਚਰਣਾਂ ਵਿੱਚ ਅਰਦਾਸ ਮਨਦੀਪ ਸਿੰਘ ਖ਼ਾਲਸਾ ਜੀ ਅਤੇ ਉਨਾਂ ਦੇ ਸਾਰੇ ਪਰਿਵਾਰ ਉੱਤੇ ਮਹਿਰ ਭਰਿਆ ਹੱਥ ਰੱਖਣ ਅਤੇ ਉਹ ਸਿੱਖੀ ਸਿਦਕ ਵਿੱਚ ਪੂਰੇ ਰਹਿ ਕਿ ਗੁਰੂ ਪੰਥ ਦੀ ਸੇਵਾ ਕਰਦੇ ਰਹਿਣ। ●●

ਰਸ਼ਿਪੰਦਰ ਕੌਰ ਗਿੱਲ
ਪ੍ਰਧਾਨ
ਪੀਘਾਂ ਸੋਚ ਦੀਆਂ
ਸਾਹਿਤ ਮੰਚ
+91- 9888697078



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿੱਖ ਕੌਮ ਦੇ ਕਾਤਲ ਸੱਜਣ ਕੁਮਾਰ ਨੂੰ ਹੋਈ ਉਮਰ ਕੈਦ ਦੀ ਸਜ਼ਾ ਦੇ ਨਾਲ-ਨਾਲ

# ਹੋਰਨਾਂ ਕਾਤਲਾਂ ਨੂੰ ਵੀ ਬਣਦੀਆਂ ਸਜ਼ਾਵਾਂ ਤੁਰੰਤ ਮਿਲਣ : ਮਾਨ



**ਨਵੀਂ ਦਿੱਲੀ, 27 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਜੂਨ1984 ਵਿਚ ਮਰਹੂਮ ਇੰਦਰਾ ਗਾਂਧੀ ਦੇ ਖਤਮ ਹੋਣ ਤੋ ਬਾਅਦ ਜਦੋ ਰਾਜੀਵ ਗਾਂਧੀ ਇੰਡੀਆਂ ਦੇ ਵਜੀਰ ਏ ਆਜਮ ਬਣੇ ਤਾਂ ਰਾਜੀਵ ਗਾਂਧੀ ਦੀ ਅਗਵਾਈ ਹੇਠ ਸਮੁੱਚੇ ਕਾਂਗਰਸੀਆਂ ਅਤੇ ਕੱਟੜਵਾਦੀ ਹਿੰਦੂ ਜਮਾਤਾਂ ਵੱਲੋ ਬਣਾਈ ਗਈ ਸਾਂਝੀ ਸਾਜਿਸ ਅਧੀਨ ਦਿੱਲੀ, ਕਾਨਪੁਰ, ਬੋਕਾਰੋ ਅਤੇ ਅਨੇਕਾ ਹੋਰ ਸਥਾਨਾਂ ਤੇ ਵੱਡੀ ਗਿਣਤੀ ਵਿਚ ਬਹੁਤ ਬੇਰਹਿੰਮੀ ਨਾਲ ਸਿੱਖ ਨੌਜਵਾਨਾਂ, ਬੀਬੀਆਂ, ਬਜੁਰਗਾਂ, ਬੱਚਿਆਂ ਦਾ ਕਤਲੇਆਮ ਕੀਤਾ ਗਿਆ । ਸਿੱਖਾਂ ਦੇ ਘਰ ਅਤੇ ਕਾਰੋਬਾਰ ਨੂੰ ਅੱਗਾਂ ਲਗਾ ਦਿੱਤੀਆ ਗਈਆ । ਇਸ ਸਮੇਂ ਫ਼ੌਜ, ਬੀ.ਐਸ.ਐਫ, ਪੁਲਿਸ ਨੇ ਆਪਣੀ ਬਣਦੀ ਜਿੰਮੇਵਾਰੀ ਨਹੀ ਨਿਭਾਈ । ਬਲਕਿ ਕਾਤਲ ਟੋਲੀਆ ਦਾ ਸਾਥ ਦਿੰਦੇ ਨਜਰ ਆਏ । ਰਾਜੀਵ ਗਾਂਧੀ ਵੱਲੋ ਇਸ ਅਣਮਨੁੱਖੀ ਕਤਲੇਆਮ ਨੂੰ ਜਾਇਜ ਠਹਿਰਾਉਦੇ ਹੋਏ ਇਹ ਬਿਆਨਬਾਜੀ ਕੀਤੀ ਗਈ ਕਿ 'ਜਦੋ ਕੋਈ ਵੱਡਾ ਦਰੱਖਤ ਗਿਰਦਾ ਹੈ, ਤਾਂ ਧਰਤੀ ਕੰਬਦੀ ਹੀ ਹੈ' ਜਿਸ ਤੋ ਸਪੱਸਟ ਹੋ ਰਿਹਾ ਹੈ ਕਿ ਇਹ ਸਿੱਖ ਕਤਲੇਆਮ ਸੋਚੀ ਸਮਝੀ ਸਾਜਿਸ ਅਧੀਨ ਕੀਤਾ ਗਿਆ । ਪਰ ਦੁੱਖ ਅਤੇ ਅਫਸੋਸ ਹੈ ਕਿ ਸਿੱਖ ਕੌਮ ਦੀ ਨਸਲਕੁਸੀ ਅਤੇ ਕਤਲੇਆਮ ਕਰਨ ਵਾਲਿਆ ਕਾਤਲ ਆਗੂਆ ਨੂੰ ਇਸ ਮੁਲਕ ਦੇ ਸਿਆਸਤਦਾਨ, ਅਦਾਲਤਾਂ, ਕਾਨੂੰਨ ਬਚਾਉਣ ਵਿਚ ਹੀ ਲੱਗੇ ਰਹੇ । ਇਹੀ ਵਜਹ ਹੈ ਕਿ ਉਨ੍ਹਾਂ ਕਾਤਲ ਟੋਲੀਆ ਦੀ ਅਗਵਾਈ ਕਰ ਰਹੇ ਸੱਜਣ ਕੁਮਾਰ ਨੂੰ ਅੱਜ 41 ਸਾਲਾਂ ਬਾਅਦ ਸਜ਼ਾ ਸੁਣਾਈ ਗਈ ਹੈ । ਲੇਕਿਨ ਸੱਜਣ ਕੁਮਾਰ ਤੋ ਇਲਾਵਾ ਇਨ੍ਹਾਂ ਕਾਤਲ ਟੋਲੀਆ ਦੀ ਅਗਵਾਈ ਕਰਨ ਵਾਲੇ ਸ੍ਰੀ ਮੋਹਨ ਭਗਵਤ, ਪ੍ਰਵੀਨ ਤੋਗੜੀਆ, ਐਲ.ਕੇ. ਅਡਵਾਨੀ, ਕਮਲਨਾਥ, ਅਮਿਤਾਭ ਬੱਚਨ, ਜਗਦੀਸ ਟਾਈਟਲਰ, ਪੀ. ਚਿੰਦਬਰਮ, ਅਜੇ ਮਾਕਨ, ਓ.ਪੀ. ਸਰਮਾ ਨੂੰ ਵੀ ਸੱਜਣ ਕੁਮਾਰ ਦੀ ਤਰ੍ਹਾਂ ਸਜ਼ਾ ਦੇਣ ਦਾ ਪ੍ਰਬੰਧ ਤੁਰੰਤ ਹੋਣਾ ਚਾਹੀਦਾ ਹੈ ਤਾਂ ਕਿ ਜਿਨ੍ਹਾਂ ਸਿੱਖ ਪਰਿਵਾਰਾਂ ਨੂੰ ਕੋਹ-ਕੋਹਕੇ ਗਲਾਂ ਵਿਚ ਟਾਈਰ ਪਾ ਕੇ ਇਨ੍ਹਾਂ ਨੇ ਮਾਰਿਆ ਹੈ, ਉਨ੍ਹਾਂ ਨੂੰ ਇਨਸਾਫ ਮਿਲ ਸਕੇ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸੱਜਣ ਕੁਮਾਰ ਨੂੰ 41 ਸਾਲਾਂ ਬਾਅਦ 1984 ਦੇ ਕਤਲੇਆਮ ਵਿਚ ਦੋਸ਼ੀ ਪਾਏ ਜਾਣ ਤੇ ਸਜ਼ਾ ਮਿਲਣ ਉਤੇ ਆਪਣਾ ਪ੍ਰਤੀਕਰਮ ਜਾਹਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜਦੋ ਇੰਡੀਅਨ ਵਿਧਾਨ ਅਤੇ ਕਾਨੂੰਨ ਸਭਨਾਂ ਨਾਗਰਿਕਾਂ ਨੂੰ ਬਰਾਬਰਤਾ ਦੇ ਅਧਿਕਾਰ ਪ੍ਰਦਾਨ ਕਰਦਾ ਹੈ, ਸਭਨਾਂ ਨਾਗਰਿਕਾਂ ਦੀ ਜਿੰਦਗੀ ਦੀ ਹਿਫਾਜਤ ਦੀ ਗਾਰੰਟੀ ਦਿੰਦਾ ਹੈ, ਸਭਨਾਂ ਨੂੰ ਬਰਾਬਰ ਦੇ ਮੌਕੇ ਅੱਗੇ ਵੱਧਣ ਲਈ ਦਿੰਦਾ ਹੈ ਫਿਰ ਘੱਟ ਗਿਣਤੀ ਸਿੱਖ ਕੌਮ ਉਤੇ ਜ਼ਬਰ ਢਾਹੁਣ ਵਾਲੇ ਕਾਤਲਾਂ ਨੂੰ ਇਸ ਕਾਨੂੰਨ ਤੇ ਅਦਾਲਤਾਂ ਵੱਲੋ ਸਜਾਵਾਂ ਦੇਣ ਦਾ ਅਮਲ ਕਰਦੇ ਹੋਏ ਅੱਧੀ-ਅੱਧੀ ਸਦੀ ਕਿਉਂ ਲੰਘਾ ਦਿੱਤੀ ਜਾਂਦੀ ਹੈ ? ਜਦੋਕਿ ਸਿੱਖਾਂ, ਮੁਸਲਮਾਨਾਂ ਅਤੇ ਹੋਰ ਕਬੀਲਿਆ ਨੂੰ ਇਹ ਕਾਨੂੰਨ ਸਜ਼ਾ ਦਿੰਦੇ ਹੋਏ ਵਿਸੇਸ ਅਦਾਲਤਾਂ ਰਾਹੀ ਸੀਮਤ ਸਮੇ ਵਿਚ ਸਜ਼ਾ ਸੁਣਾਕੇ ਅਮਲ ਕਰਦਾ ਹੈ । ਉਨ੍ਹਾਂ ਵਿਧਾਨਿਕ ਲੀਹਾਂ ਉਤੇ ਮੰਗ ਕਰਦੇ ਹੋਏ ਕਿਹਾ ਕਿ ਉਪਰੋਕਤ ਸਿੱਖਾਂ ਦੇ ਕਾਤਲ ਜੋ ਅੱਜ ਵੀ ਵੱਡੀਆ-ਵੱਡੀਆ ਸੁਰੱਖਿਆ ਗੱਡੀਆਂ ਅਤੇ ਗਾਰਡ ਲੈਕੇ ਦਨਦਨਾਉਦੇ ਫਿਰਦੇ ਹਨ, ਉਨ੍ਹਾਂ ਨੂੰ ਸਲਾਖਾ ਪਿੱਛੇ ਬੰਦ ਕਰਕੇ ਫੌਰੀ ਕਾਨੂੰਨ ਅਨੁਸਾਰ ਬਣਦੀਆ ਸਜ਼ਾ ਅਵੱਸ ਮਿਲਣੀਆ ਚਾਹੀਦੀਆ ਹਨ । ਵਰਨਾ ਇਸ ਮੁਲਕ ਦੀ ਕਾਨੂੰਨੀ ਵਿਵਸਥਾਂ ਅਤੇ ਬਣਦੇ ਜਾ ਰਹੇ ਵਿਸਫੋਟਕ ਹਾਲਾਤਾਂ ਲਈ ਇਸ ਮੁਲਕ ਦੇ ਕੱਟੜਵਾਦੀ ਹੁਕਮਰਾਨ ਅਤੇ ਪੱਖਪਾਤੀ ਅਦਾਲਤਾਂ ਅਤੇ ਜੱਜ ਜਿੰਮੇਵਾਰ ਹੋਣਗੇ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ 1984 ਵਿਚ ਸਿੱਖਾਂ ਦਾ ਕਤਲ ਕਰਨ ਵਾਲੀਆ ਟੋਲੀਆ ਦੀ ਅਗਵਾਈ ਕਰਨ ਵਾਲੇ ਉਪਰੋਕਤ ਵਰਣਨ ਕੀਤੇ ਗਏ ਜਾਬਰ ਕਾਤਲਾਂ ਨੂੰ ਵੀ ਸੱਜਣ ਕੁਮਾਰ ਦੀ ਤਰ੍ਹਾਂ ਸੀਮਤ ਸਮੇ ਵਿਚ ਸਜ਼ਾਵਾਂ ਦਾ ਪ੍ਰਬੰਧ ਕੀਤਾ ਜਾਵੇ ।

### ਸ਼੍ਰੋਮਣੀ ਕਮੇਟੀ 'ਤੇ ਕਾਬਜ਼ ਬਾਦਲ ਕਮੇਟੀ ਵੱਲੋਂ ਲਗਾਤਾਰ ਹੋ ਰਹੀ ਹੈ ਮਰਿਆਦਾ ਦੀ ਉਲੰਘਣਾ ਅਤੇ

# ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਦੀ ਬੇਅਦਬੀ : ਸ਼ਮਸ਼ੇਰ ਸਿੰਘ ਪੱਧਰੀ

**ਨਵੀਂ ਦਿੱਲੀ 27 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਅਕਾਲੀ ਦਲ "ਵਾਰਿਸ ਪੰਜਾਬ ਦੇ" ਦੀ ਅੰਮ੍ਰਿਤਸਰ ਕਾਰਜਕਾਰਨੀ ਕਮੇਟੀ ਵੱਲੋਂ ਐਸ ਜੀ ਪੀ ਸੀ ਸਕੱਤਰ ਪ੍ਰਤਾਪ ਸਿੰਘ ਬਾਜਵਾ ਤੇ ਗੰਭੀਰ ਇਲਜ਼ਾਮ ਲਗਾਏ ਗਏ ਹਨ। ਅੱਜ ਅਕਾਲੀ ਦਲ "ਵਾਰਿਸ ਪੰਜਾਬ ਦੇ" ਅੰਮ੍ਰਿਤਸਰ ਦੀ ਪੰਜ ਮੈਂਬਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਇਕ ਪ੍ਰੈਸ ਵਿੱਚ ਉਹਨਾਂ ਕਿਹਾ ਕਿ ਇਕ ਵੱਡੀ ਚਿੰਤਾਜਨਕ ਘਟਨਾਂ ਸਾਹਮਣੇਂ ਆਈ ਹੈ ਜਿੱਥੇ ਸਾਬਕਾ ਅਕਾਲੀ ਐਮ ਐਲ ਏ ਸ੍ਰ ਵਿਰਸਾ ਸਿੰਘ ਵਲਟੋਹਾ, ਜੋ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਤੇ 10 ਸਾਲ ਲਈ ਸ਼੍ਰੋਮਣੀ ਅਕਾਲੀ ਦਲ ਤੋਂ ਬਾਹਰ ਕੱਢੇ ਗਏ ਹਨ ਅਤੇ ਸਜ਼ਾ ਯਾਫ਼ਤਾ ਹਨ ਤੋਂ ਐਸ ਜੀ ਪੀ ਸੀ ਸਕੱਤਰ ਸ੍ਰ ਪ੍ਰਤਾਪ ਸਿੰਘ ਬਾਜਵਾ ਦੇ ਦਫ਼ਤਰ ਵਿੱਚ ਐਸ ਜੀ ਪੀ ਸੀ ਦੇ ਹੀ ਚੀਫ ਅਕਾਉਂਟੈਂਟ ਸ੍ਰ ਮਿਲਖਾ ਸਿੰਘ ਨੂੰ ਉਹਨਾਂ ਦੀ ਸੇਵਾਮੁਕਤੀ ਸਮੇਂ ਐਸ ਜੀ ਪੀ ਸੀ ਸਕੱਤਰੇਤ ਵਿਖੇ ਸਨਮਾਨਿਤ ਕਰਵਾਇਆ ਗਿਆ ਜੋਕਿ ਐਸ ਜੀ ਪੀ ਸੀ ਤੇ ਕਾਬਜ਼ ਬਾਦਲ ਕਮੇਟੀ ਤੇ ਗੰਭੀਰ ਸਵਾਲ ਖੜੇ ਕਰਦਾ ਹੈ। ਸ੍ਰ ਪੱਧਰੀ ਨੇ ਐਸ ਜੀ ਪੀ ਸੀ ਵੱਲੋਂ ਫਰਵਰੀ 2025 ਦੇ ਗੁਰਦੁਆਰਾ ਗਜ਼ਟ ਵਿੱਚ ਅਧਿਕਾਰਿਤ ਤੌਰ ਤੇ ਛਪੀ ਉਕਤ ਮਾਮਲੇ ਦੀ ਤਸਵੀਰ ਜਾਰੀ ਕਰਦਿਆਂ ਹੋਇਆਂ ਕਿਹਾ ਕਿ ਇਹ ਇਕ ਵਿਅਕਤੀ ਵੱਲੋਂ ਵਿਅਕਤੀਗਤ ਰੂਪ ਵਿੱਚ ਸਿਰਫ਼ ਕਿਸੇ ਨੂੰ ਸਨਮਾਨ ਦੇਣ ਦੀ ਗੱਲ ਨਹੀਂ ਬਲਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਦੀ ਸਿੱਧੀ ਉਲੰਘਣਾਂ ਹੈ। ਜਿਸ ਦੀ ਅਸੀਂ ਸਖ਼ਤ ਨਿਖੇਧੀ ਕਰਦੇ ਹਾਂ। ਸ੍ਰ ਪੱਧਰੀ ਨੇ ਕਿਹਾ ਕਿ ਵੈਸੇ ਤਾਂ ਐਸ ਜੀ ਪੀ ਸੀ ਤੇ ਕਾਬਜ਼ ਬਾਦਲ ਕਮੇਟੀ ਤੋਂ ਹੀ ਇਸਦਾ ਸਪਸ਼ਟੀਕਰਨ ਮੰਗਣਾਂ ਹਾਸੋਹੀਣਾਂ ਜਾਪਦਾ ਹੈ ਪ੍ਰੰਤੂ ਸਿੱਖ ਮਰਿਆਦਾ ਅਤੇ ਕਮੇਟੀ ਕਾਨੂੰਨਾਂ ਮੁਤਾਬਿਕ ਸੰਗਤ ਰੂਪੀ ਅਸੀਂ SGPC ਅੰਤਰਿੰਗ ਕਮੇਟੀ ਕੋਲੋਂ ਇਸ ਗੱਲ ਦਾ ਜਵਾਬ ਮੰਗਦੇ ਹਾਂ ਕਿ SGPC ਸਕੱਤਰ ਸ੍ਰ ਪ੍ਰਤਾਪ ਸਿੰਘ ਬਾਜਵਾ ਨੇ ਵਿਰਸਾ ਸਿੰਘ ਵਲਟੋਹਾ ਨੂੰ ਇਹ ਸਨਮਾਨ ਦੇਣ ਦੀ ਇਜਾਜ਼ਤ ਕਿਵੇਂ ਦਿੱਤੀ ? ਕੀ SGPC ਹੁਣ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲੇ ਠੁਕਰਾਉਣ ਲੱਗ ਪਈ ਹੈ ਅਤੇ ਉਹਨਾਂ ਫੈਸਲਿਆਂ ਦੀ ਕੋਈ ਇੱਜਤ ਨਹੀਂ ? ਜੇਕਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜ਼ਾ ਯਾਫ਼ਤਾ ਅਤੇ ਚੇਤਾਵਨੀ ਮਿਲੇ ਵਿਅਕਤੀ SGPC ਦੇ ਅਧਿਕਾਰਿਤ ਫੰਕਸ਼ਨਾਂ ਵਿੱਚ ਅਹਿਮ ਭੂਮਿਕਾਵਾਂ ਨਿਭਾਉਣ ਲੱਗ ਪਏ, ਤਾਂ ਕੀ ਇਹ ਪੰਥਕ ਇਨਸਾਫ਼ ਦੀ ਸਿੱਧੀ ਉਲੰਘਣਾਂ ਨਹੀ ਹੈ ? ਭਾਈ ਪੱਧਰੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਦੀ ਸਭ ਤੋਂ ਉੱਚੀ ਅਧਿਕਾਰਿਤ ਥਾਂ ਹੈ ਅਤੇ ਉਥੋਂ ਲਏ ਗਏ ਫੈਸਲੇ ਸਿੱਖ ਕੌਮ ਲਈ ਪੱਥਰ ਤੇ ਲਕੀਰ ਹਨ। ਪਰ ਜੇਕਰ SGPC ਦੇ ਮੰਚ ਤੋਂ ਉਸਦੇ ਹੁਕਮਾਂ ਦੀ ਅਵੱਗਿਆ ਕਰਨ ਦੀ ਪ੍ਰੰਪਰਾ ਸ਼ੁਰੂ ਹੋ ਗਈ ਤਾਂ ਇਸਦਾ ਸਿੱਖ ਮਰਿਆਦਾ ਅਤੇ ਏਕਤਾ ਤੇ ਗਹਿਰਾ ਪ੍ਰਭਾਵ ਪਵੇਗਾ। ਉਹਨਾਂ ਕਿਹਾ ਕਿ ਅਸੀਂ SGPC ਅੰਤਰਿੰਗ ਕਮੇਟੀ ਕੋਲੋਂ ਮੰਗ ਕਰਦੇ ਹਾਂ ਕਿ ਇਸ ਉੱਪਰ ਤੁਰੰਤ ਵਿਆਖਿਆ ਕਰਕੇ ਵਿਅਕਤੀਗਤ ਸਵਾਰਥ ਲਈ ਗੁਰੂ ਘਰ ਦੀ ਮਰਿਆਦਾ ਨਾਲ ਖੇਡਣ ਵਾਲਿਆਂ ਤੇ ਤੁਰੰਤ ਕਾਰਵਾਈ ਕੀਤੀ ਜਾਵੇ ਤੇ ਉਸਨੂੰ ਜਨਤਕ ਕੀਤਾ ਜਾਵੇ।





**ਅਕਾਲੀ ਦਲ "ਵਾਰਿਸ ਪੰਜਾਬ ਦੇ" ਦੀ ਅੰਮ੍ਰਿਤਸਰ ਕਾਰਜਕਾਰਨੀ ਕਮੇਟੀ ਵੱਲੋਂ SGPC ਸਕੱਤਰ ਪ੍ਰਤਾਪ ਸਿੰਘ ਬਾਜਵਾ ਤੇ ਵੱਡੇ ਇਲਜ਼ਾਮ**

# ਵਾਲੀਬਾਲ ਟੂਰਨਾਮੈਂਟ ਵਿੱਚ ਪਹੁੰਚੇ ਓਂਕਾਰ ਸਿੰਘ ਦਾ ਸਰਪੰਚ ਕਾਲਾ ਬਟੂਹਾ ਨੇ ਕੀਤਾ ਸਨਮਾਨ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿੱਚ ਪੈਂਦੇ ਪਿੰਡ ਬਟੂਹਾ ਵਿਖੇ ਕੌਮੀ ਸਹੀਦ ਦੀਪ ਸਿੱਧੂ ਅਤੇ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ ਬਾਬਾ ਮੇਹਰ ਦਾਸ ਕਲੱਬ ਵੱਲੋਂ ਚੌਥਾਂ ਸ਼ਾਨਦਾਰ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਤੋਂ ਇਲਾਵਾ ਰਣੀਕੇ ਚੌਂਕੀ ਦੇ ਮੁੱਖ ਅਫ਼ਸਰ ਸ੍ਰ, ਓਂਕਾਰ ਸਿੰਘ ਵਿਸ਼ੇਸ ਤੌਰ 'ਤੇ ਸਾਮਿਲ ਹੋਏ ਅਤੇ ਖਿਡਾਰੀਆਂ ਦਾ ਹੌਸਲਾ ਅਫਜ਼ਈ ਕੀਤਾ। ਇਸ ਮੌਕੇ ਪਿੰਡ ਬਟੂਹਾ ਦੇ ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ ਅਤੇ ਸਰਪੰਚ ਦਲਵੀਰ ਸਿੰਘ ਧੰਦੀਵਾਲ ਵੱਲੋਂ ਚੌਕੀ ਇੰਚਾਰਜ ਓਂਕਾਰ ਸਿੰਘ ਦਾ ਟੂਰਨਾਮੈਂਟ ਵਿੱਚ ਪਹੁੰਚਣ ਤੇ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਹਰਜਿੰਦਰ ਸਿੰਘ ਪੰਚ, ਰਣਜੀਤ ਸਿੰਘ ਪੰਚ, ਹਰਜਿੰਦਰ ਸਿੰਘ ਪੰਚ ,ਅਮਰਜੀਤ ਕੌਰ ਪੰਚ, ਰਣਜੀਤ ਸਿੰਘ ਪੰਚ, ਕਰਮਜੀਤ ਕੌਰ ਪੰਚ, ਰਿਕੂ ਕੌਰ ਹਾਜ਼ਰ



# ਜਦੋਂ ਤੱਕ ਸੱਜਣ ਕੁਮਾਰ ਨੂੰ ਫਾਂਸੀ ਨਹੀਂ ਦਿੱਤੀ ਜਾਂਦੀ ਉਦੋਂ ਤਕ ਸਾਡੀ ਲੜਾਈ ਜਾਰੀ ਰਹੇਗੀ: ਭੋਗਲ, ਗੁਜਰਾਲ, ਖ਼ੁਰਾਣਾ

### 1984 ਦੀ ਸਿੱਖ ਨਸਲਕੁਸ਼ੀ ਦੌਰਾਨ ਇਨ੍ਹਾਂ ਲੋਕਾਂ ਦੇ ਇਸ਼ਾਰੇ 'ਤੇ ਗੁਰਦੁਆਰਿਆਂ ਨੂੰ ਅੱਗ ਲਗਾਈ ਗਈ, ਮਾਵਾਂ-ਭੈਣਾਂ ਦੀ ਇੱਜ਼ਤ ਨਾਲ ਖਿਲਵਾੜ ਕੀਤਾ ਗਿਆ



ਨਵੀਂ ਦਿੱਲੀ, 27 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਆਲ ਇੰਡੀਆ ਦੰਗਾ ਪੀੜਤ ਰਾਹਤ ਕਮੇਟੀ 1984 ਦੇ ਚੇਅਰਮੈਨ ਜੱਥੇਦਾਰ ਕੁਲਦੀਪ ਸਿੰਘ ਭੋਗਲ, ਗੁਰਦੇਵ ਸਿੰਘ ਗੁਜਰਾਲ, ਸੀਨੀਅਰ ਮੀਤ ਪ੍ਰਧਾਨ, ਰਵਿੰਦਰ ਸਿੰਘ ਖੁਰਾਣਾ, ਜਨਰਲ ਸਕੱਤਰ ਨੇ ਪ੍ਰੈਸ ਨੂੰ ਦਿੱਤੇ ਸਾਂਝੇ ਬਿਆਨ ਵਿੱਚ ਕਿਹਾ ਕਿ 1984 ਦੇ ਸਿੱਖ ਕਤਲੇਆਮ ਦੇ ਕੇਸ ਵਿੱਚ ਦੋਸ਼ੀਆ ਨੂੰ ਮਾਨਯੋਗ ਅਦਾਲਤ ਵਿੱਚ ਦੋਸ਼ੀ ਠਹਿਰਾਇਆ ਗਿਆ ਹੈ ਜਸਵੰਤ ਸਿੰਘ ਅਤੇ ਉਸ ਨੇ ਤਰਨਦੀਪ ਸਿੰਘ ਨੂੰ ਕਤਲ ਦਾ ਦੋਸ਼ੀ ਠਹਿਰਾਇਆ ਅਤੇ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸੱਜਣ ਕੁਮਾਰ ਨੂੰ ਮਾਣਯੋਗ ਹਾਈਕੋਰਟ ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਈ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੱਜਣ ਕੁਮਾਰ ਨੇ 1984 ਦੇ ਸਿੱਖ ਕਤਲੇਆਮ ਦੌਰਾਨ ਕਾਂਗਰਸ ਦੇ ਇਸ਼ਾਰੇ 'ਤੇ ਇਹ ਕਤਲੇਆਮ ਕਰਵਾਇਆ ਸੀ। ਇਸ ਤੋਂ ਇਲਾਵਾ 1984 ਦੀ ਸਿੱਖ ਨਸਲਕੁਸ਼ੀ ਦੌਰਾਨ ਇਨ੍ਹਾਂ ਲੋਕਾਂ ਦੇ ਇਸ਼ਾਰੇ 'ਤੇ ਗੁਰਦੁਆਰਿਆਂ ਨੂੰ ਅੱਗ ਲਾ ਦਿੱਤੀ ਗਈ, ਲੋਕਾਂ ਦੀਆਂ ਜਾਇਦਾਦਾਂ ਨੂੰ ਨੁਕਸਾਨ ਪਹੁੰਚਾਇਆ ਗਿਆ, ਮਾਵਾਂ-ਭੈਣਾਂ ਦੀ ਇੱਜ਼ਤ ਨਾਲ ਖਿਲਵਾੜ ਕੀਤਾ ਗਿਆ, ਬੱਚਿਆਂ ਅਤੇ ਬਜ਼ੁਰਗਾਂ ਨੂੰ ਜਿਉਂਦੇ ਹੀ ਸਾੜ ਦਿੱਤਾ ਗਿਆ ਤੇ ਵਾਹਨਾਂ ਨੂੰ ਵੀ ਨੁਕਸਾਨ ਪਹੁੰਚਾਇਆ ਗਿਆ। ਜਥੇਦਾਰ ਜੁਲਦੀਪ ਸਿੰਘ ਭੋਗਲ ਨੇ ਕਿਹਾ ਕਿ ਅਸੀਂ ਹਮੇਸ਼ਾ ਇਹ ਮੰਗ ਕਰਦੇ ਆ ਰਹੇ ਸੀ ਕਿ ਏਨੇ ਵੱਡੇ ਕਤਲੇਆਮ ਦੇ ਮੁੱਖ ਦੋਸ਼ੀਆਂ ਵਿੱਚੋਂ ਇੱਕ ਸੱਜਣ ਕੁਮਾਰ ਨੂੰ ਘੱਟੋ-ਘੱਟ ਫਾਂਸੀ ਦੀ ਸਜ਼ਾ ਦਿੱਤੀ ਜਾਵੇ ਪਰ ਮਾਣਯੋਗ ਅਦਾਲਤ ਨੇ ਉਸ ਨੂੰ ਉਮਰ ਕੈਦ ਦੀ ਸਜ਼ਾ ਸੁਣਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਾਡੀ ਲੜਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਉਸ ਨੂੰ ਫਾਂਸੀ ਨਹੀਂ ਦਿੱਤੀ ਜਾਂਦੀ।

# ਦਿੱਲੀ ਵਿੱਚ ਸਰਕਾਰ ਬਦਲਦੇ ਹੀ ਮੁਸਲਿਮ ਇਲਾਕਿਆਂ ਦੇ ਨਾਮ ਬਦਲਣ ਦੀ ਵਧੀ ਮੰਗ




ਨਵੀਂ ਦਿੱਲੀ 27 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅੰਦਰ ਭਾਜਪਾ ਸਰਕਾਰ ਬਣਨ ਦੇ ਨਾਲ ਹੀ ਦਿੱਲੀ ਵਿੱਚ ਮੁਸਲਿਮ ਇਲਾਕਿਆਂ ਦੇ ਨਾਮ ਨੂੰ ਲੈ ਕੇ ਰਾਜਨੀਤੀ ਤੇਜ਼ ਹੋ ਗਈ ਹੈ। ਭਾਜਪਾ ਦੇ ਕਈ ਵਿਧਾਇਕਾਂ ਨੇ ਵਿਧਾਨ ਸਭਾ ਵਿਚ ਆਪਣੇ ਇਲਾਕੇ ਦਾ ਨਾਮ ਬਦਲਣ ਦੀ ਮੰਗ ਕੀਤੀ ਹੈ। ਨਜ਼ਫਗੜ੍ਹ ਦੀ ਵਿਧਾਇਕ ਨੀਲਮ ਪਹਿਲਵਾਨ ਵਲੋਂ ਨਜ਼ਫਗੜ੍ਹ ਦਾ ਨਾਮ ਬਦਲ ਕੇ ਨਾਹਰਗੜ੍ਹ, ਆਰਕੇ ਪੁਰਮ ਦੇ ਵਿਧਾਇਕ ਅਨਿਲ ਸ਼ਰਮਾ ਵਲੋਂ ਮੁਹੰਮਦਪੁਰ ਦਾ ਨਾਮ ਬਦਲ ਕੇ ਮਾਧੋਪੁਰਮ ਅਤੇ ਮੁਸਤਫਾਬਾਦ ਤੋਂ ਵਿਧਾਇਕ ਮੋਹਨ ਸਿੰਘ ਬਿਸ਼ਟ ਵਲੋਂ ਮੁਸਤਫਾਬਾਦ ਦਾ ਨਾਮ ਬਦਲ ਕੇ ਸ਼ਿਵ ਵਿਹਾਰ ਕਰਣ ਦੀ ਮੰਗ ਕੀਤੀ ਗਈ ਹੈਂ । ਬੀਜੇਪੀ ਵਿਧਾਇਕ ਆਪਣੇ-ਆਪਣੇ ਇਲਾਕਿਆਂ ਵਿੱਚ ਨਾਮ ਬਦਲ ਦੀ ਮੰਗ ਲੈ ਕੇ ਸਰਗਰਮ ਹੋ ਗਏ ਹਨ, ਅਤੇ ਹੁਣ ਦੇਖਣਾ ਹੋਏਗਾ ਕਿ ਦਿੱਲੀ ਸਰਕਾਰ ਇੰਨ੍ਹਾ ਮੰਗਾ ਨੂੰ ਕਿਤਨੀ ਜਲਦੀ ਲਾਗੂ ਕਰਦੀ ਹੈਂ । ਉਨ੍ਹਾਂ ਕਿਹਾ ਕੀ ਇਹ ਪ੍ਰਸਤਾਵ ਲੰਬੇ ਸਮੇਂ ਤੋਂ ਵਿਧਾਨ ਸਭਾ ਵਿੱਚ ਲਟਕਿਆ ਹੋਇਆ ਸੀ ਕਿਉਕਿ 'ਆਪ' ਦੀ ਸਰਕਾਰ ਸੀ, ਜਿਸਨੇ ਇਸ ਮੁੱਦੇ ਨੂੰ ਟੋਏ ਵਿੱਚ ਦੱਬ ਦਿੱਤਾ ਸੀ । ਹੁਣ ਸਾਡੀ ਸਰਕਾਰ ਆ ਗਈ ਹੈਂ ਤੇ ਅਸੀਂ ਇਸ ਮੰਗ ਨੂੰ ਉਨ੍ਹਾਂ ਅੱਗੇ ਚੁਕੀ ਹੈਂ ।


# ਤਖ਼ਤ ਸਾਹਿਬ ਜੀ ਦੀ ਮਾਣ ਮਰਿਆਦਾ ਨੂੰ ਕਾਇਮ ਰੱਖਦਿਆਂ ਹੋਇਆਂ ਜਥੇਦਾਰ ਖਾਲਸੇ ਪੰਥ ਨੂੰ ਸੁਨੇਹਾ ਲਗਾਉਣ ਬਾਬਾ ਸੁੱਖਾ ਸਿੰਘ



**ਜੰਡਿਆਲਾ ਗੁਰੂ 27 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਹੋਇਆਂ ਕਿਹਾ ਕਿ ਸਿੱਖ ਕੌਮ ਦੀ ਨੁਮਾਇੰਦਗੀ ਕਰਨ ਵਾਲੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਜਥੇਦਾਰ ਸ੍ਰੀ ਆਕਾਲ ਤਖਤ ਸਾਹਿਬ ਜੀ ਦੇ ਹੁਕਮ ਨੂੰ ਅਣਗੋਲਿਆਂ ਕਰਦਿਆਂ ਹੋਇਆਂ ਪਹਿਲਾਂ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਤਖਤ ਸਾਹਿਬ ਜੀ ਦੀ ਸੇਵਾ ਤੋਂ ਸੇਵਾ ਮੁਕਤ ਕੀਤਾ ਗਿਆ ਅਤੇ ਇਸ ਫੈਸਲੇ ਦਾ ਵਿਰੋਧ ਕਰਦਿਆਂ ਹੋਇਆਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਆਪਣੇ ਵੀਚਾਰਾਂ ਦੀ ਸਾਂਝ ਇਕ ਪੋਸਟ ਰਾਹੀਂ ਖਾਲਸਾ ਪੰਥ ਨਾਲ ਸਾਂਝੀ ਕੀਤੀ ਗਈ ਜਿਸ ਤੋਂ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਆਕਾਲ ਤਖਤ ਸਾਹਿਬ ਜੀ ਦੇ ਸਿੰਘ ਸਾਹਿਬ ਉਪਰ ਦਬਾਅ ਪਾਉਣ ਦੀ ਕੋਸ਼ਿਸ਼ ਕੀਤੀ ਗਈ ਜਿਸ ਤੋਂ ਬਾਅਦ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਾਹਿਬ ਜੀ ਵੱਲੋਂ ਤਖਤ ਸਾਹਿਬ ਜੀ ਤੋਂ ਜਾਰੀ ਹੋਣ ਵਾਲਾ ਹੁਕਮ ਚਾਰਦੀਵਾਰੀ ਵਿਚ ਰਹਿਣ ਵਾਲਾ ਬਿਆਨ ਦਿੱਤਾ ਗਿਆ ਹੈ ਜਿਸ ਨਾਲ ਪੰਥਕ ਗਲਿਆਰਿਆਂ ਵਿਚ ਇਸ ਬਿਆਨ ਤੇ ਆਪੋ ਆਪਣੇ ਵੀਚਾਰ ਸਾਂਝੇ ਕੀਤੇ ਜਾ ਰਹੇ ਹਨ ਅਤੇ ਇਸ ਬਿਆਨ ਨੂੰ ਲੈ ਕਿ ਖ਼ਾਲਸੇ ਪੰਥ ਵੱਲੋਂ ਸ੍ਰੀ ਆਕਾਲ ਤਖਤ ਸਾਹਿਬ ਜੀ ਦੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕੀਤੀ ਜਾ ਰਹੀ ਹੈ ਕਿ ਸਿੱਖ ਕੌਮ ਨੂੰ ਸੁਨੇਹਾ ਲਗਾਓ ਤਾਂ ਜੋ ਸ੍ਰੀ ਆਕਾਲ ਤਖਤ ਸਾਹਿਬ ਜੀ ਦੀ ਮਾਣ ਮਰਿਯਾਦਾ ਨੂੰ ਕਾਇਮ ਰੱਖਿਆ ਜਾਵੇ ਕਿਉਂਕਿ ਇਥੋਂ ਜਾਰੀ ਹੋਣ ਵਾਲੇ ਹੁਕਮ ਨੂੰ ਸਿੱਖ ਕੌਮ ਪ੍ਰਵਾਨ ਕਰਦੀ ਆ ਰਹੀ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਆਪਣੇ ਸਿਆਸੀ ਹਿੱਤਾਂ ਲਈ ਸ੍ਰੀ ਆਕਾਲ ਤਖਤ ਸਾਹਿਬ ਜੀ ਦੀ ਮਾਣ ਮਰਿਆਦਾ ਨੂੰ ਢਾਲ ਬਣਾਇਆ ਜਾ ਰਿਹਾ ਹੈ 9ਜਿਸ ਨੂੰ ਸਿੱਖ ਕੌਮ ਕਦੀ ਵੀ ਬਰਦਾਸ਼ਤ ਨਹੀਂ ਕਰੇਗੀ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਸ੍ਰੀ ਆਕਾਲ ਤਖਤ ਸਾਹਿਬ ਜੀ ਨਾਲ ਮੱਥਾ ਲਗਾਉਣ ਵਾਲੇ ਦੁਸ਼ਟ ਦਾ ਨਾਸ ਹੋਇਆ ਹੈ ਇਸੇ ਤਰ੍ਹਾਂ ਪੁਰਾਤਨ ਸ਼੍ਰੋਮਣੀ ਅਕਾਲੀ ਦਲ ਦੀ ਵੀਚਾਰ ਧਾਰਾ ਨੂੰ ਛਿੱਕੇ ਤੇ ਟੰਗ ਕੇ ਅਤੇ ਸ੍ਰੀ ਆਕਾਲ ਤਖਤ ਸਾਹਿਬ ਦੀ ਮਾਣ ਮਰਿਆਦਾ ਨੂੰ ਨੁਕਸਾਨ ਪਹੁੰਚਾਉਣ ਵਾਲੇ ਬਾਦਲ ਪ੍ਰੀਵਾਰ ਦਾ ਅੰਤ ਹੁੰਦਾ ਦਿਖਾਈ ਦੇ ਰਿਹਾ ਹੈ। ਆਖਰ ਵਿੱਚ ਬਾਬਾ ਸੁੱਖਾ ਸਿੰਘ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਾਹਿਬਾਨਾਂ ਨੂੰ ਬੇਨਤੀ ਕੀਤੀ ਕਿ ਸ੍ਰੀ ਆਕਾਲ ਤਖਤ ਸਾਹਿਬ ਜੀ ਦੀ ਮਾਣ ਮਰਿਆਦਾ ਨੂੰ ਕਾਇਮ ਰੱਖਣ ਲਈ ਸਿੱਖ ਕੌਮ ਨੂੰ ਸੁਨੇਹਾ ਲਗਾਓ।

ਪੰਜਾਬ ਸਰਕਾਰ ਵੱਲੋਂ ਇੱਕ ਅਹਿਮ ਕਦਮ ਚੁੱਕਦਿਆਂ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਸੂਬੇ ਭਰ ਦੇ ਸਾਰੇ ਸਕੂਲਾਂ ਵਿੱਚ ਪੰਜਾਬੀ ਨੂੰ ਲਾਜ਼ਮੀ ਮੁੱਖ ਵਿਸ਼ਾ ਬਣਾ ਦਿੱਤਾ ਗਿਆ ਹੈ, ਭਾਵੇਂ ਸਕੂਲ ਕਿਸੇ ਵੀ ਵਿਦਿਅਕ ਬੋਰਡ ਨਾਲ ਸਬੰਧਤ ਹੋਵੇ। ਇਸ ਨੋਟੀਫਿਕੇਸ਼ਨ ਮੁਤਾਬਕ ਪੰਜਾਬੀ ਨੂੰ ਮੁੱਖ ਵਿਸ਼ੇ ਵਜੋਂ ਨਾ ਪੜ੍ਹਾਉਣ ਵਾਲੇ ਸਕੂਲਾਂ ਦੇ ਸਰਟੀਫਿਕੇਟਾਂ ਨੂੰ ਮਾਨਤਾ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ ਹੈ ਬਲਕਿ ਇਹ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਹੈ, ਜਿਸਨੂੰ ਦੇਸ਼ ਭਰ ਦੇ ਲੱਖਾਂ ਲੋਕ ਬੋਲਦੇ ਅਤੇ ਪਿਆਰ ਕਰਦੇ ਹਨ ।ਪੰਜਾਬ ਸਰਕਾਰ ਵੱਲੋਂ ਆਪਣੀ ਸਿੱਖਿਆ ਨੀਤੀ ਲਿਆਂਦੀ ਜਾਵੇਗੀ ਅਤੇ ਇਸ ਮੰਤਵ ਲਈ ਜਲਦ ਹੀ ਮਾਹਿਰਾਂ ਦੀ ਇੱਕ ਕਮੇਟੀ ਬਣਾਈ ਜਾਵੇਗੀ।





# ਸਹਾਇਤਾ ਵੰਡ ਸਮਾਗਮ ਦੀਆਂ ਤਿਆਰੀਆਂ ਮੁਕੰਮਲ : ਵਾਰੀਆ



ਜਿਸ ਤਰਾ ਦੁਨੀਆ ਦੇ ਸਭ ਧਰਮ ਮਨੁੱਖਤਾ ਦੀ ਸੇਵਾ ਨੂੰ ਸਭ ਤੋ ਉੱਤਮ ਸਮਝਦੇ ਹਨ। ਇਸੇ ਹੀ ਤਰਾ ਜਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਸਿਰਮੌਰ ਸੰਸਥਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦਾ ਮਿਸ਼ਨ ਵੀ ਗਰੀਬ ਲੋੜਵੰਦਾ ਦੀ ਤਨ ਮਨ ਧਨ ਨਾਲ ਸੇਵਾ ਕਰਨਾ ਹੈ। ਸੰਸਥਾ ਜਿੱਥੇ ਅਪੰਗ ਵਿਅਕਤੀਆਂ ਨੂੰ ਟਰਾਈ ਸਾਈਕਲ, ਬੀਲ ਚੇਅਰਾ ਅਤੇ ਆਰਥਿਕ ਤੌਰ ਤੇ ਗਰੀਬ ਲੜਕੀਆ ਅਤੇ ਵਿਧਵਾਵਾ ਨੂੰ ਸਿਲਾਈ ਮਸ਼ੀਨਾ ਦੇ ਕੇ ਆਪਣੇ-ਆਪ ਨੂੰ ਵੱਡਭਾਗਾ ਮਹਿਸੂਸ ਕਰਦੀ ਹੈ। ਉਸੇ ਹੀ ਪਿਰਤ ਨੂੰ ਅੱਗੇ ਤੋਰਦੇ ਹੋਏ ਹਰੇਕ ਸਾਲ ਦੀ ਤਰਾ ਇਸ ਸਾਲ ਵੀ ਸੰਸਥਾ ਦਾ 27 ਵਾਂ ਸਹਾਇਤਾ ਵੰਡ ਸਮਾਗਮ ਸੰਸਥਾ ਦੇ ਸਰਪ੍ਰਸਤ ਸਵਃ ਬਲਵੰਤ ਸਿੰਘ ਜਗੈਤ ਜੀ ਦੀ ਯਾਦ ਨੂੰ ਸਮਰਪਿਤ 2 ਮਾਰਚ ਦਿਨ ਐਤਵਾਰ ਨੂੰ ਗੁਰਦੁਆਰਾ ਸ਼ਹੀਦਾਂ ਸਿੰਘਾਂ ਚੌਹੜਾ, ਕੋਟ ਪੱਲੀਆਂ ਵਿਖੇ ਕਰਵਾਇਆ ਜਾ ਰਿਹਾ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਦੱਸਿਆ ਇਹ ਸਹਾਇਤਾ ਵੰਡ ਸਮਾਗਮ ਸਵਰਗੀਆ ਬਲਵੰਤ ਸਿੰਘ ਜਗੈਤ ਜੀ ਨੂੰ ਸਮਰਪਿਤ ਹੋਵੇਗਾ। ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ, ਉਪਰੰਤ ਕਵੀਸ਼ਰੀ ਜਥਾ ਭਾਈ ਸੁਖਬੀਰ ਸਿੰਘ ਗੁਰੂ ਨਾਨਕ ਦਲ ਮੜੀਆਂ ਵਾਲੇ ਕਵਿਸ਼ਰੀ ਸੁਣਾਉਣਗੇ ਇਸ ਤੋ ਉਪਰੰਤ ਸਹਾਇਤਾ ਵੰਡ ਸਮਾਗਮ ਹੋਵੇਗਾ। ਜਿਸ ਵਿੱਚ ਲੋੜਬੰਦਾ ਨੂੰ ਟਰਾਈ ਸਾਈਕਲ ਅਤੇ ਬੀਲ ਚੇਅਰਾ ਦਿੱਤੀਆ ਜਾਣਗੀਆ। ਇਸੇ ਤਰਾ ਆਰਥਿਕ ਤੌਰ ਤੇ ਗਰੀਬ ਲੜਕੀਆ ਅਤੇ ਵਿਧਵਾਵਾ ਨੂੰ ਸਿਲਾਈ ਮਸ਼ੀਨਾ ਦਿੱਤੀਆ ਜਾਣਗੀਆ। ਇਸ ਸਹਾਇਤਾ ਵੰਡ ਸਮਾਗਮ ਦਾ ਉਦਘਾਟਨ ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ ਕਰਨਗੇ ਇਸੇ ਹੀ ਤਰਾ ਇਲਾਕੇ ਦੀਆ ਸਮਾਜ ਸੇਵੀ ਸੰਸਥਾਵਾ ਨੂੰ ਵੀ ਸਨਮਾਨਿਤ ਕੀਤਾ ਜਾ ਰਿਹਾ ਹੈ। ਅਤੇ ਧਾਰਮਿਕ ਪੁਸਤਕਾਂ ਵੀ ਵੰਡੀਆਂ ਜਾਣਗੀਆਂ ਇਸ ਸਹਾਇਤਾ ਵੰਡ ਸਮਾਗਮ ਦੇ ਮੁੱਖ ਮਹਿਮਾਨ ਪਦਮ ਸ੍ਰੀ ਬੀਬੀ ਪ੍ਰਕਾਸ਼ ਕੌਰ ਜੀ ਮੁੱਖ ਪ੍ਰਬੰਧਕ ਯੂਨੀਕ ਹੋਮ ਜਲੰਧਰ ਜੀ ਮੁੱਖ ਮਹਿਮਾਨ ਹੋਣਗੇ ।ਇਸ ਮੌਕੇ ਤੇ ਉਹਨ ਨਾਲ ਚੇਅਰਮੈਨ ਤਰਲੋਚਨ ਸਿੰਘ ਵਾਰੀਆ, ਪ੍ਰਧਾਨ ਪਰਮਜੀਤ ਸਿੰਘ ਸੂਰਾਪੁਰੀ , ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ,ਲੈਕਚਰਾਰ ਤਰਸੇਮ ਪਠਲਾਵਾ, ਮਾਸਟਰ ਤਰਲੋਚਨ ਸਿੰਘ, ਬਲਵੀਰ ਸਿੰਘ ਜਗੈਤ, ਅਮਰਜੀਤ ਸਿੰਘ ਸੂਰਾਪੁਰੀ ,ਸੰਦੀਪ ਕੁਮਾਰ ਪੋਸੀ, ਚਰਨਜੀਤ ਸ਼ਰਮਾ ਪੋਸੀ, ਮਾਸਟਰ ਹਰਮੇਸ਼ ਪਠਲਾਵਾ ਜੋਗਾ ਸਿੰਘ, ਸੇਵਾ ਸਿੰਘ, ਮਾਸਟਰ ਹਰਮੇਸ਼ ਪਠਲਾਵਾ, ਬਲਵੀਰ ਸਿੰਘ ਯੂ ਕੇ, ਪਰਮਿੰਦਰ ਰਾਣਾ, ਸਤੀਸ਼ ਕੁਮਾਰ ਐਮਾ ਜੱਟਾਂ, ਜੀ ਚੰਨੀ ਪਠਲਾਵਾ, ਡਾਕਟਰ ਰਾਜ ਕੁਮਾਰ ਬੰਗਾ, ਹਰਜੀਤ ਸਿੰਘ ਜੀਤਾ, ਹਰਜਿੰਦਰ ਸਿੰਘ ਜਿੰਦਾ ,ਅਤੇ ਇਸਤਰੀ ਵਿੰਗ ਦੇ ਸੰਮੂਹ ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਹਾਜ਼ਰ ਸਨ। ਇਸ ਮੌਕੇ ਚਾਹ ਪਕੌੜੇ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

## 50 ਵੇ ਪ੍ਰਭੂ ਵਰਦਾਨ ਕੈਂਪ ਵਿੱਚ

# ਲੋੜਵੰਦਾਂ ਨੇ ਕੀਤਾ ਲਾਭ ਪ੍ਰਾਪਤ




**ਜੰਡਿਆਲਾ ਗੁਰੂ, 27 ਫਰਵਰੀ( ਕੁਲਵੰਤ ਸਿੰਘ ਵਿਰਦੀ )**-ਮਹਾ ਸ਼ਿਵਰਾਤਰੀ ਦਿਹਾੜੇ ਤੇ ਪ੍ਰਭੂ ਵਰਦਾਨ ਦੇ 50ਵੇਂ ਕੈਂਪ ਦਾ ਸਫਲ ਇਤਹਾਸਿਕ ਆਯੋਜਨ ਖਤਰੀ ਸਭਾ ਪਰਿਵਾਰ ਰਾਜ ਟੰਡਨ, ਸ਼੍ਰੀਮਤੀ ਅੰਜਨਾ ਸੇਠ, ਸ਼੍ਰੀ ਜਗਦੀਸ਼ ਅਰੋੜਾ, ਸਤੀਸ਼ ਬਧਵਾਰ, ਅਰੂਣ ਖੰਨਾ, ਡਾ. ਸਵਰਾਜ ਗਰੋਵਰ, ਦਿਨੇਸ਼ ਖੰਨਾ, ਸੁਨੀਲ ਖੰਨਾ, ਡਾਲੀ ਭਾਟਿਆ ਦੀ ਅਗਵਾਈ ਹੇਠ ਕੀਤਾ ਗਿਆ। ਜਿਸ ਵਿਚ ਸਾਰਾ ਦਿਨ ਕਪੜਿਆਂ ਅਤੇ ਹੋਰ ਜਰੂਰਤ ਦੇ ਸਮਾਨ ਦਾ ਲੰਗਰ ਅਤੇ ਖਾਣ-ਪੀਣ ਦਾ ਲੰਗਰ ਲਗਾਇਆ ਗਿਆ। ਜਿਸ ਵਿੱਚ ਹਜਾਰਾਂ ਲੋੜਮੰਦਾ ਨੇ ਮੰਨ-ਪੰਸਦ ਦਾ ਸਮਾਨ ਪਾਕੇ ਕੇ ਉਹਨਾਂ ਦੇ ਚੇਹਰੇ ਖੁਸ਼ੀ ਨਾਲ ਖਿਲ ਉਠੇ। ਖਾਣ-ਪੀਣ ਦੇ ਲੰਗਰ ਦਾ ਪ੍ਰਬੰਧ ਬਾਲ ਕਿਸ਼ਨ ਬਧਵਾਰ ਦੇ ਪਰਿਵਾਰ ਵੱਲੋਂ ਬੜੇ ਚੰਗੇ ਢੰਗ ਨਾਲ ਕੀਤਾ ਗਿਆ ।ਕਪੜਿਆਂ ਅਤੇ ਹੋਰ ਜਰੂਰੀ ਸਮਾਨ ਦਾ ਪ੍ਰਬੰਧ ਖਤਰੀ ਸਭਾ ਪਰਿਵਾਰ ਅਤੇ ਹੋਲੀ ਹਾਰਟ ਪ੍ਰੈਜੀਡੈਂਸੀ ਸਕੂਲ ਦੀ ਸ਼੍ਰੀਮਤੀ ਅੰਜਨਾ ਸੇਠ ਅਤੇ ਪ੍ਰਿੰਸੀਪਲ ਸ਼ਿਲਪਾ ਸੇਠ ਵੱਲੋਂ ਕੀਤਾ ਗਈ। ਵਿਸ਼ੇਸ਼ ਮਹਿਮਾਨ ਦੇ ਤੋਰ ਤੇ ਸਮਾਜ ਸੇਵੀ ਪ੍ਰਿੰਸੀਪਲ ਅਤੇ ਆਰਯਨ ਸਟਡੀਜ਼ ਦੀ ਡਾਇਰੈਕਟਰ ਡਾ. ਸ਼ਰੂਤੀ ਮਹਾਜਨ ਨੇ ਇਸ ਪ੍ਰੇਰਕ ਆਯੋਜਨ ਦੀ ਖਤਰੀ ਸਮਾਂ ਪਰਿਵਾਰ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਪ੍ਰਭੂ ਵਰਦਾਨ ਕੈਂਪ ਲੋੜਵੰਦਾ ਲਈ ਕੀਮਤੀ ਤੋਂਹਫਾ ਹੈ। ਇਸ ਮੌਕੇ ਤੇ ਪ੍ਰਿੰਸੀਪਲ ਸਵਿਤਾ ਸਚਦੇਵਾ, ਡਾ. ਪ੍ਰੋ ਕਿਰਨ ਖੰਨਾ, ਹੋਲੀ ਗਾਰਟ ਸਕੂਲ ਦੇ ਸੰਤੋਸ਼ ਕੁਮਾਰੀ, ਮੰਜੂ ਕੁਮਾਰੀ, ਜਿੰਮੀ ਬਧਵਾਰ, ਲਵਕੇਸ਼ ਬਧਵਾਰ, ਡਾ. ਅਰੂਣ ਮਹਾਜਨ, ਇੰਦਰਾ ਧਵਨ, ਸੁਨੀਲ ਧੀਰ, ਰਜਿੰਦਰ ਧੀਰ, ਸੁਧੀਰ ਮੇਹਰਾ, ਵੀਨਾ ਮਹਾਜਨ, ਡਾ. ਇੰਦੂ ਵਰਮਾ, ਰਾਜੀਵ ਕੁਮਾਰ, ਡਾ. ਰਵਿੰਦਰ ਅਰੋੜਾ, ਸੋਨਿਆ ਚੌਹਾਨ, ਵੀਨਾ ਕਪੂਰ, ਰਿੰਪੀ ਰਾਜਪੂਤ, ਸਨੇਹ ਅਰੋੜਾ, ਨੀਰੂ ਭਾਟਿਆ, ਸੋਨਿਆ ਮਾਲੀ, ਵਿਭਾ ਅਰੋੜਾ, ਊਸ਼ਾ ਗੁਪਤਾ, ਕਵਿਤਾ ਸ਼ਰਮਾ ਨੇ ਕੈਂਪ ਦੀ ਗਤੀਵਿਧਿਆਂ ਵਿਚ ਭੂਮਿਕਾ ਨਿਭਾ ਪ੍ਰੋਗਰਾਮ ਵਿਚ ਚਾਰ ਚੰਦ ਲਗਾ ਦਿੱਤੇ ਸਾਰੇ ਮੈਂਬਰਾਂ ਨੇ ਲੋੜਮੰਦਾ ਦੀ ਜਿਆਦਾ ਤੋਂ ਜਿਆਦਾ ਮਦਦ ਕਰਨ ਦਾ ਸੰਕਲਪ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਜਾਮ ਨਗਰ ਐਕਸਪਰੈਸ ਵੇਅ ਨਾਲ ਜੋੜਿਆ ਜਾਵੇਗਾ ਰੋਡ ਮੈਪ ਤਿਆਰ



**ਗੁਰੂਸਰ ਸੁਧਾਰ (ਗੁਰਜੰਟ ਸਿੰਘ ਖਾਲਸਾ)**-ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਬਲਾਕ (ਗੁਰੂਸਰ ਸੁਧਾਰ) ਕਸਬੇ ਦੀ ਹੱਦ ਅੰਦਰ ਪਿੰਡ ਐਤੀਆਣਾ ਵਿੱਚ ਬਣੇ ਅੰਤਰਰਾਸ਼ਟਰੀ ਹਵਾਈ ਅੱਡੇ ਨੂੰ ਅੰਮ੍ਰਿਤਸਰ ਯਾਮਨਗਰ ਗੁਜਰਾਤ ਐਕਸਪ੍ਰੈਸ ਵੇ ਨਾਲ ਜੋੜਿਆ ਜਾਵੇਗਾ। ਇਹ ਗਰੀਨ ਫੀਲਡ ਕੋਰੀਡੋਰ ਅੰਮ੍ਰਿਤਸਰ ਤੋਂ ਵਾਇਆ ਲੁਧਿਆਣਾ ਬਠਿੰਡਾ ਅਜਮੇਰ ਤੋਂ ਯਾਮਨਗਰ ਤੱਕ ਬਣਾਇਆ ਜਾ ਰਿਹਾ ਹੈ ਲੁਧਿਆਣਾ ਬਠਿੰਡਾ ਹਾਈਵੇ ਤੇ ਸਥਿਤ ਪਿੰਡ ਹਲਵਾਰਾ ਤੋਂ ਏਅਰਪੋਰਟ ਜੋੜਨ ਵਾਲੀ ਸੜਕ ਜਰੂਰ ਦੇ ਹਿਸਾਬ ਨਾਲੋਂ ਨਾਕਾਫੀ ਹੈ ਇਹ ਤੰਗ ਸੜਕ ਉਡਾਣਾ ਸ਼ੁਰੂ ਹੋਣ ਤੋਂ ਬਾਅਦ ਟਰੈਫਿਕ ਨੂੰ ਸੰਭਾਲ ਨਹੀਂ ਸਕਦੀ ਇਹ ਪੰਜ ਕਿਲੋਮੀਟਰ ਲੰਬੀ ਸੜਕ ਸਿਰਫ 20 ਫੁੱਟ ਚੌੜੀ ਹੈ ਜਿਸ ਨੂੰ ਹਵਾਈ ਅੱਡਾ ਖੁੱਲਣ ਤੋਂ ਬਾਅਦ ਟਰੈਫਿਕ ਨੂੰ ਨਾਸਹਿਣ ਦੇ ਯੋਗ ਮੰਨਿਆ ਜਾਂਦਾ ਹੈ ਇਸ ਨੂੰ ਨਾਕਾਫੀ ਸਮਝਦਿਆਂ ਏਅਰਪੋਰਟ ਅਥਾਰਟੀ ਆਫ ਇੰਡੀਆ ਦੇ ਅਧਿਕਾਰੀਆਂ ਨੇ ਵੀ ਸੜਕ ਨੂੰ 100 ਫੁੱਟ ਹੋਰ ਚੌੜਾ ਕਰਨ ਦੇ ਲਈ ਸਬੰਧ ਵਿਭਾਗਾਂ ਨੂੰ ਕਹਿ ਦਿੱਤਾ ਹੈ ਅੰਮ੍ਰਿਤਸਰ ਤੋਂ ਸ਼ੁਰੂ ਹੋ ਕੇ ਇਹ ਐਕਸਪਰੈਸ ਵੇ ਲੁਧਿਆਣਾ ਦੇ ਦੱਖਣ ਪੱਛਮ ਵਿੱਚ ਸਥਿਤ ਬੱਲੋਵਾਲ ਪਿੰਡ ਤੋਂ ਬਠਿੰਡਾ ਅਜਮੇਰ ਰਾਹੀਂ ਜਾਮ ਨਗਰ ਤੱਕ ਬਣਾਇਆ ਜਾ ਰਿਹਾ ਹੈ। ਲੁਧਿਆਣਾ ਬਠਿੰਡਾ ਹਾਈਵੇ ਤੋਂ ਲੰਘਦੇ ਹੋਏ ਇਹ ਐਕਸਪਰੈਸ ਵੇਅ ਹਲਵਾਰਾ ਅਤੇ ਪਿੰਡ ਚੱਕ ਭਾਈ ਕਾ ਰਾਹੀ ਬਠਿੰਡਾ ਵੱਲ ਜਾਵੇਗਾ ਹਲਵਾਰਾ ਤੋਂ ਇਸ ਐਕਸਪਰੈਸ ਵੇਅ ਦੀ ਇੱਕ ਵੱਖਰੀ ਲੇਨ ਹਲਵਾਰਾ ਹਵਾਈ ਅੱਡੇ ਤੱਕ ਜਾਵੇਗੀ ਭਾਵੇਂ ਇਹ ਐਕਸਪਰੈਸ ਵੇਅ ਛੇ ਮਾਰਗੀ ਹੈ ਪਰ ਇਸ ਨੂੰ ਹਲਵਾਰਾ ਤੋਂ ਹਵਾਈ ਅੱਡੇ ਤੱਕ ਪਹੁੰਚਣ ਵਾਲੀ ਸੜਕ ਤੱਕ 200 ਫੁੱਟ ਚੌੜਾ ਬਣਾਇਆ ਜਾਵੇਗਾ

# ਮਾਰਕਿਟ ਕਮੇਟੀ ਸੇਰਪੁਰ ਦੇ ਨਵ ਨਿਯੁਕਤ ਚੇਅਰਮੈਨ ਸਰਪੰਚ ਰਾਜਵਿੰਦਰ ਸਿੰਘ ਨੇ ਹਾਈਕਮਾਂਡ ਦਾ ਕੀਤਾ ਧੰਨਵਾਦ

## ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦੇ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਪੰਜਾਬ ਦੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਅਤੇ ਮਾਨ ਸਰਕਾਰ ਨੇ ਪੂਰੇ ਪੰਜਾਬ ਵਿੱਚ ਮਾਰਕੀਟ ਕਮੇਟੀਆ ਦੇ ਚੇਅਰਮੈਨਾਂ ਦੀਆਂ ਨਿਯੁਕਤੀਆਂ ਕੀਤੀਆਂ ਹਨ। ਇਸੇ ਹੀ ਤਹਿਤ ਹਲਕਾ ਮਹਿਲ ਕਲਾਂ ਤੋਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵੱਲੋਂ ਆਪਣੇ ਹਲਕੇ ਅੰਦਰ ਆਉਂਦੀ ਮਾਰਕੀਟ ਕਮੇਟੀ ਦੇ ਨਵ ਨਿਯੁਕਤ ਚੇਅਰਮੈਨ ਸਰਪੰਚ ਰਾਜਵਿੰਦਰ ਸਿੰਘ ਨੂੰ ਮਾਰਕੀਟ ਕਮੇਟੀ ਦਾ ਚੇਅਰਮੈਨ ਨਿਯੁਕਤ ਕਰਨਾ ਹਲਕੇ ਦੀ ਸਮੁੱਚੀ ਟੀਮ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਨਵ ਨਿਯੁਕਤ ਚੇਅਰਮੈਨ ਰਾਜਵਿੰਦਰ ਸਿੰਘ ਨੇ ਕਿਹਾ ਕਿ ਉਹ ਪਾਰਟੀ ਹਾਈ ਕਮਾਂਡ ਦਾ ਅਤੇ ਐਮ ਐਲ ਏ ਕੁਲਵੰਤ ਸਿੰਘ ਪੰਡੋਰੀ ਦਾ ਦਿਲ ਦੀਆਂ ਗਹਿਰਾਈਆਂ ਚੋ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਮਾਰਕੀਟ ਕਮੇਟੀ ਸੇਰਪੁਰ ਅੰਦਰ ਪੈਂਦੇ ਪਿੰਡਾਂ ਨੂੰ ਜੋ ਵੀ ਸਹੂਲਤਾਂ ਸਰਕਾਰ ਵੱਲੋਂ ਕਿਸਾਨਾਂ ਲਈ ਆਉਣਗੀਆਂ ਉਨ੍ਹਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਇਆ ਜਾਵੇਗਾ।



# ਕੇਜਰੀਵਾਲ ਪੰਜਾਬ ਚੋ ਰਾਜ ਸਭਾ ਮੈਂਬਰ ਬਣਕੇ, ਪੰਜਾਬ ਤੇ ਕਬਜਾ ਕਰਨਾ ਚਾਹੁੰਦੇ ਹਨ : ਡਾ. ਜਗਜੀਵਨ ਸਿੰਘ ਸ਼ੇਰਪੁਰ

**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਨੇ ਲੁਧਿਆਣਾ ਵੈਸਟ ਉਪ ਚੋਣ ਲਈ ਰਾਜ ਸਭਾ ਸੰਸਦ ਮੈਂਬਰ ਅਤੇ ਪ੍ਰਸਿੱਧ ਉਦਯੋਗਪਤੀ ਸੰਜੀਵ ਅਰੋੜਾ ਆਪਣਾ ਉਮੀਦਵਾਰ ਐਲਾਨਿਆ ਹੈ ਜਿਸ ਨਾਲ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਰਾਜ ਸਭਾ ਜਾਣ ਦਾ ਰਸਤਾ ਬਿਲਕੁਲ ਸਾਫ਼ ਹੋ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਬਰਨਾਲਾ ਦੇ ਇਨਚਾਰਜ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਚੋਣ ਹਾਰਨ ਤੋਂ ਬਾਅਦ ਹੀ ਰਾਜਨੀਤਿਕ ਗਲਿਆਰੇ ਵਿੱਚ ਇਹ ਚਰਚਾ ਚੱਲ ਰਹੀ ਸੀ ਕਿ ਅਰਵਿੰਦ ਕੇਜਰੀਵਾਲ ਪੰਜਾਬ ਵਿੱਚ ਸਰਗਰਮ ਹੋਣਗੇ ਅਤੇ ਹੁਣ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੂੰ ਲੁਧਿਆਣਾ ਵੈਸਟ ਤੋਂ ਉਪ ਚੋਣ ਵਿੱਚ ਉਤਾਰਨ ਦੀ ਘੋਸ਼ਣਾ ਹੋਣ ਤੋਂ ਬਾਅਦ ਇਹ ਸਪਸ਼ਟ ਹੋ ਗਿਆ ਹੈ ਕਿ ਸੰਜੀਵ ਅਰੋੜਾ ਨੂੰ ਜਿਤਾਉਣ ਲਈ ਸਰਕਾਰ ਪੂਰਾ ਜ਼ੋਰ ਲਗਾਏਗੀ ਅਤੇ ਉਨ੍ਹਾਂ ਨੂੰ ਕੈਬਨਿਟ ਵਿੱਚ ਵੀ ਸ਼ਾਮਲ ਕੀਤਾ ਜਾਵੇਗਾ। ਇਸ ਸਮੇਂ ਭਗਵੰਤ ਮਾਨ ਦੀ ਕੈਬਨਿਟ ਵਿੱਚ ਦੋ ਮੰਤਰੀਆਂ ਦੇ ਸਥਾਨ ਖਾਲੀ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਪ ਲੀਡਰਸ਼ਿਪ ਅੱਖਾਂ ਬੰਦ ਕਰਕੇ ਬੈਠੀ ਹੈ ਜਿਸ ਤੋਂ ਪੰਜਾਬ ਦੇ ਹਿੱਤਾਂ ਪ੍ਰਤੀ ਆਵਾਜ਼ ਉਠਾਉਣ ਦੀ ਕੋਈ ਉਮੀਦ ਬਾਕੀ ਨਹੀਂ ਰਹਿ ਗਈ ਅਤੇ ਦਿੱਲੀ ਦੇ ਨੁਮਾਇੰਦਿਆਂ ਦੇ ਹੱਥਾਂ ਵਿੱਚ ਖੇਡਿਆ ਜਾ ਰਿਹਾ ਹੈ ਜੋ ਠੀਕ ਨਹੀਂ।



### ਸ੍ਰੀ ਅਕਾਲ ਤਖਤ ਸਾਹਿਬ ਜੀ ਨਾਲ ਮੱਥਾ ਲਾਉਣ ਵਾਲੇ ਦੋਸ਼ੀ ਬਖਸ਼ੇ ਨਹੀਂ ਜਾਂਦੇ

# ਜਥੇਦਾਰ ਸਾਹਿਬ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਵਰਗੇ ਫੈਸਲੇ ਲੈਣ : ਜਥੇਦਾਰ ਜੱਸੀ ਯੂਐਸਏ



**ਜੰਡਿਆਲਾ ਗੁਰੂ, 27 ਫਰਵਰੀ (ਕੁਲਵੰਤ ਸਿੰਘ ਵਿਰਦੀ)**- ਅੱਜ ਗੁਰਦੁਆਰਾ ਸਿੰਘ ਸਭਾ ਸਿਲਵਸ ਅਮਰੀਕਾ ਦੇ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਬੁੱਢਾ ਦਲ ਅਮਰੀਕਾ ਇਕਾਈ ਦੇ ਇੰਚਾਰਜ ਜਥੇਦਾਰ ਜਸਵਿੰਦਰ ਸਿੰਘ ਜੱਸੀ ਜੀ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਝੀ ਕਰਦਿਆਂ ਹੋਇਆਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਜੀ,96 ਕਰੋੜੀ ਜੀ ਵੱਲੋਂ ਸ੍ਰੀ ਆਕਾਲ ਤਖਤ ਸਾਹਿਬ ਜੀ ਦੀ ਮਾਣ ਮਰਿਆਦਾ ਨੂੰ ਲਗਾਈ ਜਾ ਢਾਹ ਤੋਂ ਚਿੰਤਿਤ ਹੁੰਦਿਆਂ ਹੋਇਆ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਨੂੰ ਅਤੇ ਸਮੂਹ ਨਿਹੰਗ ਸਿੰਘ ਫੌਜਾਂ ਦੇ ਮੁਖੀਆਂ ਨੂੰ ਇਕ ਅਪੀਲ ਕੀਤੀ ਗਈ ਜਿਸ ਵਿੱਚ ਨਾਲ ਹੀ ਬਾਬਾ ਬਲਬੀਰ ਸਿੰਘ ਜੀ ਵੱਲੋਂ ਸ੍ਰੀ ਆਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਜਥੇਦਾਰ ਸਿੰਘ ਸਾਹਿਬ ਅਕਾਲੀ ਬਾਬਾ ਫੂਲਾ ਸਿੰਘ ਜੀ ਬੁੱਢਾ ਦਲ ਵੱਲੋਂ ਪੰਥ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਅਤੇ ਲਏ ਗਏ ਸਖ਼ਤ ਫੈਸਲਿਆਂ ਵਰਗੇ ਫੈਸਲੇ ਲੈਣ ਲਈ ਕਿਹਾ ਗਿਆ ਤਾਂ ਜੋ ਕੋਈ ਵੀ ਵਿਸ਼ੇਸ਼ ਵਿਅਕਤੀ ਸ੍ਰੀ ਆਕਾਲ ਤਖਤ ਸਾਹਿਬ ਜੀ ਦੀ ਮਾਣ ਮਰਿਆਦਾ ਨੂੰ ਠੇਸ ਨਾ ਪਹੁੰਚਾ ਸਕੇ ਕਿਉਂਕਿ ਇਹ ਤਖਤ ਕਿਸੇ ਇਕ ਵਿਸ਼ੇਸ਼ ਵਿਅਕਤੀ ਦਾ ਨਹੀਂ ਇਹ ਤਖ਼ਤ ਵਿਸ਼ਵ ਵਿਚ ਵੱਸਦੀਆਂ ਸਮੂਹ ਸੰਗਤਾਂ ਦਾ ਸੁਪਰੀਮ ਤਖ਼ਤ ਹੈ ਜਿਸ ਤੋਂ ਜਾਰੀ ਹੋਣ ਵਾਲੇ ਹੁਕਮ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਤੱਕ ਮੰਨਣਾ ਪੈਂਦਾ ਹੈ ਜਿਸ ਸਬੰਧੀ ਅਮਰੀਕਾ ਵਿੱਚ ਬੈਠੀਆਂ ਸੰਗਤਾਂ ਸ੍ਰੀ ਆਕਾਲ ਤਖਤ ਸਾਹਿਬ ਜੀ ਨੂੰ ਸਮਰਪਿਤ ਹੋਣ ਕਾਰਨ ਤਖਤ ਦੀ ਮਾਣ ਮਰਿਆਦਾ ਲਈ ਸ਼੍ਰੋਮਣੀ

### ਸਿੱਖਾਂ ਦੇ ਕਾਤਲ ਦੋਸ਼ੀ ਸੱਜਣ ਕੁਮਾਰ ਨੂੰ ਮਿਲੀ ਸਜ਼ਾ ਨੇ 41 ਸਾਲ ਬਾਅਦ ਪੀੜ੍ਹਤਾਂ ਦੇ ਜ਼ਖਮਾਂ ਤੇ ਮੱਲ੍ਹਮ ਦਾ ਕੰਮ ਕੀਤਾ

ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਜੀ ਦੇ ਨਾਲ ਮੋਢੇ ਨਾਲ ਮੋਢਾ ਲਾ ਕਿ ਖੜ੍ਹੀਆਂ ਹਨ ਅਤੇ ਕਿਸੇ ਵਿਸ਼ੇਸ਼ ਹੁਕਮ ਦੀ ਉਡੀਕ ਵਿਚ ਹਨ 9 ਅੱਗੇ ਜਥੇਦਾਰ ਜਸਵਿੰਦਰ ਸਿੰਘ ਜੱਸੀ ਜੀ ਨੇ ਕਿਹਾ ਕਿ 1984 ਦੇ ਸਮੇਂ ਇੰਦਰਾ ਗਾਂਧੀ ਵੱਲੋਂ ਸ੍ਰੀ ਆਕਾਲ ਤਖਤ ਸਾਹਿਬ ਜੀ ਨਾਲ ਮੱਥਾ ਲਾਇਆ ਗਿਆ ਅਤੇ ਇਸੇ ਦੁਖਾਂਤ ਦੇ ਚੱਲਦਿਆਂ ਇੰਦਰਾ ਗਾਂਧੀ ਦਾ ਕਤਲ ਕਰ ਦਿੱਤਾ ਗਿਆ ਜਿਸ ਤੋਂ ਬਾਅਦ ਉਸ ਸਮੇਂ ਦੇ ਕਾਂਗਰਸੀ ਐਮ ਪੀ ਸੱਜਣ ਕੁਮਾਰ ਵੱਲੋਂ ਸਿੱਖ ਦੰਗਿਆਂ ਨੂੰ ਭੜਕਾਉਣ ਅਤੇ ਸਿੱਖ ਪ੍ਰੀਵਾਰ ਦਾ ਕਤਲ ਕਰਨ ਦਾ ਦੋਸ਼ੀ ਠਹਿਰਾਇਆ ਗਿਆ ਅਤੇ ਬੀਤੇ ਦਿਨ ਅਦਾਲਤ ਵੱਲੋਂ 41 ਸਾਲ ਬਾਅਦ ਇੱਕ ਦੋਸ਼ੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਜਿਸ ਨੇ ਹਜ਼ਾਰਾਂ ਨੌਜਵਾਨਾਂ ਨੂੰ ਜਿੰਦਾ ਜਲਾਇਆ ਅਤੇ ਘਰ ਲੁੱਟ ਲਏ ਗਏ ਪਰ ਅਫਸੋਸ ਦੀ ਗੱਲ ਹੈ ਕਿ ਇੱਕ ਵੀ ਦੋਸ਼ੀ ਨੂੰ ਫਾਂਸੀ ਦੀ ਸਜ਼ਾ ਨਹੀਂ ਸੁਣਾਈ ਗਈ 9 ਲੇਕਿਨ ਫਿਰ ਵੀ ਇਸ ਫੈਸਲੇ ਦਾ ਸਵਾਗਤ ਕਰਦੇ ਹਾਂ।

### ਸੁਰਜੀਤ ਸਿੰਘ ਕੰਗ ਚੇਅਰਮੈਨ ਲੱਗਣ ਨਾਲ

# ਆਮ ਆਦਮੀ ਪਾਰਟੀ ਵਿੱਚ ਖੁਸ਼ੀ ਦੀ ਲਹਿਰ : ਹਰਜਿੰਦਰ ਸਿੰਘ ਜਲਾਲ ਉਸਮਾਨ



ਚੌਕ ਮਹਿਤਾ 27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਹਾਲ ਹੀ ਵਿੱਚ ਨਗਰ ਪੰਚਾਇਤ ਬਾਬਾ ਬਕਾਲਾ ਸਾਹਿਬ ਦੇ ਨਵੇਂ ਬਣੇ ਪ੍ਰਧਾਨ ਸੁਰਜੀਤ ਸਿੰਘ ਕੰਗ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਮਾਰਕੀਤ ਕਮੇਟੀ ਰਈਆ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ।ਸੁਰਜੀਤ ਸਿੰਘ ਕੰਗ ਆਮ ਆਦਮੀ ਪਾਰਟੀ ਦੇ ਵਾਉਡਰ ਮੈਬਰ ਹਨ ਇਸ ਸਮੇਂ ਯੂਥ ਜੁਆਇੰਟ ਪੰਜਾਬ ਦੇ ਅਹੁਦੇ ਤੇ ਕੰਮ ਕਰ ਰਹੇ ਹਨ। ਉਹ ਲੰਬਾ ਸਮਾਂ ਆਮ ਆਦਮੀ ਪਾਰਟੀ ਲਈ ਸੇਵਾਵਾਂ ਨਿਭਾਉਂਦੇ ਹੋਏ ਪਾਰਟੀ ਦੇ ਪ੍ਰਚਾਰ ਲਈ ਵੱਖ ਵੱਖ ਸੂਬਿਆਂ ਵਿੱਚ ਹੋਣ ਵਾਲੀਆਂ ਚੋਣਾ ਦਰਮਿਆਨ ਵੀ ਵਧ ਚੜਕੇ ਭਾਗ ਲੈਂਦੇ ਰਹੇ ਹਨ। ਇਨ੍ਹਾਂ ਸ਼ਬਦਾਂ ਪ੍ਰਗਟਾਵਾ ਕਰਦੇ ਹੋਏ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਜਿਲਾ ਅੰਮਿਤਸਰ ਐਕਸਾਈਜ਼ ਅਤੇ ਟੈਕਸੇਸ਼ਨ ਸਲਾਹਕਾਰ ਕਮੇਟੀ ਮੈਂਬਰ ਪੰਜਾਬ ਸਰਕਾਰ ਅਤੇ ਵਪਾਰ ਮੰਡਲ ਪੰਜਾਬ ਦੇ ਪ੍ਰਧਾਨ ਤੇ ਪੰਜਾਬ ਸਟੇਟ ਟਰੇਡਰਜ ਕਮਿਸ਼ਨ ਦੇ ਮੈਂਬਰ ਸ੍ਰੀ ਵਿਨੀਤ ਵਰਮਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਵਿੱਚ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਪੰਜਾਬ ਸਰਕਾਰ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਧੰਨਵਾਦ ਕੀਤਾ ਗਿਆ ਕਿ ਉਹ ਮੇਹਨਤ ਕਰਨ ਵਾਲੇ ਆਗੂਆਂ ਨੂੰ ਵੱਡੇ ਵੱਡੇ ਅਹੁਦੇ ਦੇਕੇ ਨਿਵਾਜਿਆ ਗਿਆ ਹੈ। ਇਨ੍ਹਾਂ ਆਗੂਆਂ ਨੇ ਚੇਅਰਮੈਨ ਸੁਰਜੀਤ ਸਿੰਘ ਕੰਗ ਦਾ ਮੂੰਹ ਮਿੱਠਾ ਕਰਕੇ ਖੁਸ਼ੀ ਜਾਹਰ ਕੀਤੀ।

### ਸੰਤ ਬਾਬਾ ਸੱਜਣ ਸਿੰਘ ਨੇ

# ਐਡਵੋਕੇਟ ਬਾਠ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ, 27 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਬਣਨ ਤੇ ਐਡਵੋਕੇਟ ਜਸਪ੍ਰੀਤ ਸਿੰਘ ਬਾਠ (ਭੋਏ) ਨੂੰ ਸਨਮਾਨਿਤ ਕਰਨ ਮੌਕੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਵਾਲੇ ਨਾਲ ਹਨ, ਸਰਪੰਚ ਰਣਧੀਰ ਸਿੰਘ ਬਾਠ, ਸਾਬਕਾ ਸਰਪੰਚ ਦਲਜੀਤ ਸਿੰਘ ਬਾਠ, ਮਾਸਟਰ ਬਲਜਿੰਦਰ ਸਿੰਘ ਬਾਠ ਤੇ ਹੋਰ ਸਖਸ਼ੀਅਤਾਂ।

# ਸਮਾਜ ਸੇਵੀ ਸੰਸਥਾ ਮਾਝਾ ਵੈਲਫੇਅਰ ਸੋਸਾਇਟੀ ਦੇ ਨਵੇਂ ਅਹੁਦੇਦਾਰਾਂ ਦੀ ਚੋਣ



**ਜੰਡਿਆਲਾ ਗੁਰੂ 27 ਫਰਵਰੀ ( ਕੁਲਵੰਤ ਸਿੰਘ ਵਿਰਦੀ)** - ਅੰਮ੍ਰਿਤਸਰ ਦੀ ਉਘੀ ਸਮਾਜ ਸੇਵੀਂ ਸੰਸਥਾ ਮਾਝਾ ਵੈਲਫੇਅਰ ਸੋਸਾਇਟੀ ਦੀ ਬੈਠਕ ਪ੍ਰਧਾਨ ਗੁਰਪ੍ਰੀਤ ਸਿੰਘ ਪ੍ਰਿੰਸ ਗੁੰਮਟਾਲਾ ਦੀ ਦੇਖ-ਰੇਖ ਵਿੱਚ ਗੁੰਮਟਾਲਾ ਵਿਖੇ ਹੋਈ।ਜਿਸ ਵਿੱਚ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਤਰਸੇਮ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ,ਹਰਪ੍ਰੀਤ ਸਿੰਘ ਵਿੱਕੀ ਜਨਰਲ ਸੈਕਟਰੀ,ਜਗਤਾਰ ਸਿੰਘ ਸੈਕਟਰੀ,ਬਚਿੱਤਰ ਸਿੰਘ ਮੀਤ ਪ੍ਰਧਾਨ,ਗੁਰਭੇਜ ਸਿੰਘ ਮੀਤ ਪ੍ਰਧਾਨ,ਗੁਰਜੀਤ ਸਿੰਘ ਮੁੱਖ ਸਲਾਹਕਾਰ,ਸਰਬ ਸੰਧੂ ਕੈਸ਼ੀਅਰ ਅਤੇ ਗੁਰਸੇਵਕ ਸਿੰਘ ਨੂੰ ਮੀਡੀਆ ਸਲਾਹਕਾਰ ਚੁਣਿਆ ਗਿਆ।ਇਸ ਮੌਕੇ ਨਵ-ਨਿਯੁੱਕਤ ਅਹੁਦੇਦਾਰਾਂ ਨੇ ਸਾਰੇ ਮੈਬਰਾਂ ਨੂੰ ਯਕੀਨ ਦਿਵਾਇਆ ਕਿ ਜਿਹੜੀ ਸੇਵਾ ਉਨ੍ਹਾਂ ਨੂੰ ਸੌਂਪੀਂ ਗਈ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਸਮਾਜ ਭਲਾਈ ਕਾਰਜਾਂ ਵਿੱਚ ਵੱਧ ਚੜ੍ਹਕੇ ਹਿੱਸਾ ਲੈਣਗੇ।ਇਸ ਮੌਕੇ ਪ੍ਰਿੰਸ ਗੁੰਮਟਾਲਾ ਨੇ ਕਿਹਾ ਕਿ ਜ਼ਲਦੀ ਹੀ ਸੋਸਾਇਟੀ ਦਾ ਹੋਰ ਵਿਸਥਾਰ ਕੀਤਾ ਜਾਵੇਗਾ ਜਿਸ ਵਿੱਚ ਮੇਹਨਤੀ ਅਤੇ ਕੰਮ ਕਰਨ ਵਾਲੇ ਮੈਬਰਾਂ ਨੂੰ ਹੋਰ ਅਹਿਮ ਜ਼ਿੰਮੇਵਾਰੀਆਂ ਸੌਪੀਂਆਂ ਜਾਣਗੀਆਂ ਉਨ੍ਹਾਂ ਕਿਹਾ ਕਿ ਸੋਸਾਇਟੀ ਜ਼ਲਦੀ ਹੀ ਸਮਾਜ ਅੰਦਰ ਫੈਲੀਆਂ ਕੁਰੀਤੀਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਵੱਡੀ ਮੁਹਿੰਮ ਆਰੰਭ ਕਰੇਗੀ।ਇਸ ਮੌਕੇ ਕੰਵਲਜੀਤ ਸਿੰਘ ਵਾਲੀਆ,ਡਾ.ਅਜ਼ਮੇਰ ਸਿੰਘ ਸੰਧੂ,ਗੁਰਸਪਿੰਦਰ ਸਿੰਘ ਗੋਪੀ,ਅੰਮ੍ਰਿਤਪਾਲ ਸਿੰਘ,ਮਲਕੀਤ ਸਿੰਘ,ਨਵਜੀਤ ਸਿੰਘ,ਡਾ.ਲਖੇਰਾ ਆਦਿ ਹਾਜ਼ਰ ਸਨ।

# ਘਨੌਰੀ ਕਲਾਂ ਦੇ ਵਾਰਡ ਨੰਬਰ 10 'ਚ ਗ੍ਰਾਮ ਪੰਚਾਇਤ ਨੇ ਲਗਾਈ ਮੋਟਰ ਆਗੂਆਂ ਦਾ ਕੀਤਾ ਧੰਨਵਾਦ



**ਸ਼ੇਰਪੁਰ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਹਲਕੇ ਚ ਪੈਂਦੇ ਪਿੰਡ ਘਨੋਰੀ ਕਲਾਂ ਵਿਖੇ ਪੰਚਾਇਤ ਬਲਾਕ ਸ਼ੇਰਪੁਰ ਦੇ ਪ੍ਰਧਾਨ ਸਰਪੰਚ ਅੰਮ੍ਰਿਤਪਾਲ ਸਿੰਘ ਚਹਿਲ ਅਤੇ ਸਮੂਹ ਵੱਲੋਂ ਵਾਰਡ ਨੰਬਰ 10 ਵਿਖੇ ਪੀਣ ਵਾਲੇ ਪਾਣੀ ਲਈ ਮੋਟਰ ਲਗਵਾਈ ਗਈ।ਜਿਸ ਦਾ ਉਦਘਾਟਨ ਸਰਪੰਚ ਅਤੇ ਸਮੂਹ ਗ੍ਰਾਮ ਪੰਚਾਇਤ ਨੇ ਕੀਤਾ। ਇਸ ਮੌਕੇ ਸ੍ਰ ਕੈਵਲ ਸਿੰਘ ਪੰਚ,ਅਮਨ ਖਾਨ, ਹਰਮੇਲ ਸਿੰਘ ਪੰਚ,ਗੁਰਲਾਲ ਸਿੰਘ ਪੰਚ, ਸਾਧੂ ਸਿੰਘ ਪੰਚ, ਮੱਖਣ ਸਿੰਘ ਪੰਚ, ਚਰਨਜੀਤ ਸਿੰਘ ਅਤੇ ਵਾਰਡ ਦੇ ਵਿਆਕਤੀ ਵੀ ਹਾਜ਼ਰ ਸਨ। ਇਸ ਮੌਕੇ ਸਰਪੰਚ ਅੰਮ੍ਰਿਤਪਾਲ ਸਿੰਘ ਚਹਿਲ ਨੇ ਕਿਹਾ ਕਿ ਅਸੀਂ ਸ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਦਫ਼ਤਰ ਇੰਚਾਰਜ਼ ਸ੍ਰ ਰਾਜਵੰਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਚੇਅਰਮੈਨ ਸ੍ਰ ਦਲਵੀਰ ਸਿੰਘ ਢਿੱਲੋਂ, ਸ੍ਰ ਕਰਮਜੀਤ ਸਿੰਘ ਫ਼ੀਲਡ ਅਫ਼ਸਰ ਹਲ਼ਕਾ ਧੂਰੀ ਦਾ ਦਿਲ ਦੀਆਂ ਗਹਿਰਾਈਆਂ ਚੋ ਧੰਨਵਾਦ ਕਰਦੇ ਹਾਂ।

# ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਦੇ ਵਿਦਿਆਰਥੀ ਸਿੱਖੀ -ਸਰੂਪ ਚ ਸਜੇ



**ਚੌਕ ਮਹਿਤਾ, 27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੀ ਰਹਿਨੁਮਾਈ ਹੇਠ ਚੱਲ ਰਹੇ ਅਦਾਰੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਵਿਖੇ "ਸਤਿਨਾਮ ਕਲਿਆਣ ਟਰੱਸਟ" ਵੱਲੋਂ ਸਕੂਲ ਵਿਖੇ ਵਿਦਿਆਰਥੀਆ ਨੂੰ ਸਿੱਖੀ ਸਰੂਪ ਵਿੱਚ ਬਣੇ ਰਹਿਣ ਦੀ ਪ੍ਰੇਰਨਾ ਦੇ ਕੇ ਤਕਰੀਬਨ 30 ਵਿਦਿਆਰਥੀਆਂ ਵੱਲੋਂ ਕੇਸ ਰੱਖੇ ਗਏ ਅਤੇ ਕੁਝ ਵਿਦਿਆਰਥੀਆਂ ਵੱਲੋਂ ਮਾਪਿਆਂ ਦੀ ਅਗਵਾਈ ਹੇਠ ਵੱਖ-ਵੱਖ ਗੁਰਦੁਆਰਾ ਸਾਹਿਬ ਜਾ ਕੇ ਅੰਮ੍ਰਿਤਪਾਨ ਕੀਤਾ ਗਿਆ।ਇਹਨਾਂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਸਕੂਲ ਵਿਖੇ ਵਿਦਿਆਰਥੀਆਂ ਨੂੰ ਧਾਰਮਿਕ ਵਿੱਦਿਆ ਦੇ ਨਾਲ ਨਾਲ ਧਾਰਮਿਕ ਮੁਕਾਬਲੇ,ਸ਼ਬਦ-ਗਾਇਣ ਮੁਕਾਬਲੇ ,ਕੀਰਤਨ ,ਭਾਸ਼ਣ ਮੁਕਾਬਲੇ ਆਦਿ ਆਯੋਜਿਤ ਕਰਵਾਏ ਜਾਂਦੇ ਹਨ।ਸੰਸਥਾ ਦੇ ਚੈਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਵੱਲੋਂ ਇਹਨਾਂ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ ਅਤੇ ਉਹਨਾਂ ਨੂੰ ਸਿੱਖੀ ਸਰੂਪ ਵਿੱਚ ਬਣੇ ਰਹਿਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸ.ਭਗਵੰਤ ਸਿੰਘ (ਸੁਪਰਵਾਈਜ਼ਰ ਜ਼ੋਨ ਬਾਬਾ ਬਕਾਲਾ),ਸ.ਅਮਨਦੀਪ ਸਿੰਘ,ਮੈ.ਜਤਿੰਦਰ ਕੌਰ,ਮੈ.ਹਰਪ੍ਰੀਤ ਕੌਰ (ਡਾਇਰੈਕਟਰ ),ਮੈ .ਪਲਵਿੰਦਰ ਕੌਰ (ਧਾਰਮਿਕ ਅਧਿਆਪਕ)ਆਦਿ ਹਾਜਰ ਸਨ।

## ਯੂ. ਕੇ. ਪੁਲਿਸ ਦੇ ਪਹਿਲੇ ਅੰਮ੍ਰਿਤਧਾਰੀ ਚੀਫ ਇੰਸਪੈਕਟਰ

# ਅਮਨਦੀਪ ਸਿੰਘ ਤਖ਼ਤ ਸ੍ਰੀ ਦਮਦਮਾ ਸਾਹਿਬ ਹੋਏ ਨਤਮਸਤਕ



**ਤਲਵੰਡੀ ਸਾਬੋ, 27 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਇੰਗਲੈਂਡ (ਯੂਨਾਈਟਡ ਕਿੰਗਡਮ) ਦੀ ਪੁਲਿਸ ਦੇ ਪਹਿਲੇ ਅੰਮ੍ਰਿਤਧਾਰੀ ਚੀਫ ਇੰਸਪੈਕਟਰ ਅਮਨਦੀਪ ਸਿੰਘ ਨੇ ਆਪਣੇ ਸਾਥੀਆਂ ਸਮੇਤ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਪੁੱਜ ਕੇ ਮੱਥਾ ਟੇਕਦਿਆਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਤਖਤ ਸਾਹਿਬ ਪਹੁੰਚ ਕੇ ਅਮਨਦੀਪ ਸਿੰਘ ਨੇ ਮੱਥਾ ਟੇਕਦਿਆਂ ਸਾਥੀਆਂ ਅਤੇ ਪਰਿਵਾਰਿਕ ਮੈਂਬਰਾਂ ਸਮੇਤ ਕੀਰਤਨ ਸ੍ਰਵਣ ਕੀਤਾ ਉਨਾਂ ਇਸ ਮੌਕੇ ਗੁ. ਦਮਦਮਾ ਸਾਹਿਬ, ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਭੋਰਾ ਸਾਹਿਬ ਦੇ ਦਰਸ਼ਨ ਕੀਤੇ। ਗੁ. ਦਮਦਮਾ ਸਾਹਿਬ ਵਿਖੇ ਦਮਦਮਾ ਸਾਹਿਬ ਦੇ ਸਮੁੱਚੇ ਇਤਿਹਾਸ ਨੂੰ ਦਰਸਾਉਂਦੀ ਲੱਗੀ ਚਿੱਤਰ ਪ੍ਰਦਰਸ਼ਨੀ ਦੀ ਜਿੱਥੇ ਉਨ੍ਹਾਂ ਨੇ ਸ਼ਲਾਘਾ ਕੀਤੀ ਉੱਥੇ ਗੁ: ਲਿਖਣਸਰ ਸਾਹਿਬ ਵਿਖੇ ਉਨਾਂ ਨੇ ਪੈਂਤੀ ਲਿਖੀ ।ਗੱਲਬਾਤ ਕਰਦਿਆਂ ਚੀਫ ਇੰਸਪੈਕਟਰ ਅਮਨਦੀਪ ਸਿੰਘ ਨੇ ਕਿਹਾ ਕਿ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨ ਦੀਦਾਰੇ ਕਰਕੇ ਉਨਾਂ ਨੂੰ ਮਾਨਸਿਕ ਸਕੂਨ ਦੀ ਪ੍ਰਾਪਤੀ ਹੋਈ ਹੈ ।ਉਨਾਂ ਦੱਸਿਆ ਕਿ ਅੰਮ੍ਰਿਤਧਾਰੀ ਪੁਲਿਸ ਅਧਿਕਾਰੀ ਵਜੋਂ ਡਿਊਟੀ ਨਿਭਾਉਣ ਸਮੇਂ ਉਨਾਂ ਨੂੰ ਯੂ.ਕੇ 'ਚ ਕਦੇ ਕਿਸਮ ਦੀ ਦਿੱਕਤ ਮਹਿਸੂਸ ਨਹੀ ਹੋਣ ਦਿੱਤੀ ਗਈ ਅਤੇ ਸਮੁੱਚੀ ਪੁਲਿਸ ਫੋਰਸ ਦੇ ਸਾਥੀਆਂ ਦਾ ਵਧੀਆ ਸਹਿਯੋਗ ਮਿਲਦਾ ਹੈ। ਇਸ ਮੌਕੇ ਉਨਾਂ ਨਾਲ ਪੁੱਜੇ ਯੂ.ਕੇ ਦੇ ਸਿੱਖ ਪ੍ਰਚਾਰਕ ਭਾਈ ਅਮਰਦੀਪ ਸਿੰਘ ਅੰਬਾ ਨੇ ਕਿਹਾ ਕਿ ਉਸ ਪਾਵਨ ਅਸਥਾਨ ਦੇ ਦਰਸ਼ਨ ਕਰਕੇ ਮਨ ਪ੍ਰਸੰਨ ਹੋ ਗਿਆ ਜਿਸ ਅਸਥਾਨ ਤੇ ਦਸਮੇਸ਼ ਪਿਤਾ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ਼ਹੀਦ ਭਾਈ ਮਨੀ ਸਿੰਘ ਨੂੰ ਲ਼ਿਖਾਰੀ ਅਤੇ ਬਾਬਾ ਦੀਪ ਸਿੰਘ ਨੂੰ ਸਹਿ ਲ਼ਿਖਾਰੀ ਥਾਪ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਕਰਵਾਈ ।ਉਕਤ ਜਥੇ ਵਿੱਚ ਅੰਮ੍ਰਿਤਪਾਲ ਸਿੰਘ ਯੂ.ਕੇ ਅਤੇ ਮਲਜੀਤ ਸਿੰਘ ਯੂ.ਕੇ ਵੀ ਸ਼ਾਮਿਲ ਸਨ। ਉੱਧਰ ਮੱਥਾ ਟੇਕਣ ਉਪਰੰਤ ਤਖਤ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਤਖਤ ਸਾਹਿਬ ਦੇ ਦਫਤਰ ਵਿਖੇ ਮੈਨੇਜ਼ਰ ਭਾਈ ਰਣਜੀਤ ਸਿੰਘ ਦੀ ਅਗਵਾਈ ਹੇਠ ਸਮੁੱਚੀਆਂ ਸਖਸ਼ੀਅਤਾਂ ਦਾ ਸਨਮਾਨ ਕੀਤਾ ਗਿਆ। ਸਨਮਾਨ ਮੌਕੇ ਸਹਾਇਕ ਮੈਨੇਜ਼ਰ ਗੁਰਦੇਵ ਸਿੰਘ ਸੰਧੂ ਅਤੇ ਧਰਮ ਪ੍ਰਚਾਰ ਉੱਪ ਦਫਤਰ ਦੇ ਸਹਾਇਕ ਇੰਚਾਰਜ ਭਾਈ ਜਸਵੀਰ ਸਿੰਘ ਲੌਂਗੋਵਾਲ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਅਮਰੀਕ ਸਿੰਘ ਖਾਲਸਾ ਅਕੈਡਮੀ, 'ਮਨੇਸ਼' 'ਚ

# 'ਸਲਾਨਾ ਖੇਡ ਦਿਵਸ' ਮਨਾਇਆ ਗਿਆ



**ਚੌਕ ਮਹਿਤਾ, 27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਮੌਜੂਦਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਰਹਿਨੁਮਾਈ ਹੇਠ ਚਲ ਰਹੇ ਅਦਾਰੇ ਭਾਈ ਅਮਰੀਕ ਸਿੰਘ ਜੀ ਖਾਲਸਾ ਅਕੈਡਮੀ ਵਿਚ 'ਸਲਾਨਾ ਖੇਡ ਦਿਵਸ' ਮਂਨਾਇਆ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਵੱਧ ਚੜ ਕੇ ਹਿੱਸਾ ਪਾਇਆ ।ਨਰਸਰੀ ਕਲਾਸ ਤੋਂ ਲੈ ਕੇ +2 ਕਲਾਸ ਤੱਕ ਦੇ ਵਿਦਿਆਰਥੀਆਂ ਨੇ ਖੇਡਾਂ ਵਿਚ ਹਿੱਸਾ ਲਿਆ।ਸਮਾਗਮ ਵਿਚ ਸ. ਹਰਸ਼ਦੀਪ ਸਿੰਘ ਜੀ ਚੇਅਰਮੈਨ ਦਸ਼ਮੇਸ਼ ਅਦਾਰੇ ਅਤੇ ਸ. ਗੁਰਦੀਪ ਸਿੰਘ ਜੀ ਪ੍ਰਿੰਸੀਪਲ ਖ਼ਾਲਸਾ ਕਾਲਜਾ ਮਹਿਤਾ ਹੁਰਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜਾਈ ਕੀਤੀ। ਇਸ ਸਮੇਂ ਪਿੰਡ ਮਨੇਸ਼ ਦੇ ਸਰਪੰਚ ਸ. ਸੁਰਜੀਤ ਸਿੰਘ ਜੀ ਵੀ ਉਚੇਚੇ ਤੌਰ 'ਤੇ ਪਹੁੰਚੇ, ਉਨ੍ਹਾਂ ਨੇ ਵੀ ਵਿਦਿਆਰਥੀਆਂ ਦੀ ਹੌਸਲਾ-ਅਫ਼ਜਾਈ ਕੀਤੀ। ਉਨ੍ਹਾਂ ਨੇ ਪ੍ਰਿੰਸੀਪਲ ਅਰਜੁਨ ਸਿੰਘ ਦੀ ਸਕੂਲ ਦੀ ਹੋ ਰਹੀ ਤਰੱਕੀ ਲਈ ਸਲਾਹਣਾ ਕੀਤੀ ਅਤੇ ਹਰੇਕ ਕਿਸਮ ਦੀ ਸਹਾਇਤਾ ਲਈ ਸਹਿਯੋਗ ਦੇਣ ਦੀ ਗਲ ਵੀ ਕਹੀ। ਅੰਤ ਅਕੈਡਮੀ ਦੇ ਪ੍ਰਿੰਸੀਪਲ ਡਾ. ਅਰਜੁਨ ਸਿੰਘ ਹੁਰਾਂ ਨੇ ਜਿੱਥੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਉੱਥੇ ਖੁੱਲ ਰਹੇ 'ਬਾਬਾ ਰਾਮ ਥੰਮਣ ਖਾਲਸਾ ਕਾਲਜ਼' ਦੇ ਇਲਾਕਾ ਵਾਸੀਆਂ ਨੂੰ ਜੋ ਫਾਇਦਾ ਹੋਵੇਗਾ ਉਸ ਉੱਪਰ ਵਿਸਥਾਰ ਸਹਿਤ ਚਾਨਣਾ ਪਾਇਆ। ਇਸ ਸਮੇਂ ਹਰਸ਼ਦੀਪ ਸਿੰਘ ਜੀ, ਸ. ਗੁਰਦੀਪ ਸਿੰਘ ਜੀ, ਸ. ਅਵਤਾਰ ਸਿੰਘ ਜੀ ਬੁਟਰ, ਸ. ਸੁਰਜੀਤ ਸਿੰਘ, ਪ੍ਰਿੰ. ਅਰਜੁਨ ਸਿੰਘ, ਸ. ਅੰਮ੍ਰਿਤਪਾਲ ਸਿੰਘ, ਪ੍ਰਭਜੀਤ ਕੌਰ, ਸੰਦੀਪ ਕੌਰ, ਰਾਜਵੀਰ ਕੌਰ, ਗੁਰਪ੍ਰਿਤ ਕੌਰ , ਰਜਿੰਦਰ ਕੌਰ , ਮਨਦੀਪ ਕੌਰ , ਰਾਜਵਿੰਦਰ ਕੌਰ, ਕਾਜਲ ਪ੍ਰੀਤ ਕੌਰ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜੇਨੇਸਿਸ ਅਮਨਦੀਪ ਹਾਸਪਟਲ ਨੇ ਮਨਾਇਆ ਵਰਲਡ ਐਨ.ਜੀ.ਓ.ਡੇ—ਸਮਾਜ ਸੇਵੀ ਸੰਸਥਾਵਾਂ ਨੂੰ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 27 ਫਰਵਰੀ (ਮਨੋਹਰ ਲਾਲ):— ਜੇਨੇਸਿਸ ਅਮਨਦੀਪ ਹਾਸਪਟਲ ਵੱਲੋਂ ਵਰਲਡ ਐਨ.ਜੀ.ਓ. ਡੇ ਦੇ ਮੌਕੇ ਤੇ ਸਮਾਜ ਸੇਵੀ ਸੰਸਥਾਵਾਂ ਦੀ ਭੂਮਿਕਾ ਦੀ ਸਰਾਹਨਾ ਕਰਦੇ ਹੋਏ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵੱਖ—ਵੱਖ ਸਮਾਜ ਸੇਵੀ ਸੰਸਥਾਵਾਂ ਨੂੰ ਉਨ੍ਹਾਂ ਦੀ ਨਿਸ਼ਕਾਮ ਸੇਵਾ ਲਈ ਸਨਮਾਨਿਤ ਕੀਤਾ ਗਿਆ ਸਮਾਰੋਹ ਦੌਰਾਨ ਹਾਸਪਟਲ ਦੇ ਫ਼ੈਸਿਲਿਟੀ ਡਾਇਰੈਕਟਰ ਡਾ: ਅਭਿਸੇਕ ਅਰੋੜਾ ਨੇ ਸਮਾਜ ਸੇਵੀ ਸੰਸਥਾਵਾਂ ਦੇ ਯੋਗਦਾਨ ਦੀ ਪ੍ਰਸ਼ੰਸਾ ਕਰਦੇ ਹੋਏ ਉਨ੍ਹਾਂ ਨੂੰ ਹਰੇਕ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਹਾਸਪਟਲ ਵੀ ਲੋੜਵੰਦ ਲੋਕਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹੇਗਾ। ਇਸ ਤਹਿਤ ਹਾਸਪਟਲ ਵੱਲੋਂ ਗਰੀਬ ਲੋਕਾਂ ਲਈ ਮੁਫ਼ਤ ਐਂਬੂਲੈਂਸ ਸੇਵਾ ਅਤੇ ਸਸਤੀ ਇਲਾਜ ਦੀ ਸੁਵਿਧਾ ਦੇਣ ਦਾ ਐਲਾਨ ਕੀਤਾ ਗਿਆ। ਸਮਾਜ ਸੇਵੀ ਸੰਸਥਾਵਾਂ ਵੱਖ—ਵੱਖ ਖੇਤਰਾਂ ਵਿੱਚ ਆਪਣਾ ਅਹਿਮ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਵੱਲੋਂ ਬਲੱਡ ਡੋਨੇਸ਼ਨ ਕੈਂਪ, ਲਾਵਾਰਿਸ ਲਾਸ਼ਾਂ ਦੇ ਅੰਤਿਮ ਸੰਸਕਾਰ, ਅਤੇ ਹੋਰ ਮੱਦਦਗਾਰ ਗਤੀਵਿਧੀਆਂ ਚਲਾਈਆਂ ਜਾ ਰਹੀਆਂ ਹਨ। ਇਸ ਸਮਾਗਮ ਵਿੱਚ ਕਈ ਪ੍ਰਸਿੱਧ ਵਿਅਕਤੀ ਅਤੇ ਸਮਾਜ ਸੇਵੀ ਸ਼ਾਮਲ ਹੋਏ ਅਤੇ ਸਮਾਜ ਭਲਾਈ ਲਈ ਨਿਰੰਤਰ ਯਤਨਸ਼ੀਲ ਰਹਿਣ ਦੀ ਪ੍ਰੇਰਣਾ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਿਵਰਾਤਰੀ ਮਨਾਉਣ ਦਾ ਨਹੀਂ ਅਪਨਾਉਣ ਦਾ ਤੇ ਅਮਲ ਕਰਨ ਦਾ ਤਿਉਹਾਰ—ਪੀ.ਸੀ ਕੁਮਾਰ

ਫ਼ਿਰੋਜ਼ਪੁਰ, 27 ਫਰਵਰੀ (ਮਨੋਹਰ ਲਾਲ):— ਜਿਹੜੀਆਂ ਕੌਮਾਂ ਆਪਣੇ ਵਿਰਸੇ ਨੂੰ ਭੁਲ ਜਾਂਦੀਆਂ ਹਨ, ਉਹ ਬਰਬਾਦ ਹੋ ਕੇ ਰਹਿ ਜਾਂਦੀਆਂ ਹਨ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਅੱਜ ਇਹ ਵੇਖਣ ਨੂੰ ਮਿਲ ਰਿਹਾ ਹੈ ਕਿ ਉਹ ਚੰਗੇ ਗੁਣ ਜਿਨ੍ਹਾਂ ਸਦਕਾ ਸਾਡੇ ਪੂਰਵਜਾਂ ਵੱਲੋਂ ਇਨ੍ਹਾਂ ਦਿਨਾਂ ਨੂੰ ਯਾਦ ਜਾਂ ਮਨਾਉਣ ਵੱਲ ਨਹੀਂ ਬਲਕਿ ਜ਼ੋ ਜੀਵਨ ਦੀ ਜਾਂਚ ਚੰਗੇ ਗੁਨਾਂ ਦੇ ਧਾਰਨੀ ਬਨ ਚੰਗੇ ਇਨਸਾਨ ਜਿਨ੍ਹਾਂ ਦਾ ਅੱਜ ਕਾਲ ਪੈ ਗਿਆ ਹੈ, ਉਹ ਮਾੜੀਆਂ ਰੀਤੀ ਰਿਵਾਜ—ਫਜ਼ੂਲ ਖਰਚੀ, ਨਸ਼ਿਆਂ ਦੀ ਪ੍ਰਵਿਰਤੀ, ਅੰਨ ਦੀ ਬਰਬਾਦੀ, ਪੀ.ਓ ਭੰਗਾ ਸੋ ਵੋ ਬਾਗੀ ਦੂਜੇ ਜੀਵਨਗੇ ਆਪਣੇ ਭਾਗੀ ਨੂੰ ਛੱਡ ਹਰ ਇਕ ਨਾਲ ਪਿਆਰ ਦੁੱਖ ਸੁੱਖ ਦੀ ਸਾਂਝ ਮਦਦ ਲੋੜਵੰਦਾਂ ਦੀ ਕਰ ਨਾਮ ਜਪਣ ਕਿਰਤ ਕਰੋ, ਵੰਡ ਛਕੋ, ਸਾਡੀ ਰਾਹ ਨੂੰ ਆਪਣੇ ਜੀਵਨ ਦਾ ਅੰਗ ਬਨਾ ਬੱਚਿਆਂ ਨੂੰ ਚੰਗੇ ਗੁਣਾਂ ਨੂੰ ਅਪਨਾਉਣ ਦਾ ਪੀ.ਸੀ ਕੁਮਾਰ ਵੱਲੋਂ ਪਹਿਲਾਂ ਦੀ ਤਰ੍ਹਾਂ ਘਰ ਸਕੂਲ ਸਮਾਜ ਦੇਸ਼ ਦੁਨੀਆਂ ਨੂੰ ਵਧਾਇਆ ਜਾਵੇ ਤਾਂ ਜ਼ੋ ਚੰਗੇ ਸਮਾਜ ਦੀ ਸਿਰਜਨਾ ਕਰ ਦਿਨਾਂ ਤਿਉਹਾਰਾਂ ਨੂੰ ਮੁਹਾਰਥ ਕਰੇ, ਘਰ, ਸਕੂਲ, ਸਮਾਜ ਨੂੰ ਵਧੀਆ ਬਣਾਉ।



ਆਵਾਜ਼ਿ ਕੌਮ AWAZE QAUM International Newspaper & WEB TV

## ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਨੇ ਮਨਾਇਆ ਮਹਾਂਸ਼ਿਵਰਾਤਰੀ ਦਾ ਤਿਉਹਾਰ

**ਫ਼ਿਰੋਜ਼ਪੁਰ, 27 ਫਰਵਰੀ (ਮਨੋਹਰ ਲਾਲ)**:— ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਨੇ ਬੜੀ ਸ਼ਰਧਾ, ਭਾਵਨਾ ਅਤੇ ਧੂਮ—ਧਾਮ ਨਾਲ ਮਨਾਇਆ ਮਹਾਂਸ਼ਿਵਰਾਤਰੀ ਦਾ ਤਿਉਹਾਰ। ਇਸ ਮੌਕੇ ਤੇ ਵਰਦਾਨ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸੇਤੀਆ, ਕੁਲਦੀਪ ਬਜਾਜ, ਮਨੋਜ਼ ਕੁਮਾਰ ਗੱਖੜ, ਅਜੇ ਧਵਨ, ਡੀ.ਕੇ ਬਜਾਜ, ਕਮਲ ਹਾਂਡਾ, ਜਤਿੰਦਰ ਕਮਲ ਨੇ ਲੰਗਰ ਲਾ ਕੇ ਸਾਰਾ ਦਿਨ ਸੰਗਤਾਂ ਦੀ ਵੱਖ—ਵੱਖ ਤਰ੍ਹਾਂ ਦੇ ਲੰਗਰਾਂ ਨਾਲ ਸੇਵਾ ਕੀਤੀ। ਇਸ ਮੌਕੇ ਤੇ ਮਨੋਜ਼ ਕੁਮਾਰ ਗੱਖੜ ਤੇ ਸਾਥੀ ਅੱਜ ਜਦੋਂ ਹਰਿਦੁਆਰ ਤੋਂ ਕਾਵੜ ਲੈ ਕੇ ਫ਼ਿਰੋਜ਼ਪੁਰ ਪਹੁੰਚੇ ਤਾਂ ਸ਼ਹਿਰ ਵਾਸੀਆਂ ਨੇ ਕਾਵੜ ਲਿਆਉਣ ਦੀ ਬਹੁਤ ਵਧੀਆ ਫੁੱਲ ਮਾਲਾ ਪਾ ਕੇ ਸਵਾਗਤ ਕੀਤਾ। ਇਸ ਮੌਕੇ ਤੇ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸੇਤੀਆ ਨੇ ਕਿਹਾ ਕਿ ਸ਼ਿਵਰਾਤਰੀ ਦਾ ਤਿਉਹਾਰ ਸਾਨੂੰ ਰਲ ਮਿਲ ਕੇ ਮਨਾਉਣਾ ਚਾਹੀਦਾ ਹੈ, ਕਿਉਂਕਿ ਇਸ ਦਿਨ ਭੋਲੇ ਨਾਥ ਦੀ ਸ਼ਾਦੀ ਹੋਈ ਸੀ, ਸਾਸ਼ਤਰ ਅਨੁਸਾਰ ਇਹ ਦਿਨ ਬਹੁਤ ਹੀ ਸ਼ੁਭ ਮੰਨਿਆ ਜਾਂਦਾ ਹੈ ਅਤੇ ਭੋਲੇ ਨਾਥ ਜੀ ਦੇ ਵਿਆਹ ਦੀ ਖੁਸ਼ੀ ਵਿਚ ਥਾਂ—ਥਾਂ ਬਹੁਤ ਹੀ ਸੋਹਣੇ ਢੰਗ ਨਾਲ ਹਰ ਥਾਂ ਤੇ ਤਰ੍ਹਾਂ—ਤਰ੍ਹਾਂ ਦੇ ਪਕਵਾਨ ਦਾ ਲੰਗਰ ਲਾਇਆ। ਅਖਿਰ ਵਿਚ ਅਸੀਂ ਭੋਲੇ ਨਾਥ ਜੀ ਦੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਹੇ ਭੋਲੇ ਨਾਥ ਜੀ ਸਾਡੇ ਸਾਰੇ ਵਰਦਾਨ ਸੋਸ਼ਲ ਐਂਡ ਵੈਨਫੇਅਰ ਸੁਸਾਇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਖੁਸ਼ੀ ਵਿਚ ਵਾਧਾ ਕਰੀ, ਨਾਲ ਹੀ ਤਰੱਕੀਆਂ ਬਖਸ਼ੀ ਅਤੇ ਸਰਬੱਤ ਦੇ ਭਲੇ ਦੀ ਵੀ ਭੋਲੇ ਨਾਲ ਅੱਗੇ ਕਾਮਨਾ ਕਰਦੇ ਹਾਂ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਜੈਨੇਸਿਸ ਡੈਂਟਲ ਕਾਲਜ ਵਿਚ ਕਰਵਾਏ ਖੇਡ ਮੁਕਾਬਲੇ

ਫ਼ਿਰੋਜ਼ਪੁਰ, 27 ਫਰਵਰੀ (ਮਨੋਹਰ ਲਾਲ) :— ਜੈਨਸਿਸ ਡੈਂਟਲ ਕਾਲਜ ਅਤੇ ਨਰਸਿੰਗ ਕਾਲਜ ਫਿਰੋਜਪੁਰ ਵਿੱਚ ਆਯੋਜਿਤ ਸਾਲਾਨਾ ਸਪੋਰਟਸਮੀਟ 2025 ਦਾ ਸਮਾਪਨ 25 ਫਰਵਰੀ ਨੂੰ ਸ਼ਾਨਦਾਰ ਢੰਗ ਨਾਲ ਕੀਤਾ ਗਿਆ। ਇਹ ਖੇਡ ਮਹੋਤਸਵ 17 ਤੋਂ 25 ਫਰਵਰੀ ਤੱਕ ਚੱਲਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਖੇਡ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸਮਾਪਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੀਮਤੀ ਮਿਨਾਕਸ਼ੀ ਸਿੰਘਲ ਅਤੇ ਵਿਸ਼ੇਸ਼ ਮਹਿਮਾਨ ਨਵਿਤਾ ਸਿੰਘਲ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਅਤੇ ਖੇਡਾਂ ਦੇ ਮਹੱਤਵ ਬਾਰੇ ਵਿਚਾਰ ਸਾਂਝੇ ਕੀਤੇ। ਕਾਲਜ ਦੇ ਪ੍ਰਿੰਸੀਪਲ ਡਾ: ਪਰਸੋਤਮ ਜਸੂਜਾ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਟੀਮ ਵਰਕ, ਅਨੁਸ਼ਾਸ਼ਨ ਅਤੇ ਮੁਕਾਬਲਾਪ੍ਰਵਨ ਭਾਵਨਾ ਨੂੰ ਵਿਕਸਤ ਕਰਦੇ ਹਨ। ਉਨ੍ਹਾਂ ਕਿਹਾ ਕਿ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਹਿੱਸਾ ਲੈਣ ਵਾਲਿਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਨਰਸਿੰਗ ਕਾਲਜ ਦੀ ਪ੍ਰਿੰਸੀਪਲ ਪ੍ਰੋ: ਰਵਿੰਦਰ ਕੌਰ, ਬ੍ਰਾਂਚ ਹੈੱਡ ਸ਼੍ਰੀਮਤੀ ਸ਼ਿਵਾਨੀ ਸ਼ਰਮਾ ਅਤੇ ਡਾ: ਹਰਵੀਨ ਵੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਕਾਲਜ ਪ੍ਰੋਫੈਸਰ ਡਾ: ਗੌਰਵ ਗੋਯਲ ਨੇ ਕਿਹਾ ਕਿ ਖੇਡ—ਕੁਦ ਕੇਵਲ ਸ਼ਾਰੀਰਕ ਵਿਕਾਸ ਲਈ ਹੀ ਨਹੀਂ, ਸਗੋਂ ਮਾਨਸਿਕ ਮਜ਼ਬੂਤੀ ਅਤੇ ਆਤਮ ?ਵਿਸ਼ਵਾਸ ਵਧਾਉਣ ਲਈ ਵੀ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਿਯਮਤ ਰੂਪ ਵਿੱਚ ਖੇਡਾਂ ਵਿੱਚ ਹਿੱਸਾ ਲੈਣ ਅਤੇ ਫਿਟਨੈਸ ਨੂੰ ਆਪਣੀ ਜ਼ਿੰਦਗੀ ਦਾ ਅਟੁੱਟ ਹਿੱਸਾ ਬਣਾਉਣ ਦੀ ਸਲਾਹ ਦਿੱਤੀ। ਇਸ ਦੌਰਾਨ ਕ੍ਰਿਕਟ, ਬੈਡਮਿੰਟਨ, ਵੌਲੀਬਾਲ, ਟੇਬਲ ਟੈਨਿਸ, ਕਬੱਡੀ, ਐਥਲੈਟਿਕਸ, ਟੱਗ ਆਫ ਵਾਰ, ਸ਼ਤਰੰਜ ਸਮੇਤ ਕਈ ਖੇਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ ਵਿਦਿਆਰਥੀਆਂ ਨੇ ਆਪਣੀ ਖੇਡ ਕਲਾ ਦਾ ਪ੍ਰਦਰਸ਼ਨ ਕੀਤਾ ਅਤੇ ਕਈ ਰੋਮਾਂਚਕ ਮੁਕਾਬਲੇ ਦੇਖਣ ਨੂੰ ਮਿਲੇ। ਸਮਾਗਮ ਦੇ ਅੰਤ ਵਿਚ ਪ੍ਰਬੰਧਕਾਂ ਦੀ ਪ੍ਰਸੰਸਾ ਕਰਦੇ ਹੋਏ ਭਵਿੱਖ ਵਿਚ ਵੀ ਅਜਿਹੇ ਕਾਰਜ ਕਰਵਾਉਣ ਦਾ ਐਲਾਨ ਕੀਤਾ। ਉਪਰੰਤ ਜੇਤੂ ਖਿਡਾਰੀਆਂ ਨੂੰ ਇਨਾਮ ਅਤੇ ਟ੍ਰੋਫੀਆਂ ਨਾਲ ਨਿਵਾਜਦੇ ਹੋਏ ਮੁੱਖ ਮਹਿਮਾਨ ਨੇ ਸਭਨਾਂ ਨੂੰ ਵਧਾਈ ਦਿੰਦਿਆਂ ਖਿਡਾਰੀਆਂ ਨੂੰ ਭਵਿੱਖ ਵਿਚ ਹੋਰ ਜਿਆਦਾ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡ ਜਿੰਦਗੀ ਦਾ ਇਕ ਅਹਿਮ ਹਿੱਸਾ ਹਨ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ—ਨਾਲ ਖੇਡਾਂ ਵਿਚ ਵੀ ਉਤਸ਼ਾਹਿਤ ਤਰੀਕੇ ਨਾਲ ਹਿੱਸਾ ਲੈਣਾ ਚਾਹੀਦਾ ਹੈ।



### ਸ਼੍ਰੋਮਣੀ ਅਕਾਲੀ ਦਲ ਵੱਲੋਂ ਭਰਤੀ ਮੁਹਿੰਮ ਦੀ ਕੀਤੀ ਸਮੀਖਿਆ

# ਲੁਧਿਆਣਾ ਜ਼ਿਮਨੀ ਚੋਣ ਤੇ ਜ਼ਿਲ੍ਹਾ ਪ੍ਰੀਸ਼ਦ/ਪੰਚਾਇਤ ਸੰਮਤੀ ਚੋਣਾਂ ਲੜਨ ਦਾ ਫੈਸਲਾ



**ਚੰਡੀਗੜ੍ਹ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪਾਰਲੀਮਾਨੀ ਬੋਰਡ ਨੇ ਅੱਜ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਹੇਠ ਪਾਰਟੀ ਦੀ ਚਲ ਰਹੀ ਭਰਤੀ ਮੁਹਿੰਮ ਦੀ ਸਮੀਖਿਆ ਕੀਤੀ ਅਤੇ ਤਸੱਲੀ ਪ੍ਰਗਟ ਕੀਤੀ ਕਿ ਪੰਜਾਬੀਆਂ ਨੇ ਭਰਤੀ ਮੁਹਿੰਮ ਨੂੰ ਲਾਮਿਸਾਲ ਹੁੰਗਾਰਾ ਦਿੱਤਾ ਹੈ। ਮੀਟਿੰਗ ਦੇ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਪਾਰਟੀ ਨੇ ਭਰਤੀ ਮੁਹਿੰਮ ਵਾਸਤੇ 33 ਲੱਖ ਪਰਚੀਆਂ ਜਾਰੀ ਕੀਤੀਆਂ ਸਨ, ਜਿਸ ਵਿਚੋਂ ਅੱਜ ਤੱਕ 10 ਲੱਖ ਪਰਚੀਆਂ ਵਾਪਸ ਮੁਕੰਮਲ ਹੋ ਕੇ ਪਾਰਟੀ ਦਫਤਰ ਪੁੱਜ ਗਈਆਂ ਹਨ ਤੇ ਬਾਕੀਆਂ ਦੇ ਕੱਲ੍ਹ ਭਰਤੀ ਦੇ ਆਖ਼ਰੀ ਦਿਨ ਪੁੱਜਣ ਦੀ ਸੰਭਾਵਨਾ ਹੈ। ਉਹਨਾਂ ਦੱਸਿਆ ਕਿ ਕੱਲ੍ਹ ਵੀ ਅਸੀਂ ਭਰਤੀ ਮੁਹਿੰਮ ਦੀ ਸਮੀਖਿਆ ਕਰਾਂਗੇ ਤੇ ਉਸ ਮੁਤਾਬਕ ਫੈਸਲੇ ਲਵਾਂਗੇ। ਉਹਨਾਂ ਕਿਹਾ ਕਿ ਅਗਲੇ ਸਮੇਂ ਵਿਚ ਜ਼ਿਲ੍ਹਾ ਆਬਜ਼ਰਵਰਾਂ ਦੀ ਮੀਟਿੰਗ ਬੁਲਾਈ ਜਾਵੇਗੀ, ਜੋ ਸਰਕਲ ਤੇ ਜ਼ਿਲ੍ਹਾ ਡੈਲੀਗੇਟ ਦੀ ਚੋਣ ਦੀ ਨਿਗਰਾਨੀ ਕਰਨਗੇ ਤੇ ਜ਼ਿਲ੍ਹਾ ਡੈਲੀਗੇਟ ਅੱਗੇ ਸੂਬਾ ਡੈਲੀਗੇਟ ਚੁਣਨ ਜੋ ਅੱਗੇ ਪਾਰਟੀ ਪ੍ਰਧਾਨ ਦੀ ਚੋਣ ਕਰਨਗੇ। ਡਾ. ਚੀਮਾ ਨੇ ਇਹ ਵੀ ਦੱਸਿਆ ਕਿ ਪਾਰਟੀ ਨੇ ਆਪਣੇ ਆਗੂਆਂ ਤੇ ਵਰਕਰਾਂ ਨੂੰ ਆਖਿਆ ਹੈ ਕਿ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਲਈ 15 ਮਾਰਚ ਦੀ ਆਖ਼ਰੀ ਤਾਰੀਕ ਤੋਂ ਪਹਿਲਾਂ ਆਪਣੇ ਦਾਅਵੇ ਤੇ ਇਤਰਾਜ਼ ਗੁਰਦੁਆਰਾ ਚੋਣ ਕਮਿਸ਼ਨ ਕੋਲ ਦਾਇਰ ਕਰਵਾਉਣ। ਉਹਨਾਂ ਕਿਹਾ ਕਿ ਪਾਰਟੀ ਨੇ ਗੁਰਮਰਿਆਦਾ ਅਨੁਸਾਰ ਵੋਟਰਾਂ ਦੇ ਨਾਂ ਅੱਗੇ 'ਸਿੰਘ' ਅਤੇ 'ਕੌਰ' ਸ਼ਬਦ ਨਾ ਲਿਖੇ ਹੋਣ ਬਾਰੇ ਗੁਰਦੁਆਰਾ ਚੋਣ ਕਮਿਸ਼ਨ ਵੱਲੋਂ ਆਏ ਜਵਾਬ 'ਤੇ ਵੀ ਚਰਚਾ ਕੀਤੀ ਤੇ ਫੈਸਲਾ ਕੀਤਾ ਕਿ ਕਾਨੂੰਨੀ ਮਾਹਿਰਾਂ ਦੀ ਰਾਇ ਲੈ ਕੇ ਮੁੜ ਕਮਿਸ਼ਨ ਕੋਲ ਪਹੁੰਚ ਕੀਤੀ ਜਾਵੇਗੀ। ਲੁਧਿਆਣਾ ਜ਼ਿਮਨੀ ਚੋਣ ਅਤੇ ਜ਼ਿਲ੍ਹਾ ਪ੍ਰੀਸ਼ਦ/ਪੰਚਾਇਤ ਸੰਮਤੀ ਚੋਣਾਂ ਦੀ ਗੱਲ ਕਰਦਿਆਂ ਅਕਾਲੀ ਆਗੂ ਨੇ ਕਿਹਾ ਕਿ ਜਦੋਂ ਵੀ ਇਹਨਾਂ ਚੋਣਾਂ ਐਲਾਨ ਹੋਇਆ, ਪਾਰਟੀ ਇਹ ਚੋਣਾਂ ਜ਼ਰੂਰ ਲੜੇਗੀ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਨੇ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਵਾਸਤੇ ਆਪਣੇ ਉਮੀਦਵਾਰ ਦਾ ਨਾਂ ਇਸ ਕਰ ਕੇ ਜਲਦੀ ਐਲਾਨਿਆ ਹੈ ਤਾਂ ਜੋ ਪਾਰਟੀ ਮੁਖੀ ਅਰਵਿੰਦ ਕੇਜਰੀਵਾਲ ਦੀ ਰਾਜ ਸਭਾ ਵਿਚ ਜਾਣ ਦੀ ਇੱਛਾ ਪੂਰੀ ਕੀਤੀ ਜਾ ਸਕੇ। ਉਹਨਾਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਪਹਿਲਾਂ ਹੀ ਨਜਿੱਠੇ ਜਾ ਚੁੱਕੇ ਮਸਲਿਆਂ ਦੀ ਮੁੜ ਬ੍ਰਾਂਡਿੰਗ/ਪੈਕੇਜਿੰਗ ਕਰਕੇ ਖ਼ਬਰਾਂ ਪ੍ਰਕਾਸ਼ਤ ਕਰਵਾਉਣ ਦੀ ਸਕੀਮ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਸੂਬੇ ਵਿਚ 10ਵੀਂ ਕਲਾਸ ਤੱਕ ਪੰਜਾਬੀ ਲਾਗੂ ਕਰਨ ਦਾ ਫੈਸਲਾ 2008 ਵਿਚ ਲਿਆ ਗਿਆ ਸੀ, ਜੋ ਉਹਨਾਂ ਨੇ ਬਤੌਰ ਸਿੱਖਿਆ ਮੰਤਰੀ 2015 ਵਿਚ ਲਾਗੂ ਕਰਵਾਇਆ ਸੀ। ਉਹਨਾਂ ਕਿਹਾ ਕਿ ਹੁਣ ਹਰਜੋਤ ਬੈਂਸ, ਪੰਜਾਬੀ 'ਆਪ' ਸਰਕਾਰ ਵੱਲੋਂ ਲਾਗੂ ਕਰਵਾਉਣ ਦੇ ਖੋਖਲੇ ਦਾਅਵੇ ਕਰ ਰਹੇ ਹਨ।

### ਦਰਬਾਰ ਸਾਹਿਬ ਦੀ ਰਾਖੀ ਲਈ ਕਾਰ ਸੇਵਾ ਵਾਲਿਆਂ ਨੇ

# ਕਹੀਆਂ-ਬਾਟੇ ਛੱਡ ਕੇ ਗੰਨਾਂ ਤੇ ਗ੍ਰਨੇਡ ਚੁੱਕੇ ਸਨ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ



ਅੰਮ੍ਰਿਤਸਰ, 27 ਫਰਵਰੀ ( ): ਸੰਤ ਬਾਬਾ ਅਜੈਬ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਯਾਦ ਵਿੱਚ ਮੌਜੂਦਾ ਮੁਖੀ ਸੰਤ ਬਾਬਾ ਸਰਦਾਰਾ ਸਿੰਘ ਦੇ ਪ੍ਰਬੰਧ ਹੇਠ ਬਾਬਾ ਸੁਖਵੀਰ ਸਿੰਘ ਖ਼ਾਲਸਾ ਵੱਲੋਂ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਗੁਰੂ ਨਾਨਕ ਦਰਬਾਰ, ਪਿੰਡ ਕੁਰਾਲਾ, (ਜਲੰਧਰ-ਪਠਾਨਕੋਟ ਹਾਈਵੇ), ਨੇੜੇ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸ਼ਰਧਾ-ਭਾਵਨਾ ਤੇ ਸਤਿਕਾਰ ਸਹਿਤ



ਕਰਵਾਇਆ ਗਿਆ, ਭੋਗ ਉਪਰੰਤ ਕੀਰਤਨ ਤੇ ਕਥਾ-ਵਿਚਾਰਾਂ ਹੋਈਆਂ। ਇਸ ਮੌਕੇ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਬਾਬਾ ਰਾਜੂ ਸਿੰਘ ਜੀ ਕਾਰ ਸੇਵਾ ਵਾਲੇ, ਢਾਡੀ ਜਥੇਦਾਰ ਭਾਈ ਸੁਲੱਖਣ ਸਿੰਘ ਚੌਧਰਪੁਰੀਆ, ਪ੍ਰਸਿੱਧ ਕਥਾਵਾਚਕ ਭਾਈ ਜਸਵਿੰਦਰ ਸਿੰਘ ਭੂਛਾਂ, ਪ੍ਰਚਾਰਕ ਭਾਈ ਸੁਰਜੀਤ ਸਿੰਘ ਖਾਲਸਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਭਾਈ ਸੰਦੀਪ ਸਿੰਘ ਖਾਲਸਾ ਟਾਂਡਾ ਆਦਿ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਗੁਰਬਾਣੀ ਅਤੇ ਇਤਿਹਾਸ ਦੇ ਹਵਾਲਿਆਂ ਰਾਹੀਂ ਸੰਗਤਾਂ ਨੂੰ ਹਲੂਣਦਿਆਂ ਕੇਸਾਧਾਰੀ, ਅੰਮ੍ਰਿਤਧਾਰੀ ਤੇ ਸ਼ਸਤਰਧਾਰੀ ਹੋਣ ਦੀ ਪ੍ਰੇਰਨਾ ਕੀਤੀ ਅਤੇ ਦੇਹਧਾਰੀ-ਗੁਰੂਡੰਮ੍ਹ, ਜਠੇਰਿਆਂ ਤੇ ਕਬਰਾਂ ਦਾ ਖਹਿੜਾ ਛੱਡ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ 'ਤੇ ਜ਼ੋਰ ਦਿੱਤਾ। ਉਹਨਾਂ ਨੇ ਦੱਸਿਆ ਕਿ ਸਿੱਖ ਧਰਮ ਅਤੇ ਸਿੱਖ ਸੰਘਰਸ਼ ਵਿੱਚ ਕਾਰ ਸੇਵਾ ਵਾਲਿਆਂ ਦਾ ਵੱਡਾ ਯੋਗਦਾਨ ਹੈ, ਕਾਰ ਸੇਵਾ ਵਾਲੇ ਨਾਲੇ ਤਾਂ ਗੁਰੂ-ਘਰ ਦੀਆਂ ਇਮਾਰਤਾਂ ਬਣਾਉਂਦੇ ਹਨ, ਨਾਲੇ ਸਤਿਨਾਮ ਵਾਹਿਗੁਰੂ ਦਾ ਜਾਪ ਜਪਾਉਂਦੇ ਹਨ। ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਜੂਨ 1984 ਦੇ ਘੱਲੂਘਾਰੇ ਵਿੱਚ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰਤਾ ਦੀ ਰਾਖੀ ਲਈ ਕਾਰ ਸੇਵਾ ਹਜ਼ੂਰ ਸਾਹਿਬ ਵਾਲੇ 35 ਸਿੰਘਾਂ ਨੇ ਸ਼ਹਾਦਤਾਂ ਦੇ ਜਾਮ ਪੀਤੇ ਅਤੇ ਪੰਜ ਸਿੰਘ ਜੋਧਪੁਰ ਦੀਆਂ ਜੇਲ੍ਹਾਂ ਵਿੱਚ ਲੰਬਾ ਸਮਾਂ ਰਹੇ, ਸੰਤ ਭਿੰਡਰਾਂਵਾਲਿਆਂ ਅਤੇ ਜਨਰਲ ਸੁਬੇਗ ਸਿੰਘ ਦੇ ਹੁਕਮਾਂ ਉੱਤੇ ਕਾਰ ਸੇਵਾ ਵਾਲਿਆਂ ਨੇ ਹੀ ਦਰਬਾਰ ਸਾਹਿਬ ਵਿੱਚ ਮੋਰਚੇ ਬਣਾਉਣ ਦੀ ਸੇਵਾ ਕੀਤੀ ਸੀ, ਧਰਮ ਦੀ ਰਾਖੀ ਲਈ ਕਹੀਆਂ-ਬਾਟਿਆਂ ਵਾਲਿਆਂ ਨੇ ਆਪਣੇ ਹੱਥਾਂ ਵਿੱਚ ਗੰਨਾਂ ਅਤੇ ਗਰਨੇਡ ਫੜੇ ਸਨ। ਫਿਰ ਖਾਲਿਸਤਾਨ ਦੇ ਹਥਿਆਰਬੰਦ ਸੰਘਰਸ਼ ਵਿੱਚ ਵੀ ਕਾਰ ਸੇਵਾ ਵਾਲਿਆਂ ਨੇ ਜੁਝਾਰੂ ਸਿੰਘਾਂ ਨੂੰ ਠਾਹਰਾਂ ਦਿੱਤੀਆਂ ਅਤੇ ਸੰਤ ਬਾਬਾ ਚਰਨ ਸਿੰਘ ਜੀ ਬੀੜ ਸਾਹਿਬ ਕਾਰ ਸੇਵਾ ਵਾਲੇ ਤਾਂ ਸ਼ਹੀਦਾਂ ਸਿੰਘਾਂ ਦੇ ਪਰਿਵਾਰਾਂ ਨੂੰ ਸੋਨੇ ਦੇ ਮੈਡਲ ਤੇ ਕਿਰਪਾਨਾਂ ਭੇਟ ਕਰਦੇ ਸਨ ਅਤੇ ਬੁੱਚੜ ਪੁਲਿਸ ਅਫਸਰਾਂ ਨੇ ਭਾਈ ਮਤੀ ਦਾਸ ਜੀ ਵਾਂਗ ਬਾਬਾ ਚਰਨ ਸਿੰਘ ਕਾਰ ਸੇਵਾ ਵਾਲਿਆਂ ਨੂੰ ਜੀਪ ਦੇ ਪਿੱਛੇ ਬੰਨ ਕੇ ਦੋਫਾੜ ਕਰਕੇ ਸ਼ਹੀਦ ਕਰ ਦਿੱਤਾ ਸੀ। ਸਮਾਗਮ ਦੀ ਸਮਾਪਤੀ 'ਤੇ ਬਾਬਾ ਸੁਖਬੀਰ ਸਿੰਘ ਨੇ ਸਭ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਕੇ ਲੰਗਰ ਅਤੁੱਟ ਵਰਤੇ।

# ਸਮਾਜ ਸੇਵੀਂ ਸੰਸਥਾ ਮਾਝਾ ਵੈਲਫੇਅਰ ਸੋਸਾਇਟੀ ਦੇ ਨਵੇਂ ਅਹੁਦੇਦਾਰਾਂ ਦੀ ਚੋਣ



**ਅੰਮ੍ਰਿਤਸਰ, 27 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ )** - ਅੰਮ੍ਰਿਤਸਰ ਦੀ ਉਘੀ ਸਮਾਜ ਸੇਵੀਂ ਸੰਸਥਾ ਮਾਝਾ ਵੈਲਫੇਅਰ ਸੋਸਾਇਟੀ ਦੀ ਬੈਠਕ ਪ੍ਰਧਾਨ ਗੁਰਪ੍ਰੀਤ ਸਿੰਘ ਪ੍ਰਿੰਸ ਗੁੰਮਟਾਲਾ ਦੀ ਦੇਖ-ਰੇਖ ਵਿੱਚ ਗੁੰਮਟਾਲਾ ਵਿਖੇ ਹੋਈ।ਜਿਸ ਵਿੱਚ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਤਰਸੇਮ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ,ਹਰਪ੍ਰੀਤ ਸਿੰਘ ਵਿੱਕੀ ਜਨਰਲ ਸੈਕਟਰੀ,ਜਗਤਾਰ ਸਿੰਘ ਸੈਕਟਰੀ,ਬਚਿੱਤਰ ਸਿੰਘ ਮੀਤ ਪ੍ਰਧਾਨ,ਗੁਰਭੇਜ ਸਿੰਘ ਮੀਤ ਪ੍ਰਧਾਨ,ਗੁਰਜੀਤ ਸਿੰਘ ਮੁੱਖ ਸਲਾਹਕਾਰ,ਸਰਬ ਸੰਧੂ ਕੈਸ਼ੀਅਰ ਅਤੇ ਗੁਰਸੇਵਕ ਸਿੰਘ ਨੂੰ ਮੀਡੀਆ ਸਲਾਹਕਾਰ ਚੁਣਿਆ ਗਿਆ।ਇਸ ਮੌਕੇ ਨਵ-ਨਿਯੁੱਕਤ ਅਹੁਦੇਦਾਰਾਂ ਨੇ ਸਾਰੇ ਮੈਂਬਰਾਂ ਨੂੰ ਯਕੀਨ ਦਿਵਾਇਆ ਕਿ ਜਿਹੜੀ ਸੇਵਾ ਉਨ੍ਹਾਂ ਨੂੰ ਸੌਪੀਂ ਗਈ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਸਮਾਜ ਭਲਾਈ ਕਾਰਜਾਂ ਵਿੱਚ ਵੱਧ ਚੜ੍ਹਕੇ ਹਿੱਸਾ ਲੈਣਗੇ।ਇਸ ਮੌਕੇ ਪ੍ਰਿੰਸ ਗੁੰਮਟਾਲਾ ਨੇ ਕਿਹਾ ਕਿ ਜ਼ਲਦੀ ਹੀ ਸੋਸਾਇਟੀ ਦਾ ਹੋਰ ਵਿਸਥਾਰ ਕੀਤਾ ਜਾਵੇਗਾ ਜਿਸ ਵਿੱਚ ਮੇਹਨਤੀ ਅਤੇ ਕੰਮ ਕਰਨ ਵਾਲੇ ਮੈਂਬਰਾਂ ਨੂੰ ਹੋਰ ਅਹਿਮ ਜ਼ਿੰਮੇਵਾਰੀਆਂ ਸੌਪੀਂਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਸੋਸਾਇਟੀ ਜ਼ਲਦੀ ਹੀ ਸਮਾਜ ਅੰਦਰ ਫੈਲੀਆਂ ਕੁਰੀਤੀਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਵੱਡੀ ਮੁਹਿੰਮ ਆਰੰਭ ਕਰੇਗੀ।ਇਸ ਮੌਕੇ ਕੰਵਲਜੀਤ ਸਿੰਘ ਵਾਲੀਆ,ਡਾ.ਅਜ਼ਮੇਰ ਸਿੰਘ ਸੰਧੂ,ਗੁਰਸਪਿੰਦਰ ਸਿੰਘ ਗੋਪੀ,ਅੰਮ੍ਰਿਤਪਾਲ ਸਿੰਘ,ਮਲਕੀਤ ਸਿੰਘ,ਨਵਜੀਤ ਸਿੰਘ,ਡਾ.ਲਖੇਰਾ ਆਦਿ ਹਾਜ਼ਰ ਸਨ।

# ਮਹਾਂਸ਼ਿਵਰਾਤਰੀ ਮੌਕੇ ਲਗਾਇਆ ਲੰਗਰ ਭੰਡਾਰਾ



**ਅੰਮ੍ਰਿਤਸਰ, 27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਹਾਂਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ ਮੌਕੇ ਹਲਕਾ ਪੂਰਬੀ ਦੇ ਬਟਾਲਾ ਰੋਡ ਹੋਟਲ ਕਵਿਸ਼ ਦੇ ਬਾਹਰ ਇਲਾਕਾ ਵਾਸੀਆਂ ਵਲੋ ਲੰਗਰ ਭੰਡਾਰਾ ਲਗਾਇਆ ਗਿਆ ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਲੰਗਰ ਭੰਡਾਰਾ ਛੱਕਿਆ ਇਸ ਮੌਕੇ ਸੁਮੀਤ,ਸਾਜਨ,ਕਪਿਲ, ਵਿਜੈ,ਅਜੈ, ਵਿਸ਼ਾਲ, ਪੰਕਜ, ਪਵਨ ਅਤੇ ਜੈਨ ਪਰਿਵਾਰ ਨੇ ਭੰਡਾਰੇ ਦੀ ਸੇਵਾ ਕੀਤੀ

# ਪਿੰਡ ਬੰਮਾਂ ਦੇ ਸਾਬਕਾ ਸਰਪੰਚ ਸੁਖਜਿੰਦਰ ਸਿੰਘ ਨਿੱਜਰ ਨੂੰ ਸਦਮਾ, ਮਾਤਾ ਦਾ ਦਿਹਾਂਤ

### ਇਲਾਕੇ ਦੀਆਂ ਕਈ ਨਾਮਵਰ ਸ਼ਖਸੀਅਤਾਂ ਨੇ ਨਿੱਜਰ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ



**ਚੌਕ ਮਹਿਤਾ 27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ**ਦਲੇਰ ਸਿੰਘ ਜੌਹਲ, ਨਵਾਂ ਪਿੰਡ : ਨਜ਼ਦੀਕ ਪਿੰਡ ਬੰਮਾਂ ਦੇ ਸਾਬਕਾ ਸਰਪੰਚ ਸੁਖਜਿੰਦਰ ਸਿੰਘ ਨਿੱਜਰ, ਹਰਜਿੰਦਰ ਸਿੰਘ ਨਿੱਜਰ, ਮਨਜਿੰਦਰ ਸਿੰਘ ਨਿੱਜਰ ਨੂੰ ਉਸ ਵਕਤ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੇ ਮਾਤਾ ਤੇ ਜਗਤਾਰ ਸਿੰਘ ਨਿੱਜਰ ਦੀ ਧਰਮਪਤਨੀ ਜਸਬੀਰ ਕੌਰ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਸਵਰਗੀ ਮਾਤਾ ਜੀ ਦਾ ਅੰਤਿਮ ਸੰਸਕਾਰ ਪਿੰਡ ਬੰਮਾਂ ਦੀ ਸ਼ਮਸ਼ਾਨ ਘਾਟ ਵਿਖੇ ਕਰ ਦਿੱਤਾ ਗਿਆ ਹੈ, ਤੇ ਉਹਨਾਂ ਦੀ ਅੰਤਿਮ ਅਰਦਾਸ, ਸ਼ਰਧਾਂਜਲੀ ਸਮਾਗਮ ਤੇ ਅਖੰਡ ਪਾਠ ਸਾਹਿਬ ਦੇ ਭੋਗ 6 ਮਾਰਚ ਪਿੰਡ ਬੰਮਾਂ ਸਾਬਕਾ ਸਰਪੰਚ ਸੁਖਜਿੰਦਰ ਸਿੰਘ ਨਿੱਜਰ ਦੇ ਗ੍ਰਹਿ ਵਿਖੇ ਪਾਏ ਜਾਣਗੇ। ਇਸ ਦੁੱਖ ਦੀ ਘੜੀ ਵਿੱਚ ਪਿੰਡ ਬੰਮਾਂ ਦੇ ਸਰਪੰਚ ਹਰਪ੍ਰੀਤ ਸਿੰਘ ਸੇਖੋਂ, ਸੁਖਚੈਨ ਸਿੰਘ ਸੰਧੂ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਬੱਲ, ਸਾਬਕਾ ਸਰਪੰਚ ਦੀਦਾਰ ਸਿੰਘ ਬੱਲ, ਸਾਬਕਾ ਸਰਪੰਚ ਪ੍ਰਗਟ ਸਿੰਘ ਬੱਲ, ਸਰਪੰਚ ਦਿਲਬਾਗ ਸਿੰਘ ਜੌਹਲ, ਸੁਲੱਖਣ ਸਿੰਘ ਮਾਹਲ, ਥਾਣੇਦਾਰ ਰਣਜੀਤ ਸਿੰਘ ਰਾਣਾ, ਥਾਣੇਦਾਰ ਕੁਲਦੀਪ ਸਿੰਘ ਬੱਲ, ਮੈਂਬਰ ਅਮਰਜੀਤ ਕੌਰ, ਪ੍ਰਗਟ ਸਿੰਘ ਜੌਹਲ, ਵਰਿਆਮ ਸਿੰਘ ਜੌਹਲ, ਡਾਕਟਰ ਰਾਣਾ, ਸਰਪੰਚ ਜਗਦੀਪ ਸਿੰਘ ਜੱਜ ਤੋਂ ਇਲਾਕੇ ਦੀਆਂ ਕਈ ਹੋਰ ਨਾਮਵਰ ਸ਼ਖਸੀਅਤਾਂ ਨੇ ਨਿੱਜਰ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

****************************************



**ਅੰਤਿਮ ਅਰਦਾਸ ਅਤੇ ਭੋਗ, ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਪੱਡਾ, ਭੋਗ 1 ਮਾਰਚ 2025 ਦਿਨ ਸ਼ਨੀਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪੈਣਗੇ।( ਦੁੱਖੀ ਹਿਰਦੇ ਨਾਲ ਪੱਡਾ ਪਰਵਾਰ)**

**( ਜਾਰੀ ਕਰਦਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

# ਮਾਂ ਦੀ ਰੂਹ ਵਿਛੜੀ ਨੂੰ ਅੱਜ ਸਾਲ ਹੋ ਗਿਆ

## ਭਾਈ ਪ੍ਰਗਟ ਸਿੰਘ ਨਿੱਝਰ ਜਰਮਨੀ (ਰੁਮਾਨੀਆਂ ਕਾਂਡ)



ਮਾਵਾ ਤੋ ਬਿਨਾ ਬਹੁਤ ਔਖਾ ਲੱਗਦਾ ਮੇਰੀ ਰੱਬ ਵਰਗੀ ਮਾਂਤਾ ਨਰੰਜਨ ਕੌਰ ਜਿਸ ਨੇ ਮੇਰੇ ਵਰਗੇ ਨਿਕੰਮੇ ਪੁੱਤ ਨੂੰ ਵੀ ਕਦੇ ਫਿਟਕਾਰਿਆ ਨਹੀਂ ਸੀ ਜਦੋ ਕੋਈ ਇੱਲਤ ਕਰਨੀ ਰੋਣ ਲੱਗ ਪੈਣਾ ਮੇਰੇ ਮਰੇ ਹੋਏ ਬਾਪੂ ਨੂੰ ਅਵਾਜ਼ਾਂ ਮਾਰਨੀਆਂ ਕਹਿਣਾ ਆਹ ਦੇਖ ਤੇਰਾ ਪੁੱਤ ਮੈਨੂੰ ਕਿਵੇਂ ਦੁਖੀ ਕਰਦਾ ਹੈ , ਮੈਂ ਜਦੋ ਡੇਢ ਸਾਲ ਦਾ ਸੀ ਬਾਪੂ ਸਵਰਗਵਾਸ ਹੋ ਗਏ ਸੀ ) ਮਾਤਾ ਨੇ ਸੋਟੀ ਚੱਕਣੀ ਮੂਹਰੇ ਮੂਹਰੇ ਭਜਾ ਲੈਣਾ ਤਾ ਜੋ ਸੋਟੀ ਲੱਗੇ ਨਾ ਡਰਾਉਣ ਵਾਸਤੇ ਪਰ ਮੈਂ ਕਦੇ ਆਪਣੀ ਮਾਤਾ ਮੋਹਰੇ ਮਰਨ ਤੱਕ ਬੋਲਿਆ ਨਹੀਂ ਸੀ ਨਾ ਹੀ ਕਦੇ ਵੱਡੇ ਭਰਾ ਅੱਗੇ ਬੋਲਿਆ ਅੱਜ ਪਹਿਲਾ ਦਿਨ ਹੈ ਜਦੋਂ ਕੁੱਝ ਲਿਖਣ ਨੂੰ ਜੀਅ ਨਹੀਂ ਕਰਦਾ ਮੈ ਅੱਜ ਦੁਬਾਰਾ ਉਹਨਾਂ ਬਾਬਾ ਬਲਜੀਤ ਸਿੰਘ ਦਾਦੂਵਾਲ ਸਾਹਿਬ ਅਤੇ ਉਹਨਾਂ ਸਾਰੇ ਵੀਰਾਂ ਭੈਣਾਂ ਦਾ ਧੰਨਵਾਦ ਕਰਦਾ ਹਾਂ ਜਿਹਨਾ ਨੇ ਮੇਰੀ ਗੈਰਹਾਜ਼ਰੀ ਨੂੰ ਹਾਜ਼ਰੀ ਵਿੱਚ ਬਦਲਿਆ ਮੇਰੀ ਮਾਂ ਨੂੰ ਆਪਣੇ ਕੱਧਿਆ ਉੱਪਰ ਆਖ਼ਰੀ ਰਾਸਤੇ ਦੇ ਸਫਰ ਨੂੰ ਪੂਰਾ ਕੀਤਾ ਧੰਨਵਾਦੀ ਹਾ ਉਹਨਾਂ ਮਹਾਨ ਸ਼ਖ਼ਸੀਅਤਾਂ ਸੰਤ ਜਰਨੈਲ ਸਿੰਘ ਜੀ ਦੇ ਭਝੰਗੀ ਬਾਬਾ ਈਸ਼ਰ ਸਿੰਘ ਅਤੇ ਬਹੁਤ ਵੱਡੀ ਗਿਣਤੀ ਵਿੱਚ ਮਾਤਾ ਜੀ ਦੀ ਅੰਤਿਮ ਅਰਦਾਸ ਵਿੱਚ ਹਾਜ਼ਰੀ ਭਰੀ ॥

ਆਵਾਜ਼ਿ ਕੌਮ AWAZE QAUM International Newspaper & WEB TV

## ਸੀਨੀਅਰ ਕਪਤਾਨ ਪੁਲਿਸ ਬਰਨਾਲਾ ਮੁਹੰਮਦ ਸਰਫਰਾਜ ਆਲਮ ਦੀ ਅਗਵਾਈ 'ਚ

# ਬਰਨਾਲਾ ਪੁਲਿਸ ਨੇ 50 ਲੱਖ ਦੀ ਕੀਮਤ ਦੇ ਗੁੰਮ ਹੋਏ 125 ਮੋਬਾਈਲ ਲੱਭਕੇ ਅਸਲ ਮਾਲਕਾਂ ਨੂੰ ਸੌਂਪੇ







**ਬਰਨਾਲਾ, 27 ਫਰਵਰੀ (ਆਵਾਜ਼ਿ ਕੌਮ ਬਿਊਰੋ )**-ਸੀਨੀਅਰ ਕਪਤਾਨ ਪੁਲਿਸ ਬਰਨਾਲਾ ਮੁਹੰਮਦ ਸਰਫਰਾਜ ਆਲਮ, IPS ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਦੋਂ ਕਿਸੇ ਵਿਅਕਤੀ ਦਾ ਕੋਈ ਮੋਬਾਇਲ ਫੋਨ ਗੁੰਮ ਹੋ ਜਾਦਾ ਹੈ ਤਾਂ ਉਸਨੂੰ ਆਰਥਿਕ ਨੁਕਸਾਨ ਹੋਣ ਦੇ ਨਾਲ-ਨਾਲ ਉਸਦੇ ਕੀਮਤੀ ਡਾਟਾ ਦਾ ਵੀ ਵੱਡਾ ਨੁਕਸਾਨ ਹੁੰਦਾ ਹੈ। ਲੋਕਾਂ ਦੇ ਜਾਨ ਮਾਲ ਦੀ ਰਾਖੀ ਕਰਨਾ ਪੁਲਿਸ ਦੀ ਮੁੱਖ ਡਿਊਟੀ ਹੈ, ਬਰਨਾਲਾ ਪੁਲਿਸ ਦੇ ਮਿਹਨਤੀ ਅਫਸਰਾਂ ਤੇ ਕਰਮਚਾਰੀਆਂ ਨੇ ਆਪਣੀ ਡਿਊਟੀ ਨਿਭਾਉਂਦੇ ਹੋਏ ਪੰਜਾਹ ਲੱਖ ਰੁਪਏ ਦੀ ਕੀਮਤ ਦੇ ਗੁੰਮ ਹੋਏ ਮੋਬਾਈਲ ਲੱਭਣ ਵਿੱਚ ਕਾਮਯਾਬੀ ਹਾਸਿਲ ਕੀਤੀ ਹੈ। ਜਿਸ ਕਰਕੇ ਮੁਹੰਮਦ ਸਰਫਰਾਜ ਆਲਮ ਸੀਨੀਅਰ ਕਪਤਾਨ ਪੁਲਿਸ ਬਰਨਾਲਾ ਦੇ ਦਿਸ਼ਾ ਨਿਰਦੇਸਾਂ ਹੇਠ ਬਰਨਾਲਾ ਪੁਲਿਸ ਵੱਲੋਂ ਪਬਲਿਕ ਦੇ ਗੁੰਮ ਹੋਏ ਮੋਬਾਇਲ ਫੋਨਾਂ ਨੂੰ ਟਰੇਸ ਕਰਨ ਲਈ ਸੰਦੀਪ ਸਿੰਘ PPS, ਕਪਤਾਨ ਪੁਲਿਸ (ਡੀ) ਅਤੇ ਜਤਿੰਦਰਪਾਲ ਸਿੰਘ, DSP, ਸਾਈਬਰ ਕਰਾਇਮ ਬਰਨਾਲਾ ਜੀ ਦੀ ਯੋਗ ਅਗਵਾਈ ਹੇਠ ਵਿਸ਼ੇਸ ਮੁਹਿੰਮ ਚਲਾਈ ਗਈ ਹੈ। ਇਸ ਮੁਹਿੰਮ ਦੇ ਤਹਿਤ ਪਿਛਲੇ 3 ਮਹੀਨੇ ਵਿੱਚ ਪਬਲਿਕ ਦੇ ਗੁੰਮ ਹੋਏ ਮੋਬਾਇਲ ਫੋਨਾਂ ਦੀਆਂ ਜੋ ਦਰਖਾਸਤਾਂ ਸੀਨੀਅਰ ਅਫਸਰਾਨ ਪਾਸ, 359R Portal ਅਤੇ ਪੁਲਿਸ ਸਾਂਝ ਕੇਂਦਰਾਂ ਵਿੱਚ ਪ੍ਰਾਪਤ ਹੋਈਆ ਸਨ ਉਸ ਸਬੰਧੀ ਸਬ-ਇੰਸਪੈਕਟਰ ਨਿਰਮਲਜੀਤ ਸਿੰਘ 9/3 ਸਾਇਬਰ ਸੈਲ ਬਰਨਾਲਾ ਨੇ ਸਮੇਤ ਆਪਣੀ ਟੀਮ ਨਾਲ ਟੈਕਨੀਕਲ ਢੰਗਾਂ ਦੀ ਵਰਤੋ ਕਰਦੇ ਹੋਏ ਕੁੱਲ 125 ਮੋਬਾਇਲ ਫੋਨਾਂ ਨੂੰ ਟਰੇਸ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਤਰਾਂ ਗੁੰਮ ਹੋਏ ਮੋਬਾਇਲ ਫੋਨਾਂ ਦੇ ਅਸਲੀ ਮਾਲਕਾਂ ਨੂੰ ਬੁਲਾਕੇ ਉਹਨਾ ਦੇ ਗੁੰਮ ਹੋਏ ਮੋਬਾਇਲ ਫੋਨਾਂ ਨੂੰ ਲੱਭ ਕੇ ਵਾਪਸ ਕੀਤਾ ਗਿਆ ਹੈ। ਇਸ ਤੋਂ ਇਲਾਵਾ ਬਾਕੀ ਰਹਿੰਦੇ ਮੋਬਾਇਲ ਫੋਨਾਂ ਨੂੰ ਵੀ ਜਲਦੀ ਟਰੇਸ ਕਰਕੇ ਫੋਨ ਮਾਲਕਾ ਨੂੰ ਦੇ ਦਿੱਤਾ ਜਾਵੇਗਾ। ਇਸ ਤੋ ਇਲਾਵਾ ਪਬਲਿਕ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਮੋਬਾਇਲ ਫੋਨ ਦੀ ਖਰੀਦ ਕਰਦੇ ਸਮੇਂ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਮੋਬਾਇਲ ਫੋਨ ਦਾ ਬਿੱਲ ਸਮੇਤ ਡੱਬਾ ਚੰਗੀ ਤਰਾਂ ਚੈਕ ਕਰਕੇ ਅਤੇ 9$59 ਦਾ ਮਿਲਾਣ ਕਰਕੇ ਹੀ ਖਰੀਦ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਵਿਦਿਆਰਥੀਆਂ ਨੇ ਪਿੰਡ ਵਾਸੀਆਂ ਨੂੰ ਪਾਣੀ ਅਤੇ ਹਵਾ ਪ੍ਰਦੂਸ਼ਣ ਬਾਰੇ ਜਾਗਰੂਕ ਕੀਤਾ



**ਹੁਸ਼ਿਆਰਪੁਰ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਰਿਆਤ ਬਾਹਰਾ ਕਾਲਜ ਆਫ਼ ਨਰਸਿੰਗ ਦੇ ਵਿਦਿਆਰਥੀਆਂ ਨੇ ਪਿੰਡ ਮਾਹਣਾ ਵਿੱਚ ਪਾਣੀ ਅਤੇ ਹਵਾ ਪ੍ਰਦੂਸ਼ਣ ਬਾਰੇ ਇੱਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਮੌਕੇ ਬੀ.ਐਸ.ਸੀ. ਨਰਸਿੰਗ ਦੇ 5ਵੇਂ ਸਮੈਸਟਰ ਦੇ ਵਿਦਿਆਰਥੀਆਂ ਨੇ ਰੋਲ ਪਲੇਅ ਅਤੇ ਸਿਹਤ ਭਾਸ਼ਣ ਰਾਹੀਂ ਪਿੰਡ ਵਾਸੀਆਂ ਨੂੰ ਪਾਣੀ ਅਤੇ ਹਵਾ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਵਿਦਿਆਰਥੀਆਂ ਨੇ ਪਿੰਡ ਵਾਸੀਆਂ ਨੂੰ ਸਫਾਈ, ਰਹਿੰਦ-ਖੂੰਹਦ ਪ੍ਰਬੰਧਨ, ਰੀਸਾਈਕਲਿੰਗ ਅਤੇ ਪ੍ਰਦੂਸ਼ਣ ਕੰਟਰੋਲ ਦੇ ਉਪਾਅ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਲੋਕਾਂ ਨੂੰ ਸਾਫ਼-ਸੁਥਰਾ ਵਾਤਾਵਰਣ ਬਣਾਈ ਰੱਖਣ ਅਤੇ ਕੂੜੇ ਦੇ ਨਿਪਟਾਰੇ ਦੇ ਸਹੀ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਕਾਲਜ ਪ੍ਰਿੰਸੀਪਲ ਡਾ. ਮੀਨਾਕਸ਼ੀ ਚੰਦ ਨੇ ਕਿਹਾ ਕਿ ਪਿੰਡ ਮਾਹਣਾ ਨੂੰ ਰਿਆਤ ਬਾਹਰਾ ਕਾਲਜ ਆਫ਼ ਨਰਸਿੰਗ ਨੇ ਗੋਦ ਲਿਆ ਹੈ, ਜਿਸ ਤਹਿਤ ਇਹ ਪ੍ਰੋਜੈਕਟ ਸਿਹਤ ਜਾਗਰੂਕਤਾ ਵਧਾਉਣ ਅਤੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਪਾਣੀ ਅਤੇ ਹਵਾ ਪ੍ਰਦੂਸ਼ਣ ਦੇ ਪੱਧਰ ਨੂੰ ਮਾਪਣਾ, ਇਸਦੇ ਸਰੋਤਾਂ ਦੀ ਪਛਾਣ ਕਰਨਾ ਅਤੇ ਭਾਈਚਾਰੇ ਨੂੰ ਇਸਦੇ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਹੈ। ਪਿੰਡ ਦੇ ਸਰਪੰਚ ਨੇ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਕੰਮ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਪ੍ਰੋ. ਰਜਿੰਦਰ ਕੌਰ ਅਤੇ ਪ੍ਰੋ. ਹਰਿੰਦਰ ਕੌਰ ਵੀ ਮੌਜੂਦ ਸਨ।

# ਮਿਮਿਟ ਮਲੋਟ ਦੇ ਕੰਟਰੈਕਟ ਮੁਲਾਜ਼ਮਾਂ ਵੱਲੋਂ ਧਰਨਾ ਲਾਉਣ ਬਾਬਤ ਡਾਇਰੈਕਟਰ ਮਿਮਿਟ ਨੂੰ ਦਿੱਤਾ ਮੰਗ ਪੱਤਰ




**ਮਲੋਟ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਸਰਕਾਰ ਵੱਲੋਂ ਸਥਾਪਿਤ ਸੰਸਥਾ ਮਿਮਿਟ ਮਲੋਟ ਵਿਖੇ ਅੱਜ ਪਿਛਲੇ 14 ਸਾਲਾਂ ਤੋਂ ਯੋਗ ਪ੍ਰਣਾਲੀ ਰਾਹੀਂ ਭਰਤੀ ਕੀਤੇ ਗਏ ਸਮੂਹ 35 ਕੰਟਰੈਕਟ ਮੁਲਾਜ਼ਮਾਂ ਵੱਲੋਂ ਡਾਇਰੈਕਟਰ ਮਿਮਿਟ ਮਲੋਟ , ਡਾ ਜਸਕਰਨ ਸਿੰਘ ਭੁੱਲਰ ਨੂੰ ਅੱਜ ਮਜਬੂਰ ਹੋ ਕੇ ਅਣਮਿਥੇ ਸਮੇ ਲਈ ਰੋਜ਼ ਸਵੇਰੇ 9:00 ਵਜੇ ਤੋ ਦੁਪਹਿਰ 1: 00 ਵਜੇ ਤੱਕ ਧਰਨਾ ਲਾਉਣ ਸਬੰਧੀ ਮੰਗ ਪੱਤਰ ਦਿੱਤਾ ਗਿਆ । ਇਸ ਮੰਗ ਪੱਤਰ ਵਿੱਚ ਮਿਮਿਟ ਦੇ ਕੰਟਰੈਕਟ ਮੁਲਾਜ਼ਮਾ ਨੇ ਅਪਣੀਆ ਸੇਵਾਵਾਂ ਨੂੰ ਰੈਗੂਲਰ ਕਰਨ ਸੰਬਧੀ ਇਹ ਦੱਸਿਆ ਕਿ ਅਸੀ ਯੋਗ ਪ੍ਰਣਾਲੀ ਰਾਹੀ ਭਰਤੀ ਹੋਏ ਹਾਂ ਅਤੇ ਸਾਡੀਆਂ ਸੇਵਾਵਾਂ ਰੈਗੂਲਰ ਹੋਣ ਉਪਰੰਤ ਸੰਸਥਾ ਤੇ ਕੋਈ ਵਾਧੂ ਵਿੱਤੀ ਬੋਝ ਨਹੀ ਪਵੇਗਾ ਸਮੂਹ ਕੰਟਰੈਕਟ ਮੁਲਾਜ਼ਮਾਂ ਨੇ ਇਹ ਵੀ ਦੱਸਿਆ ਕਿ ਅਸੀ ਅਪਣੀਆ ਸੇਵਾਵਾ ਨੂੰ ਰੈਗੂਲਰ ਕਰਨ ਸਬੰਧੀ ਪਿਛਲੇ 14 ਸਾਲਾ ਤੋ ਉੱਚ ਅਧਿਕਾਰੀਆ ਅਤੇ ਮਾਣਯੋਗ ਤਕਨੀਕੀ ਸਿੱਖਿਆ ਮੰਤਰੀ ਸਾਹਿਬਾਨ ਨੂੰ ਬੇਨਤੀ ਕਰ ਰਹੇ ਹਾ । ਪਰ ਅੱਜ ਤਕ ਸਾਡੀਆਂ ਸੇਵਾਵਾਂ ਨੂੰ ਰੈਗੂਲਰ ਨਹੀ ਕੀਤਾ ਗਿਆ ਇਸ ਸਮੇ ਕੰਟਰੈਕਟ ਯੂਨੀਅਨ ਦੇ ਨੁਮਾਇਦੇ ਪ੍ਰੋ: ਡਾ ਕੁਲਵੀਰ ਸਿੰਘ, ਪ੍ਰੋ: ਮੇਜਰ ਸਿੰਘ, ਇੰਜ: ਵਨੀਸ਼ ਟੰਡਨ ਅਤੇ ਮੈਡਮ ਰਿਤਿਕਾ ਧਵਨ ਨੇ ਇਹ ਵੀ ਦੱਸਿਆ ਕਿ 2010-11 ਵਿੱਚ ਪੰਜਾਬ ਸਰਕਾਰ ਦੇ ਵੱਖ-ਵੱਖ ਇੰਜੀਨੀਅਰਿੰਗ ਕਾਲਜਾਂ ਵਿੱਚ ਕੰਟਰੈਕਟ ਆਧਾਰ ਤੇ ਮੁਲਾਜ਼ਮ ਭਰਤੀ ਕੀਤੇ ਗਏ ਸਨ ਅਤੇ 2016 ਵਿੱਚ ਇੱਕ ਨੀਤੀ ਅਧੀਨ ਪੰਜਾਬ ਸਰਕਾਰ ਦੁਆਰਾ ਸਥਾਪਿਤ ਇੰਜੀਨੀਅਰਿੰਗ ਕਾਲਜਾਂ ਦੇ ਮੁਲਾਜ਼ਮਾਂ ਦੀਆਂ ਸੇਵਾਵਾ ਰੈਗੂਲਰ ਕਰ ਦਿੱਤੀਆਂ ਗਈਆਂ ਸਨ ਪਰ ਮਿਮਿਟ ਮਲੋਟ ਦੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਕੇਸ 2016 ਤੋਂ ਅੱਜ ਤੱਕ ਲਟਕਿਆ ਹੀ ਪਿਆ ਹੈ। ਇਸ ਸਬੰਧੀ ਕੰਟਰੈਕਟ ਮੁਲਾਜ਼ਮ ਤਕਨੀਕੀ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਅਤੇ ਮੰਤਰੀ ਸਾਹਿਬਾਨ ਨੂੰ ਵਾਰ-ਵਾਰ ਮਿਲੇ ਪਰ ਸਭ ਵੱਲੋਂ ਸਿਰਫ ਲਾਰੇ ਹੀ ਮਿਲੇ। ਜੇਕਰ ਮਿੱਥੇ ਸਮੇ ਦੌਰਾਨ ਮੁਲਜ਼ਮਾਂ ਨੂੰ ਪੱਕੇ ਕਰਨ ਲਈ ਜਲਦ ਤੋਂ ਜਲਦ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਪੂਰੇ ਮਲੋਟ ਸ਼ਹਿਰ ਵਿੱਚ ਕਾਲੇ ਝੰਡੇ ਲੈ ਕੇ ਰੋਸ ਮੁਜ਼ਾਹਰੇ ਕੀਤੇ ਜਾਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਲਾਅ ਦੇ ਵਿਦਿਆਰਥੀਆਂ ਨੇ ਕੀਤਾ ਕੋਰਟ ਦਾ ਦੌਰਾ



**ਗਿੱਦੜਬਾਹਾ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੁਰੂ ਗੋਬਿੰਦ ਸਿੰਘ ਲਾਅ ਕਾਲਜ ਗਿੱਦੜਬਾਹਾ ਦੇ ਬੀਐਲਐਲਬੀ ਆਨਰਜ਼ ਦੇ ਵਿਦਿਆਰਥੀਆਂ ਨੇ ਬਾਰ ਐਸੋਸੀਏਸ਼ਨ ਗਿੱਦੜਬਾਹਾ ਦੇ ਪ੍ਰਧਾਨ ਐਡਵੋਕੇਟ ਸਤਵੀਰ ਸਿੰਘ ਔਲਖ ਅਤੇ ਮੀਤ ਪ੍ਰਧਾਨ ਐਡਵੋਕੇਟ ਕੰਵਰ ਹੰਸਪਾਲ ਦੀ ਅਗਵਾਈ ਹੇਠ ਗਿੱਦੜਬਾਹਾ ਕੋਰਟ ਦਾ ਦੌਰਾ ਕੀਤਾ। ਇਸ ਮੌਕੇ ਬੱਚਿਆਂ ਨੇ ਸੀਨੀਅਰ ਸਿਵਲ ਜੱਜ ਸ੍ਰੀ ਹਿਮਾਂਸ਼ੂ ਅਰੋੜਾ ਅਤੇ ਜੁਡੀਸ਼ੀਅਲ ਮੈਜਿਸਟਰੇਟ ਮੈਡਮ ਏਕਤਾ ਜੀ ਤੋਂ ਕਾਨੂੰਨੀ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ। ਹਿਮਾਂਸ਼ੂ ਅਰੋੜਾ ਜੀ ਨੇ ਬੱਚਿਆਂ ਨੂੰ ਕਾਨੂੰਨ ਦੇ ਖੇਤਰ ਵਿੱਚ ਸਖ਼ਤ ਮਿਹਨਤ ਕਰਨ ਦਾ ਮੰਤਰ ਦਿੱਤਾ। ਐਡਵੋਕੇਟ ਔਲਖ ਨੇ ਵਿਦਿਆਰਥੀਆਂ ਨੂੰ ਅਦਾਲਤ ਦੇ ਅਧਿਕਾਰ ਖੇਤਰ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਬਖਸ਼ੀਖਾਨਾ ਦਾ ਦੌਰਾ ਵੀ ਕੀਤਾ ਅਤੇ ਉਥੇ ਮੌਜੂਦ ਕੈਦੀਆਂ ਨਾਲ ਗੱਲਬਾਤ ਵੀ ਕੀਤੀ। ਸੀਨੀਅਰ ਐਡਵੋਕੇਟ ਗੋਪਾਲ ਬਾਘਲਾ ਜੀ ਨੇ ਵਿਦਿਆਰਥੀਆਂ ਨੂੰ ਅਭਿਆਸ ਦੌਰਾਨ ਧਿਆਨ ਵਿੱਚ ਰੱਖਣ ਵਾਲੀਆਂ ਗੱਲਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬੱਚਿਆਂ ਸਮੇਤ ਸੀਨੀਅਰ ਐਡਵੋਕੇਟ ਗੁਰਮੀਤ ਮਾਨ, ਮੈਡਮ ਮੇਘਾ ਮਿੱਢਾ, ਮੈਡਮ ਸ਼ਾਲਿਨੀ, ਮੈਡਮ ਮਨਪ੍ਰੀਤ ਕੌਰ ਅਤੇ ਮੈਡਮ ਮਿੱਕੀ ਗੁਪਤਾ ਹਾਜ਼ਰ ਸਨ। ਵਿਦਿਆਰਥਣ ਪ੍ਰਨੀਤ ਕੌਰ ਨੇ ਬਾਰ ਰੂਮ ਵਿੱਚ ਲਾਅ ਕਾਲਜ ਤੋਂ ਆਏ ਸਾਰੇ ਜੱਜਾਂ ਅਤੇ ਵਕੀਲਾਂ ਦਾ ਧੰਨਵਾਦ ਕੀਤਾ।

# ਬਾਬਾ ਅਮਰਨਾਥ ਸੇਵਾ ਦਲ ਰਜਿਸਟਰ ਮਲੋਟ ਵੱਲੋਂ ਦਿਲ ਦੇ ਰੋਗਾਂ ਸਬੰਧੀ ਕੈਂਪ ਲਗਾਇਆ



**ਮਲੋਟ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਬਾਬਾ ਅਮਰਨਾਥ ਸੇਵਾ ਦਲ ਰਜਿਸਟਰ ਮਲੋਟ ਵੱਲੋਂ ਲਗਾਏ ਗਏ ਦਿਲ ਦੀਆਂ ਬਿਮਾਰੀਆਂ ਸਬੰਧੀ ਕੈਂਪ ਵਿੱਚ 150 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ। ਇਸ ਕੈਂਪ ਦੀ ਸ਼ੁਰੂਆਤ ਮੁਨੀਸ਼ ਵਰਮਾ ਮੀਨੂੰ ਭਾਂਡਾ ਦੇ ਪਰਿਵਾਰਕ ਮੈਂਬਰਾਂ ਭਰਾ ਪ੍ਰਿਤਪਾਲ ਵਰਮਾ, ਭੋਲਾ ਵਰਮਾ ਅਤੇ ਪੁੱਤਰ ਹਰਸ਼ਿਤ ਵਰਮਾ ਵਲੋਂ ਕੀਤੀ ਗਈ। ਮਹਾਂਵੀਰ ਗਊਸ਼ਾਲਾ ਦੇ ਮੁੱਖ ਸੇਵਕ ਪੰਡਿਤ ਸੰਦੀਪ ਯੂਰੀ ਵਲੋਂ ਸ਼ਿਵਰਾਤਰੀ ਮੌਕੇ ਸਮਾਜ ਸੇਵੀ ਮੁਨੀਸ਼ ਵਰਮਾ ਮੀਨੂੰ ਭਾਂਡਾ ਦੀ ਯਾਦ ਨੂੰ ਤਾਜ਼ਾ ਰੱਖਦੇ ਹੋਏ ਇਸ ਪਰਉਪਕਾਰੀ ਕੰਮ ਦੀ ਸ਼ਲਾਘਾ ਕੀਤੀ । ਇਸ ਮੌਕੇ ਕ੍ਰਿਸਟਲ ਹੈਲਥ ਕੇਅਰ ਬਠਿੰਡਾ ਦੇ ਦਿਲ ਦੀਆਂ ਬਿਮਾਰੀਆਂ ਦੇ ਮਾਹਿਰ ਡਾ ਪ੍ਰਿੰਸ ਗਰਗ ਡੀ ਐਮ (ਕਾਰਡੀਓਲੋਜੀ) ਵਲੋਂ ਚੈੱਕਅਪ ਵਾਸਤੇ ਆਏ ਮਰੀਜ਼ਾਂ ਨੂੰ ਹਾਰਟ ਅਟੈਕ ਦੇ ਲੱਛਣਾਂ ਨੂੰ ਪਹਿਚਾਨਣ ਤੇ ਇਸ ਤੋਂ ਬਚਾਅ ਦੇ ਉਪਾਅ ਦੱਸੇ। ਇਸ ਮੌਕੇ ਸਮਾਜ ਸੇਵੀ ਸੰਸਥਾਵਾਂ ਦੇ ਕੋਆਰਡੀਨੇਟਰ ਮਨੋਜ਼ ਅਸੀਜਾ ਨੇ ਬਾਬਾ ਅਮਾਰਨਾਥ ਸੇਵਾ ਦਲ ਵਲੋਂ ਮੁਨੀਸ਼ ਵਰਮਾ ਮੀਨੂੰ ਭਾਂਡਾ ਦੀ ਯਾਦ ਵਿਚ ਮਾਨਵਤਾ ਨੂੰ ਸਮਰਪਿਤ ਕੀਤੇ ਗਏ। ਇਸ ਉੱਦਮ ਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਅਪੀਲ ਕੀਤੀ। ਇਸ ਮੌਕੇ ਮਰਜਾਂ ਦੀ ਰਜਿਸਟ੍ਰੇਸ਼ਨ ਚੈੱਕਅਪ ਅਤੇ ਉਨ੍ਹਾਂ ਦੇ ਟੈੱਸਟ ਆਦਿ ਕਰਵਾਉਣ ਵਿਚ ਬਠਿੰਡਾ ਟੀਮ ਦੇ ਇੰਚਾਰਜ ਵਰਿਆਮ ਸਿੱਧੂ ਅਤੇ ਸੇਵਾਦਾਰਾਂ ਸੈਕਟਰੀ ਸੁਰੇਸ਼ ਚੀਟੂ, ਰਾਕੇਸ਼ ਬਾਂਸਲ, ਰਾਜਿੰਦਰ ਬਿੱਟਾ ,ਬੰਟੀ ਗਰੋਵਰ, ਸੰਜੀਵ ਤਿੰਨਾਂ, ਲਵਲੀ ਚਾਰਲੀ, ਸਤੀਸ਼ ਸੇਠੀ,ਮੋਤੀ ਸਿਡਾਨਾ, ਗਗਨ ਨਾਗਪਾਲ,ਸੋਹਣ ਲਾਲ ਗੂੰਬਰ,ਰਮਨ ਛਾਬੜਾ,ਮਿੱਠੂ ਮੱਕੜ, ਵਿੱਕੀ ਚਲਾਣਾ, ਹਰਪਾਲ ਵਿੱਕੀ ਆਦਿ ਵਲੋਂ ਯੋਗਦਾਨ ਪਾਇਆ ਗਿਆ। ਇਸ ਮੌਕੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਸ਼ਿਵਪੁਰੀ ਦੇ ਜੰਗ ਬਾਜ ਸ਼ਰਮਾ, ਭਾਰਤ ਵਿਕਾਸ ਪ੍ਰੀਸ਼ਦ ਦੇ ਰਾਜਿੰਦਰ ਪਪਨੇਜਾ, ਸੁਰਿੰਦਰ ਮਦਾਨ,ਭੋਲੇ ਕੀ ਫੌਜ ਦੇ ਰਾਹੁਲ ਗਗਨੇਜਾ,ਖੱਤਰੀ ਸਭਾ ਦੇ ਰਾਜੀਵ ਬਾਵਾ, ਨਰਸਿੰਘ ਦਾਸ ਚਲਾਣਾ, ਕ੍ਰਿਸ਼ਨਾ ਸੇਵਾ ਦਲ ਦੇ ਰਾਮ ਗੋਦਾਰਾ, ਸੰਦੀਪ ਮਲੂਜਾ,ਬੰਟੀ ਛਾਬੜਾ,ਅਮਨ ਵਰਮਾ,ਰਘੂ ਵਰਮਾ, ਆਸ਼ੂ ਗਗਨੇਜਾ ਆਦਿ ਹਾਜ਼ਰ ਸਨ।